ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 8 ਜਨਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੨੪ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਕੌਮੀ ਇਨਸਾਫ਼ ਮੋਰਚੇ ਦਾ ਚੰਡੀਗੜ੍ਹ ’ਚ ਪ੍ਰਦਰਸ਼ਨ

# ਹੋਈ ਝੜਪ, ਕਈ ਜ਼ਖ਼ਮੀ, ਹਿਰਾਸਤ ’ਚ ਲਏ ਪ੍ਰਦਰਸ਼ਨਕਾਰੀ

**ਚੰਡੀਗੜ੍ਹ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਕੌਮੀ ਇਨਸਾਫ਼ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਲੰਬੇ ਸਮੇਂ ਤੋਂ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਇਸ ਮੌਕੇ ਮੋਰਚੇ ਵੱਲੋਂ ਚੰਡੀਗੜ੍ਹ ਵੱਲ ਕੂਚ ਕੀਤਾ ਗਿਆ, ਇਸ ਮੌਕੇ ਉਨ੍ਹਾਂ ਦੀ ਪੁਲਿਸ ਨਾਲ ਝੜਪ ਵੀ ਹੋ ਗਈ ਜਿਸ ਤੋਂ ਬਾਅਦ ਕਈ ਆਗੂਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਇਸ ਮੌਕੇ ਪੁਲਿਸ ਵੱਲੋਂ ਪ੍ਰਦਰਸ਼ਨਕਾਰੀਆਂ ਉੱਤੇ ਲਾਠੀਚਾਰਜ ਕੀਤਾ ਗਿਆ ਹੈ। ਦੱਸ ਦਈਏ ਕਿ ਪ੍ਰਦਰਸ਼ਨਕਾਰੀ ਚੋਰੀ ਛੁਪੇ ਚੰਡੀਗੜ੍ਹ ਦੇ ਸੈਕਟਰ 43 ਵਿਚਾਲੇ ਦਖ਼ਲ ਹੋ ਗਏ ਜਿਸ ਤੋਂ ਬਾਅਦ ਉਨ੍ਹਾਂ ਵੱਲੋਂ ਸੜਕ ਜਾਮ ਕਰਕੇ ਪ੍ਰਦਰਸ਼ਨ ਕੀਤਾ ਗਿਆ, ਇਸ ਮੌਕੇ ਬਹਿਸ ਤੋਂ ਬਾਅਦ ਪ੍ਰਦਰਸ਼ਨਕਾਰੀਆਂ ਨਾਲ ਝੜਪ ਹੋ ਗਈ ਜਿਸ ਤੋਂ ਬਾਅਦ ਕਈਆਂ ਨੂੰ ਹਿਰਾਸਤ ਵਿੱਚ ਵੀ ਲਿਆ ਗਿਆ ਹੈ। ਪ੍ਰਦਰਸ਼ਨਕਾਰੀਆਂ ਨੂੰ 4 ਬੱਸਾਂ ਵਿੱਚ ਥਾਣੇ ਲਿਜਾਇਆ ਗਿਆ। ਇਸ ਤੋਂ ਬਾਅਦ ਪ੍ਰਦਰਸ਼ਨਕਾਰੀਆਂ ਨੇ ਵਾਪਸ ਪਰਤਣ ਦਾ ਐਲਾਨ ਕਰ ਦਿੱਤਾ। ਪ੍ਰਦਰਸ਼ਨਕਾਰੀਆਂ ਨੂੰ ਮੁੜ ਮਾਰਚ ਕਰਨ ਤੋਂ ਰੋਕਣ ਲਈ ਪੁਲੀਸ ਨੇ ਚੰਡੀਗੜ੍ਹ-ਮੋਹਾਲੀ ਸਰਹੱਦ ’ਤੇ 5 ਲੇਅਰ ਬੈਰੀਕੇਡ ਬਣਾ ਦਿੱਤੇ ਹਨ। ਪੱਥਰਾਂ ਨਾਲ ਭਰੇ ਟਿੱਪਰ ਵੀ ਖੜ੍ਹੇ ਕਰ ਦਿੱਤੇ ਗਏ ਹਨ। ਇਸ ਮੌਕੇ ਨਿਹੰਗ ਜਥੇਬੰਦੀ ਦੇ ਆਗੂ ਨੇ ਕਿਹਾ ਕਿ ਉਨ੍ਹਾ ਵੱਲੋਂ 25 ਜਨਵਰੀ ਨੂੰ ਮਹਾਪੰਚਾਇਤ ਸੱਦੀ ਜਾਵੇਗੀ, ਉਨ੍ਹਾਂ ਕਿਹਾ ਕਿ ਜੇ 26 ਜਨਵਰੀ ਤੱਕ ਬੰਦੀ ਸਿੰਘਾਂ ਨੂੰ ਨਾ ਛੱਡਿਆ ਗਿਆ ਤਾਂ ਅਗਲੀ ਰਣਨੀਤੀ ਉਲੀਕੀ ਜਾਵੇਗੀ। ਉਨ੍ਹਾਂ ਇਸ ਮੌਕੇ ਆਪਣੇ ਸਾਥੀਆਂ ਨੂੰ ਵਾਪਸ ਆਉਣ ਦੀ ਅਪੀਲ ਕੀਤੀ ਹੈ ਇਸ ਮੌਕੇ ਪੰਜਾਬ ਤੇ ਚੰਡੀਗੜ੍ਹ ਦੇ ਸੀਨੀਅਰ ਪੁਲਿਸ ਵੀ ਪੁੱਜੇ ਹਨ। ਉਨ੍ਹਾਂ ਨੇ ਇਸ ਮੌਕੇ ਜਥੇਬੰਦੀਆਂ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ ਹੈ ਕਿ ਕਾਨੂੰਨ ਨੂੰ ਹੱਥ ਵਿੱਚ ਨਾ ਲਿਆ ਜਾਵੇ ਜਿਸ ਤੋਂ ਬਾਅਦ ਉਨ੍ਹਾਂ ਵੱਲੋਂ ਵਾਪਸ ਜਾਣ ਦਾ ਫੈਸਲਾ ਲਿਆ ਗਿਆ ਹੈ। ਜ਼ਿਕਰ ਕਰ ਦਈਏ ਕਿ ਬੰਦੀ ਸਿੱਖਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਲੋਕਾਂ ਨੇ ਮੰਗਲਵਾਰ ਨੂੰ ਚੰਡੀਗੜ੍ਹ ਵੱਲ ਮਾਰਚ ਕਰਨ ਦੀ ਕੋਸ਼ਿਸ਼ ਕੀਤੀ। ਕੌਮੀ ਇਨਸਾਫ ਮੋਰਚੇ ਦੇ 2 ਸਾਲ ਪੂਰੇ ਹੋਣ ’ਤੇ ਮੋਹਾਲੀ ’ਚ ਇੱਕ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਕੁਝ ਪ੍ਰਦਰਸ਼ਨਕਾਰੀ ਪੁਲਿਸ ਨੂੰ ਚਕਮਾ ਦੇ ਕੇ ਚੰਡੀਗੜ੍ਹ ਵਿੱਚ ਦਾਖ਼ਲ ਹੋ ਗਏ। ਚੰਡੀਗੜ੍ਹ ਦੀ ਐਸਐਸਪੀ ਕੰਵਰਦੀਪ ਕੌਰ ਤੇ ਹੋਰ ਅਧਿਕਾਰੀ ਸੈਕਟਰ 43 ਵਿੱਚ ਧਰਨਾਕਾਰੀਆਂ ਨੂੰ ਰੋਕਿਆ। ਪੁਲਿਸ ਨੇ ਉਨ੍ਹਾਂ ’ਤੇ ਲਾਠੀਚਾਰਜ ਕੀਤਾ ਤੇ ਅੱਥਰੂ ਗੈਸ ਦੇ ਗੋਲੇ ਵੀ ਛੱਡੇ। ਜਥੇਬੰਦੀ ਦੇ ਆਗੂ ਬਾਬਾ ਸ਼ੇਰ ਸਿੰਘ ਨੇ ਕਿਹਾ-‘25 ਜਨਵਰੀ ਨੂੰ ਮੁਹਾਲੀ ਵਿੱਚ ਮਹਾਂਪੰਚਾਇਤ ਹੋਵੇਗੀ, ਜਿਸ ਵਿੱਚ ਬੰਦੀ ਸਿੱਖਾਂ ਦੀ ਰਿਹਾਈ ਦਾ ਮੁੱਦਾ ਉਠਾਇਆ ਜਾਵੇਗਾ। ਮਹਾਪੰਚਾਇਤ ’ਚ ਦੇਸ਼ ਭਰ ਤੋਂ ਵੱਡੇ ਨੇਤਾ ਪਹੁੰਚਣਗੇ। ਜ਼ਿਕਰ ਕਰ ਦਈਏ ਕਿ ਦੂਜੇ ਪਾਸੇ ਖਡੂਰ ਸਾਹਿਬ ਸੀਟ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਮਾਤਾ-ਪਿਤਾ ਨੂੰ ਘਰ ’ਚ ਨਜ਼ਰਬੰਦ ਕਰ ਦਿੱਤਾ ਗਿਆ ਹੈ। ਉਨ੍ਹਾਂ ਤੋਂ ਇਲਾਵਾ ਫ਼ਰੀਦਕੋਟ ਤੋਂ ਸੰਸਦ ਮੈਂਬਰ ਸਰਬਜੀਤ ਸਿੰਘ ਖਾਲਸਾ ਤੇ ਸੰਗਰੂਰ ਦੇ ਸਾਬਕਾ ਸੰਸਦ ਮੈਂਬਰ ਸਿਮਰਨਜੀਤ ਸਿੰਘ ਮਾਨ ਨੂੰ ਨਜ਼ਰਬੰਦ ਕਰ ਦਿੱਤਾ ਗਿਆ ਹੈ। ਤਿੰਨੋਂ ਕੌਮੀ ਇਨਸਾਫ਼ ਮੋਰਚਾ ਦੇ ਧਰਨੇ ਵਿੱਚ ਹਿੱਸਾ ਲੈਣ ਜਾ ਰਹੇ ਸਨ।



## ਅੰਮ੍ਰਿਤਪਾਲ ਸਿੰਘ ਦੀ ਪਾਰਟੀ ਨੇ ਲਿਆਂਦਾ ਸਿਆਸੀ ਭੂਚਾਲ! ਐਲਾਨ ਤੋਂ ਪਹਿਲਾਂ ਹੀ ਐਕਸ਼ਨ ਮੋਡ ’ਚ ਪੁਰਾਣੀਆਂ ਪਾਰਟੀਆਂ

**ਨਵੀਂ ਦਿੱਲੀ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਵੱਲੋਂ ਮਾਘੀ ਮੇਲੇ ਮੌਕੇ ਨਵੀਂ ਪੰਥਕ ਪਾਰਟੀ ਬਣਾਉਣ ਦਾ ਐਲਾਨ ਕਰਨ ਮਗਰੋਂ ਪੰਜਾਬ ਵਿੱਚ ਸਿਆਸੀ ਉਬਾਲ ਆ ਗਿਆ ਹੈ। ਇੱਕ ਪਾਸੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਬਾਦਲ ਨੇ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਹਮਾਇਤੀਆਂ ਖਿਲਾਫ ਖੁੱਲ੍ਹ ਕੇ ਹਮਲਾ ਬੋਲਿਆ ਹੈ ਤੇ ਦੂਜੇ ਪਾਸੇ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਐਕਸ਼ਨ ਮੋਡ ਵਿੱਚ ਆ ਗਈ ਹੈ। ਇਸ ਤੋਂ ਤੈਅ ਹੈ ਕਿ ਸ਼੍ਰੋਮਣੀ ਅਕਾਲੀ ਦਲ ਤੇ ਆਮ ਆਦਮੀ ਪਾਰਟੀ ਨੂੰ ਅੰਮ੍ਰਿਤਪਾਲ ਸਿੰਘ ਦੀਆਂ ਸਿਆਸੀ ਸਰਗਰਮੀਆਂ ਰਾਸ ਨਹੀਂ ਆ ਰਹੀਆਂ। ਅੱਜ ਸਵੇਰੇ ਹੀ ਪੰਜਾਬ ਪੁਲਿਸ ਨੇ ਅੰਮ੍ਰਿਤਪਾਲ ਸਿੰਘ ਦੇ ਪਿੰਡ ਨੂੰ ਪੁਲਿਸ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਤੇ ਉਨ੍ਹਾਂ ਦੇ ਪਿਤਾ ਤਰਸੇਮ ਸਿੰਘ ਨੂੰ ਘਰ ਅੰਦਰ ਹੀ ਨਜ਼ਰਬੰਦ ਕਰ ਦਿੱਤਾ। ਤਰਸੇਮ ਸਿੰਘ ਨੇ ਕਿਹਾ, “ਇਹ ਬਹੁਤ ਵੱਡੀ ਧੱਕੇਸ਼ਾਹੀ ਹੈ। ਅਸੀਂ ਕੌਮੀ ਇਨਸਾਫ ਮੋਰਚੇ ਵਿੱਚ ਜਾਣ ਵਾਸਤੇ ਸੋਚ ਰਹੇ ਸੀ ਤੇ ਸਾਨੂੰ ਪੁਲਿਸ ਨੇ ਚਾਰੇ ਪਾਸਿਆਂ ਘੇਰਾ ਪਾ ਲਿਆ ਗਿਆ ਹੈ।” ਉਨ੍ਹਾਂ ਕਿਹਾ ਕਿ ‘ਲੋਕਤੰਤਰ ਵਿੱਚ’ ਉਨ੍ਹਾਂ ਨਾਲ ਬਹੁਤ ਧੱਕਾ ਹੋ ਰਿਹਾ ਹੈ। ਉਨ੍ਹਾਂ ਕਿਹਾ, “ਇਹੋ ਜਿਹੇ ਹਾਲਾਤ ਪੈਦਾ ਕੀਤੇ ਜਾ ਰਹੇ ਹਨ ਕਿ ਅਸੀਂ ਧੱਕੇਸ਼ਾਹੀ ਖਿਲਾਫ ਆਵਾਜ਼ ਵੀ ਨਹੀਂ ਬੁਲੰਦ ਕਰ ਸਕਦੇ।” ਉਧਰ, ਸੁਖਬੀਰ ਬਾਦਲ ਨੇ ਕਿਹਾ ਹੈ ਕਿ ਮਾਘੀ ਮੇਲੇ ਮੌਕੇ ਜੋ ਨਵੀਂ ਪਾਰਟੀ ਬਣਾਈ ਜਾ ਰਹੀ ਹੈ, ਇਹ ਸਭ ਕੁਝ ਸ਼੍ਰੋਮਣੀ ਅਕਾਲੀ ਦਲ ਨੂੰ ਕਮਜ਼ੋਰ ਕਰਨ ਦੀ ਨੀਤੀ ਤਹਿਤ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਅਕਾਲੀ ਦਲ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਸਰਵਉੱਚ ਹੈ ਪਰ ਇਹ ਲੋਕ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰਾਂ ਨੂੰ ਨਹੀਂ ਮੰਨਦੇ। ਉਨ੍ਹਾਂ ਨੇ ਆਪਣੇ ਹੀ ਜਥੇਦਾਰ ਨਿਯੁਕਤ ਕੀਤੇ ਹੋਏ ਹਨ। ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦਾ ਨਾਂ ਲਏ ਬਿਨਾਂ ਸੁਖਬੀਰ ਬਾਦਲ ਨੇ ਕਿਹਾ ਕਿ ਪ੍ਰਕਾਸ਼ ਸਿੰਘ ਬਾਦਲ ਨੇ 16 ਸਾਲ ਜੇਲ੍ਹ ਕੱਟੀ ਹੈ ਤੇ ਇੱਥੇ ਇੱਕ ਸਾਲ ਦੇ ਅੰਦਰ ਹੀ ਚੀਕਾਂ ਨਿਕਲ ਗਈਆਂ ਹਨ।



## ਪੰਜਾਬ ’ਚ 13 ਜਨਵਰੀ ਨੂੰ ਲੈ ਕੇ ਹੋ ਗਿਆ ਵੱਡਾ ਐਲਾਨ



**ਪਟਿਆਲਾ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼ੰਭੂ ਬਾਰਡਰ ਵਿਖੇ 326 ਦਿਨਾਂ ਤੋਂ ਲਗਾਤਾਰ ਕਿਸਾਨੀ ਮਸਲਿਆਂ ਦੇ ਨਿਪਟਾਰੇ ਲਈ ਚੱਲ ਰਹੇ ਕਿਸਾਨ ਅੰਦੋਲਨ-2 ’ਚ ਸੰਘਰਸ਼ ਕਰ ਰਹੇ ਕਿਸਾਨਾਂ ਵੱਲੋਂ ਜਿਥੇ ਸ਼ੰਭੂ ਮੋਰਚੇ ’ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 359ਵਾਂ ਪ੍ਰਕਾਸ਼ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ, ਉੱਥੇ ਹੀ ਐਲਾਨ ਕੀਤਾ ਗਿਆ ਕਿ 13 ਜਨਵਰੀ ਨੂੰ ਲੋਹੜੀ ਵਾਲੇ ਦਿਨ ਕੇਂਦਰ ਵੱਲੋਂ ਜਾਰੀ ਖੇਤੀ ਮਾਰਕੀਟਿੰਗ ਡਰਾਫਟ ਦੇ ਖਰੜੇ ਨੂੰ ਪੂਰੇ ਦੇਸ਼ ਭਰ ’ਚ ਫੂਕਿਆ ਜਾਵੇਗਾ। ਇਸ ਮੌਕੇ ਮੋਰਚੇ ’ਤੇ ਮੌਜੂਦ ਕਿਸਾਨਾਂ ਤੋਂ ਇਲਾਵਾ ਇਲਾਕੇ ਦੇ ਪਿੰਡਾਂ ’ਚੋਂ ਸੰਗਤ ਨੇ ਸ਼ਿਰਕਤ ਕੀਤੀ, ਜਿੱਥੇ ਮੰਚ ਤੋਂ ਪੂਰੇ ਦੇਸ਼ ਵਾਸੀਆਂ ਨੂੰ ਫੋਰਮ ਦੇ ਲੀਡਰਾਂ ਨੇ ਵਧਾਈਆਂ ਦਿੱਤੀਆਂ, ਉੱਥੇ ਗੁਰੂ ਸਾਹਿਬ ਵੱਲੋਂ ਦਿਖਾਏ ਰਸਤੇ ’ਤੇ ਚੱਲਣ ਦੀ ਵੀ ਪ੍ਰੇਰਨਾ ਦਿੱਤੀ। ਮੋਰਚੇ ’ਤੇ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਕੇਂਦਰ ਸਰਕਾਰ ਵੱਲੋਂ ਕਿਸਾਨੀ ਸੰਘਰਸ਼ ਅਤੇ ਮਰਨ ਵਰਤ ’ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਬਾਰੇ ਦਿਖਾਏ ਅਤੇ ਅਪਣਾਏ ਨਜ਼ਰੀਏ ਦੀ ਨਿਖੇਧੀ ਕੀਤੀ। ਕੇਂਦਰ ਸਰਕਾਰ ਵੱਲੋਂ ਜਾਰੀ ਖੇਤੀਬਾੜੀ ਮਾਰਕੀਟਿੰਗ ਡਰਾਫਟ ’ਤੇ ਬੋਲਦਿਆਂ ਕਿਸਾਨ ਆਗੂਆਂ ਨੇ ਦੱਸਿਆ ਕਿ ਕਿਸ ਤਰ੍ਹਾਂ ਇਹ ਨਵੀਂ ਡਰਾਫਟ ਪਾਲਿਸੀ ਕਿਸਾਨੀ ਹਿੱਤਾਂ ਦੇ ਖ਼ਿਲਾਫ ਹੈ। ਉਨ੍ਹਾਂ ਐਲਾਨ ਕੀਤਾ ਕਿ ਆਉਣ ਵਾਲੀ 13 ਜਨਵਰੀ ਨੂੰ ਲੋਹੜੀ ਵਾਲੇ ਦਿਨ ਕੇਂਦਰ ਵੱਲੋਂ ਜਾਰੀ ਖੇਤੀ ਮਾਰਕੀਟਿੰਗ ਡਰਾਫਟ ਦੇ ਖਰੜੇ ਨੂੰ ਪੂਰੇ ਦੇਸ਼ ਭਰ ’ਚ ਫੂਕਿਆ ਜਾਵੇ। ਇਸ ਦੇ ਨਾਲ-ਨਾਲ ਮੋਰਚੇ ਵੱਲੋਂ 10 ਜਨਵਰੀ ਨੂੰ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਦੇ ਪ੍ਰਤੀ ਅਪਣਾਏ ਗਏ ਰੁੱਖ ਦੇ ਵਿਰੋਧ ’ਚ ਦੇਸ਼ ਭਰ ’ਚ ਮੋਦੀ ਸਰਕਾਰ ਦੇ ਪੁਤਲੇ ਫੂਕਣ ਦਾ ਐਲਾਨ ਕੀਤਾ ਗਿਆ।

## ਸਿੱਖ ਕਤਲੇਆਮ ਮਾਮਲੇ ’ਚ ਕਾਂਗਰਸੀ ਆਗੂ ਸੱਜਣ ਕੁਮਾਰ, ਬਲਰਾਮ ਖੋਖਰ ਦੀ ਸੁਪਰੀਮ ਕੋਰਟ ਵੱਲੋਂ ਰਿਹਾਈ ਦੀ ਅਪੀਲ ਖਾਰਿਜ

### ਸਜ਼ਾ ਵਿਰੁੱਧ ਦੋਵਾਂ ਦੀ ਅਪੀਲ ’ਤੇ ਜੁਲਾਈ ’ਚ ਹੋਵੇਗੀ ਅਖੀਰਲੀ ਸੁਣਵਾਈ

ਨਵੀਂ ਦਿੱਲੀ 7 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- 1984 ਸਿੱਖ ਕਤਲੇਆਮ ਦੇ ਕੇਸ ਵਿਚ ਉਮਰ ਕੈਦ ਦੀ ਸਜ਼ਾ ਭੁਗਤ ਰਹੇ ਕਾਂਗਰਸੀ ਆਗੂਆਂ ਸੱਜਣ ਕੁਮਾਰ ਅਤੇ ਬਲਵਾਨ ਖੋਖਰ ਦੀ ਸਜ਼ਾ ਨੂੰ ਮੁਲਤਵੀ ਕਰਣ ਦੀ ਅਪੀਲ ਨੂੰ ਸੁਪਰੀਮ ਕੋਰਟ ਨੇ ਰੱਦ ਕਰ ਦਿੱਤਾ ਹੈ। ਅਦਾਲਤ ਨੇ ਕਿਹਾ ਹੈ ਕਿ ਉਹ ਸਜ਼ਾ ਵਿਰੁੱਧ ਦੋਵਾਂ ਦੀ ਅਪੀਲ ’ਤੇ ਜੁਲਾਈ ’ਚ ਅੰਤਿਮ ਸੁਣਵਾਈ ਕਰੇਗੀ। ਜੇਕਰ ਸੁਣਵਾਈ ਨਹੀਂ ਹੁੰਦੀ ਤਾਂ ਦੋਵੇਂ ਅਦਾਲਤ ਨੂੰ ਸਜ਼ਾ ਮੁਲਤਵੀ ਕਰਨ ਦੀ ਬੇਨਤੀ ਕਰ ਸਕਦੇ ਹਨ।



ਜਿਕਰਯੋਗ ਹੈ ਕਿ 17 ਦਸੰਬਰ 2018 ਨੂੰ ਦਿੱਲੀ ਹਾਈ ਕੋਰਟ ਨੇ ਸਿੱਖ ਕਤਲੇਆਮ ਦੇ ਇੱਕ ਕੇਸ ਵਿੱਚ ਸੱਜਣ ਕੁਮਾਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਸੀ। ਇਸ ਦੌਰਾਨ ਸਾਬਕਾ ਜਲ ਸੈਨਾ ਅਧਿਕਾਰੀ ਭਾਗਮਲ ਤੋਂ ਇਲਾਵਾ ਸਾਬਕਾ ਕਾਂਗਰਸੀ ਕੌਂਸਲਰ ਬਲਵਾਨ ਖੋਖਰ, ਗਿਰਧਾਰੀ ਲਾਲ ਅਤੇ ਦੋ ਹੋਰਾਂ ਨੂੰ ਹੇਠਲੀ ਅਦਾਲਤ ਵੱਲੋਂ ਸੁਣਾਈ ਗਈ ਸਜ਼ਾ ਨੂੰ ਹਾਈ ਕੋਰਟ ਨੇ ਬਰਕਰਾਰ ਰੱਖਿਆ ਸੀ। ਸੱਜਣ ਕੁਮਾਰ ਨੇ 31 ਦਸੰਬਰ 2018 ਨੂੰ ਕੜਕੜਡੂਮਾ ਅਦਾਲਤ ਵਿੱਚ ਆਤਮ ਸਮਰਪਣ ਕੀਤਾ ਸੀ। ਜਿਸ ਮਾਮਲੇ ਵਿੱਚ ਇਨ੍ਹਾਂ ਲੋਕਾਂ ਨੂੰ ਸਜ਼ਾ ਹੋਈ ਹੈ ਉਹ ਦਿੱਲੀ ਦੇ ਰਾਜ ਨਗਰ ਇਲਾਕੇ ਵਿੱਚ 5 ਸਿੱਖਾਂ ਦੇ ਕਤਲ ਦਾ ਹੈ। ਇਸ ਤੋਂ ਪਹਿਲਾਂ ਵੀ ਸੱਜਣ ਕੁਮਾਰ ਕਈ ਵਾਰ ਸੁਪਰੀਮ ਕੋਰਟ ਤੋਂ ਜ਼ਮਾਨਤ ਮੰਗ ਚੁੱਕੇ ਹਨ। ਪਰ ਅਦਾਲਤ ਨੇ ਇਸ ਤੋਂ ਇਨਕਾਰ ਕਰ ਦਿੱਤਾ ਹੈ। 2021 ’ਚ ਸੱਜਣ ਨੇ ਖਰਾਬ ਸਿਹਤ ਦਾ ਹਵਾਲਾ ਦਿੰਦੇ ਹੋਏ ਜ਼ਮਾਨਤ ਪਟੀਸ਼ਨ ਵੀ ਦਾਇਰ ਕੀਤੀ ਸੀ। ਉਸਨੇ ਗੁਰੂਗ੍ਰਾਮ ਦੇ ਮੇਦਾਂਤਾ ਹਸਪਤਾਲ ਵਿੱਚ ਆਪਣੇ ਖਰਚੇ ’ਤੇ ਇਲਾਜ ਦੀ ਇਜਾਜ਼ਤ ਵੀ ਮੰਗੀ ਸੀ। ਪਰ 3 ਸਤੰਬਰ 2021 ਨੂੰ ਸੁਪਰੀਮ ਕੋਰਟ ਨੇ ਪਟੀਸ਼ਨ ਖਾਰਜ ਕਰਦੇ ਹੋਏ ਕਿਹਾ ਸੀ, “ਤੁਸੀਂ ਇੱਕ ਘਿਨਾਉਣੇ ਅਪਰਾਧ ਦੇ ਦੋਸ਼ੀ ਹੋ ਇਸ ਲਈ ਸਾਡੇ ਕੋਲੋਂ ਵੀਆਈਪੀ ਸਹੂਲਤਾਂ ਦੀ ਆਸ ਨਾ ਰੱਖੋ। ਜੇ ਜੇਲ੍ਹ ਪ੍ਰਸ਼ਾਸਨ ਅਤੇ ਡਾਕਟਰ ਜ਼ਰੂਰੀ ਮਹਿਸੂਸ ਕਰਨਗੇ ਤਾਂ ਉਹ ਤੁਹਾਨੂੰ ਹਸਪਤਾਲ ਲੈ ਜਾਣਗੇ।

ਆਵਾਜ਼ਿ ਕੌਮ
AWAZE QAUM
International Newspaper & WEB TV

## ਕੌਣ ਹੈ ਅਨੀਤਾ ਆਨੰਦ ਜੋ ਬਣ ਸਕਦੀ ਹੈ ਕੈਨੇਡਾ ਦੀ ਪ੍ਰਧਾਨ ਮੰਤਰੀ

**ਓਟਾਵਾ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਅਸਤੀਫੇ ਤੋਂ ਬਾਅਦ ਉਨ੍ਹਾਂ ਦੇ ਉੱਤਰਾਧਿਕਾਰੀ ਨੂੰ ਲੈ ਕੇ ਅਟਕਲਾਂ ਦਾ ਦੌਰ ਸ਼ੁਰੂ ਹੋ ਗਿਆ ਹੈ। ਰਿਪੋਰਟਾਂ ਮੁਤਾਬਕ ਭਾਰਤੀ ਮੂਲ ਦੀ ਨੇਤਾ ਅਨੀਤਾ ਆਨੰਦ ਪ੍ਰਧਾਨ ਮੰਤਰੀ ਅਹੁਦੇ ਦੀ ਇਕ ਮਜ਼ਬੂਤ ਦਾਅਵੇਦਾਰ ਹੈ। ਤੁਹਾਨੂੰ ਦੱਸ ਦੇਈਏ ਕਿ ਜਸਟਿਨ ਟਰੂਡੋ ਨੇ ਲਿਬਰਲ ਪਾਰਟੀ ਦੇ ਨੇਤਾ ਅਤੇ ਪ੍ਰਧਾਨ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਹਾਲਾਂਕਿ ਲਿਬਰਲ ਪਾਰਟੀ ਦੇ ਨਵੇਂ ਨੇਤਾ ਦੀ ਚੋਣ ਹੋਣ ਤੱਕ ਉਹ ਪ੍ਰਧਾਨ ਮੰਤਰੀ ਅਹੁਦੇ ’ਤੇ ਬਣੇ ਰਹਿਣਗੇ। ਅਨੀਤਾ ਆਨੰਦ ਕੈਨੇਡਾ ਦੀ ਮੌਜੂਦਾ ਟਰਾਂਸਪੋਰਟ ਅਤੇ ਅੰਦਰੂਨੀ ਵਪਾਰ ਮੰਤਰੀ ਹੈ। ਅਨੀਤਾ ਇੰਦਰਾ ਆਨੰਦ ਦਾ ਜਨਮ ਕੈਂਟਵਿਲੇ, ਨੋਵਾ ਸਕੋਸ਼ੀਆ ਵਿੱਚ ਹੋਇਆ ਸੀ। ਉਨ੍ਹਾਂ ਦੇ ਮਾਤਾ-ਪਿਤਾ (ਜੋ ਹੁਣ ਇਸ ਦੁਨੀਆ ਵਿਚ ਨਹੀਂ ਹਨ) ਭਾਰਤੀ ਡਾਕਟਰ ਸਨ। ਉਨ੍ਹਾਂ ਦੇ ਪਿਤਾ ਤਾਮਿਲਨਾਡੂ ਅਤੇ ਮਾਂ ਪੰਜਾਬ ਤੋਂ ਸੀ। ਆਨੰਦ ਦੀਆਂ 2 ਭੈਣਾਂ ਹਨ - ਗੀਤਾ ਆਨੰਦ ਟੋਰਾਂਟੋ ਵਿੱਚ ਇੱਕ ਵਕੀਲ ਅਤੇ ਸੋਨੀਆ ਆਨੰਦ ਮੈਕਮਾਸਟਰ ਯੂਨੀਵਰਸਿਟੀ ਵਿੱਚ ਇੱਕ ਡਾਕਟਰ ਅਤੇ ਖੋਜਕਾਰ ਹੈ। ਆਨੰਦ 1985 ਵਿੱਚ ਓਨਟਾਰੀਓ ਚਲੀ ਗਈ। ਉਨ੍ਹਾਂ ਨੇ ਅਤੇ ਉਨ੍ਹਾਂ ਦੇ ਪਤੀ ਜੌਨ ਨੇ ਓਕਵਿਲ ਵਿੱਚ ਆਪਣੇ 4 ਬੱਚਿਆਂ ਦਾ ਪਾਲਣ ਪੋਸ਼ਣ ਕੀਤਾ। ਆਨੰਦ ਨੇ ਆਪਣੇ ਕਰੀਅਰ ਦੌਰਾਨ ਹੁਣ ਤੱਕ ਕਈ ਅਹੁਦਿਆਂ ’ਤੇ ਕੰਮ ਕੀਤਾ ਹੈ। ਉਹ ਪਹਿਲੀ ਵਾਰ 2019 ਵਿੱਚ ਓਕਵਿਲ ਲਈ ਸੰਸਦ ਮੈਂਬਰ ਵਜੋਂ ਚੁਣੀ ਗਈ ਸੀ। ਉਨ੍ਹਾਂ ਨੇ 2019 ਤੋਂ 2021 ਤੱਕ ਜਨਤਕ ਸੇਵਾ ਅਤੇ ਖਰੀਦ ਮੰਤਰੀ ਵਜੋਂ ਸੇਵਾ ਕੀਤੀ ਅਤੇ ਖਜ਼ਾਨਾ ਬੋਰਡ ਦੀ ਚੇਅਰਮੈਨ ਅਤੇ ਰਾਸ਼ਟਰੀ ਰੱਖਿਆ ਮੰਤਰੀ ਵਜੋਂ ਵੀ ਕੰਮ ਕੀਤਾ। ਜਨਤਕ ਸੇਵਾਵਾਂ ਅਤੇ ਖਰੀਦ ਮੰਤਰੀ ਵਜੋਂ ਆਨੰਦ ਨੇ ਕੋਵਿਡ-19 ਮਹਾਂਮਾਰੀ ਦੌਰਾਨ ਕੈਨੇਡੀਅਨਾਂ ਲਈ ਵੈਕਸੀਨ, ਨਿੱਜੀ ਸੁਰੱਖਿਆ ਉਪਕਰਨ ਅਤੇ ਰੈਪਿਡ ਟੈਸਟਾਂ ਨੂੰ ਸੁਰੱਖਿਅਤ ਕਰਨ ਲਈ ਇਕਰਾਰਨਾਮੇ ਦੀ ਗੱਲਬਾਤ ਦੀ ਅਗਵਾਈ ਕੀਤੀ। ਜਦੋਂ ਅਨੀਤਾ ਰਾਸ਼ਟਰੀ ਰੱਖਿਆ ਮੰਤਰੀ ਬਣੀ ਤਾਂ ਉਨ੍ਹਾਂ ਨੇ ਫੌਜ ’ਚ ਜਿਨਸੀ ਸ਼ੋਸ਼ਣ ਵਿਰੁੱਧ ਕਦਮ ਚੁੱਕੇ। ਉਨ੍ਹਾਂ ਨੇ ਰੂਸ-ਯੂਕ੍ਰੇਨ ਯੁੱਧ ਦੌਰਾਨ ਕੀਵ ਨੂੰ ਵਿਆਪਕ ਫੌਜੀ ਸਹਾਇਤਾ ਦੇ ਨਾਲ-ਨਾਲ ਯੂਕ੍ਰੇਨੀ ਫੌਜਾਂ ਦੀ ਸਿਖਲਾਈ ਲਈ ਕਰਮਚਾਰੀਆਂ ਦੀ ਵਿਵਸਥਾ ਵੀ ਕੀਤੀ। ਸਤੰਬਰ 2024 ਵਿੱਚ ਅਨੀਤਾ ਆਨੰਦ ਨੂੰ ਖਜ਼ਾਨਾ ਬੋਰਡ ਦੀ ਚੇਅਰਮੈਨ ਦੇ ਅਹੁਦੇ ਤੋਂ ਇਲਾਵਾ ਟਰਾਂਸਪੋਰਟ ਮੰਤਰੀ ਨਿਯੁਕਤ ਕੀਤਾ ਗਿਆ।





ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲਈ
ਗੁਰੂਘਰਾਂ ਦੇ ਸੇਵਾਦਾਰ, ਸਾਰੀ ਦੁਨੀਆਂ ਵਿੱਚ ਸਿੱਖ ਧਰਮ ਸਰਬ ਸਾਂਝੀਵਾਲਤਾ ਦਾ ਪ੍ਰਚਾਰ ਅੰਮ੍ਰਿਤ ਸੰਚਾਰ ਕਰਨ, ਪੰਥ ਦੀ ਚੜਦੀਕਲਾ ਲਈ ਹਰ ਸੰਘਰਸ਼ ਵਿੱਚ ਮੋਹਰੀ ਰੋਲ ਅਦਾ ਕਰਨ, ਲੋੜਵੰਦਾਂ ਦੀ ਮੱਦਦ ਕਰਨ, ਹਰ ਸਾਲ ਗਰੀਬ ਬੱਚੀਆਂ ਦੇ ਵਿਆਹ ਕਰਨ, ਗੁਰਮਤਿ ਵਿਦਿਆ ਦਾ ਪਸਾਰ ਕਰਨ ਵਾਲੇ।
ਹਲਕਾ ਕਾਲਾਂਵਾਲੀ (ਵਾਰਡ ਨੰ: 35) ਤੋਂ ਤੁਹਾਡੇ ਆਪਣੇ ਸੇਵਾਦਾਰ ਉਮੀਦਵਾਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਅਜਾਦ
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ: ਹਰਮੀਤ ਸਿੰਘ ਕਾਲਕਾ ਪ੍ਰਧਾਨ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸਰਬੱਤ ਸੰਗਤਾਂ 19 ਜਨਵਰੀ 2025 ਨੂੰ
ਚੋਣ ਨਿਸ਼ਾਨ
ਸਮੁੰਦਰੀ ਜਹਾਜ
ਦੇ ਚੋਣ ਨਿਸ਼ਾਨ ਸਮੁੰਦਰੀ ਜਹਾਜ ਦਾ ਬਟਨ ਦਬਾਕੇ ਕੇ ਉਨਾਂ ਨੂੰ ਜਿਤਾਓ ਅਤੇ ਪੰਥ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਕੇ ਧੰਨਵਾਦੀ ਬਣਾਉ ਜੀ।
ਸੰਪਰਕ: 93560-60960, 93560-60953, 97284-07015


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲਈ
ਹਲਕਾ ਕਾਲਾਂਵਾਲੀ (ਵਾਰਡ ਨੰ: 35) ਤੋਂ ਤੁਹਾਡੇ ਆਪਣੇ ਸੇਵਾਦਾਰ ਉਮੀਦਵਾਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਅਜਾਦ
ਸਰਬੱਤ ਸੰਗਤਾਂ 19 ਜਨਵਰੀ 2025 ਨੂੰ
ਚੋਣ ਨਿਸ਼ਾਨ ਸਮੁੰਦਰੀ ਜਹਾਜ ਦਾ ਬਟਨ ਦਬਾਕੇ ਕੇ ਉਨਾਂ ਨੂੰ ਜਿਤਾਓ ਅਤੇ ਪੰਥ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਕੇ ਧੰਨਵਾਦੀ ਬਣਾਉ ਜੀ।
ਚੋਣ ਨਿਸ਼ਾਨ
ਸਮੁੰਦਰੀ ਜਹਾਜ
93560-60960
97284-07015


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲਈ
ਵਾਰਡ ਨੰ: 35, ਹਲਕਾ ਕਾਲਾਂਵਾਲੀ ਤੋਂ ਉਮੀਦਵਾਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਅਜਾਦ
ਸੰਪਰਕ ਨੰ: 93560-60960, 93560-60953, 97284-07015
1.
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੋਣ ਨਿਸ਼ਾਨ
ਸਮੁੰਦਰੀ ਜਹਾਜ
2.
3.

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk



ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਤੇਰੇ ਜਨ ਪਰਉਪਕਾਰੀ ਆਏ


ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ॥



ਆਵਾਜ਼ਿ ਕੌਮ AWAZE QAUM International Newspaper & WEB TV

# ਮਹਾਨ ਸ਼ਹੀਦੀ ਸਮਾਗਮ

## 19 ਜਨਵਰੀ, 2025 (ਦਿਨ ਐਤਵਾਰ)

ਗੁਰੂ ਪਿਆਰੀ ਸਾਧ ਸੰਗਤ ਜੀ ਮੁਕਤਸਰ ਦੇ 40 ਮੁਕਤੇ ਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਹਰੇਕ ਸਾਲ ਦੀ ਤਰਾਂ ਸ਼ਹੀਦੀ ਸਮਾਗਮ ਹੋ ਰਿਹਾ ਹੈ । ਸਾਰੀਆਂ ਸੰਗਤਾਂ ਨੂੰ ਪਰਿਵਾਰ ਸਮੇਤ ਪਹੁੰਚਣ ਦਾ ਖੁੱਲਾ ਸੱਦਾ ਦਿੱਤਾ ਜਾਂਦਾ ਹੈ। ਆਪ ਜੀ ਸਭ ਨੇ ਪਰਿਵਾਰ ਸਮੇਤ ਪਹਉਚਣ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਅਤਿ ਧੰਨਵਾਦੀ ਹੋਵਾਂਗੇ।

--★ ਪ੍ਰੋਗਰਾਮ ★--

19 ਜਨਵਰੀ 2025 ਦਿਨ ਐਤਵਾਰ ਭੋਗ ਸ੍ਰੀ ਸਹਿਜ ਪਾਠ ਦਾ ਸਵੇਰੇ 10 ਵਜੇ

ਸ਼ਬਦ ਕੀਰਤਨ ,ਕਥਾ ਅਤੇ ਢਾਡੀ ਜਥਾ ਪ੍ਰਸੰਗ ਸੁਣਾਵੇਗਾ

ਆਪ ਜੀ ਦਾ ਸਵਾਗਤ ਕਰਤਾ **ਸਰਦਾਰ ਬਲਜੀਤ ਸਿੰਘ ਕੰਗ ਅਤੇ ਪਰਿਵਾਰ**

★ ਵਧੇਰੇ ਜਾਣਕਾਰੀ 07780605230 ★

**Address: GURDWARA BABA SANG JI**

**9 St Paul's Rd, Smethwick Birmingham B66 1EE**

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**

## ਵਾਹਿਗੁਰੂ ਜੀ ਕੀ ਖਾਲਸਾ। ਵਾਹਿਗੁਰੂ ਜੀ ਕੀ ਫ਼ਤਹਿ ॥


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 10 ਫਰਵਰੀ 2025 ਤੋਂ 20 ਫਰਵਰੀ 2025 ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 10 ਫਰਵਰੀ, 2025 ਨੂੰ ਸ਼ੁਰੂ ਹੋਵੇਗੀ ਤੇ ਇੱਥੇ 20 ਫਰਵਰੀ, 2025 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਬਰੇਕਫਾਸਟ ਅਤੇ ਡਿਨਰ ਸ਼ਾਮਲ
- ਲਗਜਰੀ ਏ. ਸੀ. ਟਰਾਂਸਪੋਰਟੇਸ਼ਨ।
- ਚੰਡੀਗੜ੍ਹ ਤੋਂ ਹੈਦਰਾਬਾਦ ਅਤੇ ਵਾਪਸੀ 'ਤੇ ਹੈਦਰਾਬਾਦ ਤੋਂ ਚੰਡੀਗੜ੍ਹ ਦਾ ਸਫਰ ਹਵਾਈ ਜਹਾਜ਼ ਰਾਹੀਂ।
- ਹਰ ਧਾਰਮਿਕ ਅਤੇ ਇਤਿਹਾਸਕ ਜਾਣਕਾਰੀ ਮੁਹੱਈਆ ਕਰਵਾਉਣ ਲਈ ਗਾਈਡ ਨਾਲ ਹੋਣਗੇ।

**ਇੰਡੀਆਂ ਵਿਚ ਜੁਆਇਨ ਕਰਨ ਵਾਲਿਆਂ ਲਈ ਕੇਵਲ 1190 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

**ਯੂ ਕੇ ਤੋਂ ਅੰਤਰਰਾਸ਼ਟਰੀ ਹਵਾਈ ਸਫ਼ਰ ਸਮੇਤ 1890 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

ਬੁੱਕ ਕਰਨ ਦੇ ਲਈ 600 ਪਾਉਂਡ ਐਡਵਾਂਸ ਦੇ ਤੌਰ ਤੇ ਜਮਾ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

**ਅਕਾਊਂਟ ਨੰਬਰ ਤੇ ਡਿਟੇਲ**

**Account Name: RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**ਸੰਪਰਕ ਨੰ. :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।**

ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

ਆਵਾਜ਼ਿ ਕੌਮ AWAZE QAUM

### 10 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 11 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 12 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੇਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 13 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 14 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 15 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 16 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 17 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 18 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 19 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 20 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

**ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।**

ਆਵਾਜ਼ਿ ਕੌਮ
AWAZE QAUM

# AWAZE QAUM
# TOURS & TRAVELS

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**

ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2025 (10th Feb – 20thFeb 2025). During the stay we will try to provide you with all the possible facilities to make this trip a memorable one.**

## Trip Package Includes

**Visit to Takhat Patna Sahib & other 5 Gurudwaras - Hyderabad (Museum & Char Minar) - Takhat Hazoor Sahib & other 8 Gurudwaras - Takhat Keshgarh Sahib Sahib & other 8 Gurudwaras - Damdama Sahib & other 3 Gurudwaras. - Akal Takth, Sri Harimandir Sahib, Jallianwala Bagh & Wagah Border**

- Luxury Air-conditioned Coaches
- Luxury Hotel Stay (Sarai at Hazoor Sahib)
- Domestic Flights
- Guided Tours
- Flexibility to stay in India before & after the trip

**Cost If joining from India without international flights £ 1190 per person on Twin Sharing basis**

**Cost: If joining from UK with International flights - £1890 per person on Twin Sharing basis**

Deposit of £600 per person can be transferred into the following account (please write your name as a reference): Balance amount need to be deposited 2 weeks before the travel date.

**Account Name: RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.


*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**Program is subject to change without Prior Notice.**

ਆਵਾਜ਼ਿ ਕੌਮ AWAZE QAUM


## JOURNEY OF A LIFE TIME
## PANJ TAKHT YATRA
### 5 TAKHAT YATRA - 10 NIGHTS / 11 DAYS

### 10th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 11th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 12th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 13th Feb Day4th




Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 14th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 15th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 16th Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 17th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 18Th Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 19th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 20th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

## ਅਕਾਲ ਤਖ਼ਤ ਮਹਾਨ ਹੈ - ਸਿੱਖ ਪੰਥ ਦੀ ਸ਼ਾਨ ਹੈ

## ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ,ਅਕਾਲ ਤਖ਼ਤ ਸਾਹਿਬ ਅਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੂੰ ਹਾਂ ਸਮਰਪਿਤ



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

## 19 ਜਨਵਰੀ 2025 ਨੂੰ

## ਆਮ ਚੋਣਾਂ ਸਬੰਧੀ

# ਸਾਡਾ ਚੋਣ ਮੈਨੀਫੈਸਟੋ

॥ ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਿਹ ॥



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁ. ਪ੍ਰੰ. ਕਮੇ.
ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਜ਼ਾਦ

1. ਸਾਡੇ ਪ੍ਰਬੰਧ ਵਿੱਚ ਗੁਰੂਘਰਾਂ ਦੀਆਂ ਸੁੰਦਰ ਇਮਾਰਤਾਂ ਦਰਬਾਰ ਸਾਹਿਬ,ਦੀਵਾਨ ਹਾਲ ਸੰਗਤਾਂ ਲਈ ਰਿਹਾਇਸ਼ੀ ਏ.ਸੀ. ਸਰਾਵਾਂ ਸਟਾਫ਼ ਦੇ ਕੁਆਰਟਰ, ਹਰਿਆਣਾ ਕਮੇਟੀ ਦਾ ਮੁੱਖ ਦਫ਼ਤਰ ਜਥੇਦਾਰ ਕਰਤਾਰ ਸਿੰਘ ਝੱਬਰ ਦੇ ਨਾਮ ਉੱਪਰ ਬਨਾਉਣ ਅਤੇ ਮਲਟੀਪਰਪਜ ਹਾਲ ਬਣਾਉਣ ਲਈ ਵੱਖ-ਵੱਖ ਮਹਾਂਪੁਰਸ਼ਾਂ ਦੀ ਕਾਰ ਸੇਵਾ ਸ਼ੁਰੂ ਕਰਵਾਈ ਗਈ ਹੈ ਅਤੇ ਕਮੇਟੀ ਵੱਲੋਂ ਸੀਮਿੰਟ ਸਰੀਆ ਕਾਰ ਸੇਵਾ ਲਈ ਭੇਂਟ ਕੀਤਾ ਜਾ ਰਿਹਾ ਹੈ, ਇੰਨ੍ਹਾਂ ਕਾਰ ਸੇਵਾਵਾਂ ਨੂੰ ਨਿਰੰਤਰ ਜਾਰੀ ਰੱਖ ਕੇ ਪੂਰਾ ਕਰਵਾਇਆ ਜਾਵੇਗਾ।

2. ਸਾਡੇ ਪ੍ਰਬੰਧ ਦੌਰਾਨ ਧਰਮ ਪ੍ਰਚਾਰ ਦੇ ਮੁੱਖ ਦਫ਼ਤਰ ਤੋਂ ਇਲਾਵਾ 3 ਸਬ-ਦਫ਼ਤਰ ਗੁਰਦੁਆਰਾ ਨਾਢਾ ਸਾਹਿਬ ਪਾਤਸ਼ਾਹੀ 10ਵੀਂ ਪੰਚਕੂਲਾ, ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ 9ਵੀਂ ਜੀਂਦ,ਗੁਰਦੁਆਰਾ ਪਾਤਸ਼ਾਹੀ 10ਵੀਂ ਸਿਰਸਾ ਵਿਖੇ ਖੋਲੇ ਗਏ ਹਨ, ਜਿੱਥੋਂ ਸਾਡੇ ਧਰਮ ਪ੍ਰਚਾਰ ਦੇ ਜੱਥੇ ਰਾਗੀ ਢਾਡੀ ਕਵੀਸ਼ਰ ਕਥਾਵਾਚਕ ਪਿੰਡਾਂ ਵਿੱਚ ਜਾ ਕੇ ਭੇਟਾ ਰਹਿਤ ਧਰਮ ਪ੍ਰਚਾਰ ਕਰ ਰਹੇ ਹਨ, ਇਸ ਧਰਮ ਪ੍ਰਚਾਰ ਦੀ ਸੇਵਾ ਨੂੰ ਨਿਰੰਤਰ ਜਾਰੀ ਰੱਖਿਆ ਜਾਵੇਗਾ।

3. ਸਾਡੇ ਪ੍ਰਬੰਧ ਦੌਰਾਨ ਨਵੀਆਂ ਕਾਰਾਂ ਲੈ ਕੇ ਧਰਮ ਪ੍ਰਚਾਰ ਦਫ਼ਤਰਾਂ ਦੇ ਜੱਥਿਆਂ ਨੂੰ ਦਿੱਤੀਆਂ ਗਈਆਂ ਹਨ, ਜਿੰਨ੍ਹਾਂ ਤੇ ਉਹ ਪਿੰਡਾਂ ਵਿੱਚ ਧਰਮ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਲਈ ਜਾਂਦੇ ਹਨ। ਇਸ ਸੇਵਾ ਨੂੰ ਨਿਰੰਤਰ ਜਾਰੀ ਰੱਖਿਆ ਜਾਵੇਗਾ।

4. ਸਾਡੇ ਪ੍ਰਬੰਧ ਵਿੱਚ ਚੱਲ ਰਹੇ 3 ਸਕੂਲਾਂ ਵਿੱਚ ਅੰਮ੍ਰਿਤਧਾਰੀ ਸਿੱਖ ਬੱਚਿਆਂ ਦੀ ਪੜ੍ਹਾਈ ਬਿਲਕੁਲ ਫਰੀ ਕੀਤੀ ਗਈ ਹੈ, 2 ਕਾਲਜਾਂ ਵਿੱਚ ਅੰਮ੍ਰਿਤਧਾਰੀ ਸਿੱਖ ਬੱਚਿਆਂ ਨੂੰ ਵਜ਼ੀਫ਼ੇ ਦਿੱਤੇ ਗਏ ਹਨ, ਇਸ ਸੇਵਾ ਨੂੰ ਅੱਗੇ ਵੀ ਜਾਰੀ ਰੱਖਿਆ ਜਾਵੇਗਾ ।

5. ਸਾਡੇ ਪ੍ਰਬੰਧ ਤੋਂ ਪਹਿਲਾਂ ਕੀਤੀ ਗਈ ਗੁਰੂ ਕੀ ਗੋਲਕ ਦੀ ਲੁੱਟ ਨੂੰ ਮੁੜ ਗੁਰੂ ਕੀ ਗੋਲਕ ਵਿੱਚ ਭਰਵਾਇਆ ਗਿਆ ਹੈ ਅਤੇ ਮੈਂਬਰ ਦੀ ਮੈਂਬਰਸ਼ਿਪ ਰੱਦ ਕੀਤੀ ਗਈ।

6. ਸਾਡੇ ਪ੍ਰਬੰਧ ਤੋਂ ਪਹਿਲਾ 15-15 ਸਾਲ ਤੋਂ ਕੰਟਰੈਕਟ ਬੇਸ ਤੇ ਚੱਲ ਰਹੇ ਕਮੇਟੀ ਮੁਲਾਜ਼ਮਾਂ ਨੂੰ ਪੱਕੇ ਕੀਤਾ ਗਿਆ ਹੈ ਅਤੇ ਯੋਗ ਨੌਜਵਾਨਾਂ ਦੀ ਨਵੀਂ ਭਰਤੀ ਕੀਤੀ ਗਈ ਹੈ। ਮੁਲਾਜ਼ਮਾਂ ਦੀਆਂ ਤਨਖਾਹਾਂ ਵਿੱਚ ਵਾਧਾ ਕੀਤਾ ਗਿਆ ਹੈ ਅਤੇ ਅੱਗੇ ਵੀ ਮੁਲਾਜ਼ਮਾਂ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ।

7. ਸਾਡੇ ਪ੍ਰਬੰਧ ਅਧੀਨ ਵੱਖ ਵੱਖ ਗੁਰਦੁਆਰਿਆਂ ਵਿੱਚ ਮੁਫ਼ਤ ਮੈਡੀਕਲ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਦਾ ਘੇਰਾ ਹੋਰ ਵਿਸ਼ਾਲ ਕੀਤਾ ਜਾਵੇਗਾ।

8. ਮੀਰੀ ਪੀਰੀ ਹਸਪਤਾਲ ਦਾ ਪ੍ਰਬੰਧ ਜਲਦੀ ਲੈ ਕੇ ਮੈਡੀਕਲ ਕਾਲਜ ਖੋਲਿਆ ਜਾਵੇਗਾ ਜਿਸ ਦੀ ਕਾਨੂੰਨੀ ਪ੍ਰਕਿਰਿਆ ਚੱਲ ਰਹੀ ਹੈ, ਤਾਂ ਕੇ ਹਰਿਆਣਾ ਦੇ ਸਿੱਖ ਬੱਚੇ ਡਾਕਟਰੀ ਦੀ ਪੜਾਈ ਕਰ ਸਕਣ।

9. ਸਾਡੇ ਵੱਲੋਂ IAS, IPS, IRS ਤੇ ਅਜਿਹੀਆਂ ਹੋਰ ਪ੍ਰਿਖਿਆਂਵਾਂ ਦੀ ਤਿਆਰੀ ਮੁਫ਼ਤ ਕਰਾਉਣ ਦੇ ਉਪਰਾਲੇ ਚੱਲ ਰਹੇ ਹਨ ਅਤੇ ਇਹਨਾਂ ਸੇਵਾਵਾਂ ਦਾ ਹੋਰ ਵਿਸਤਾਰ ਕੀਤਾ ਜਾਵੇਗਾ।

10. ਸਾਡੇ ਪ੍ਰਬੰਧ ਵਲੋਂ ਪੰਥਕ ਕਾਰਜਾਂ ਲਈ ਜੇਲਾਂ ਵਿੱਚ ਬੰਦ ਬੰਦੀ ਸਿੰਘਾਂ ਦੇ ਕਈ ਪ੍ਰੀਵਾਰਾਂ ਦੀ ਆਰਥਿਕ ਮੱਦਦ, ਕੈਂਸਰ ਆਦਿਕ ਭਿਆਨਕ ਬੀਮਾਰੀਆਂ ਤੋਂ ਪੀੜਤਾਂ ਦੀ ਆਰਥਿਕ ਮੱਦਦ ਕੀਤੀ ਜਾਂਦੀ ਹੈ ਜੋ ਨਿਰੰਤਰ ਜਾਰੀ ਰਹੇਗੀ।

11. ਸਾਡੇ ਪ੍ਰਬੰਧ ਵਲੋਂ ਲੋੜਵੰਦ ਪ੍ਰੀਵਾਰਾਂ ਦੇ ਹੋਰ ਸਕੂਲਾਂ ਵਿੱਚ ਪੜ੍ਹ ਰਹੇ ਬੱਚਿਆਂ ਦੀਆਂ ਵੀ ਫੀਸਾਂ ਭਰੀਆਂ ਗਈਆਂ ਹਨ, ਇਹ ਸੇਵਾ ਨਿਰੰਤਰ ਜਾਰੀ ਰੱਖੀ ਜਾਵੇਗੀ ਅਤੇ ਇਸ ਦਾ ਘੇਰਾ ਹੋਰ ਵਿਸ਼ਾਲ ਕੀਤਾ ਜਾਵੇਗਾ।

12. ਸਾਡੇ ਪ੍ਰਬੰਧ ਵਲੋਂ ਯਾਤਰੀ ਸਿੱਖ ਸੰਗਤਾਂ ਲਈ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨੰਦੇੜ ਵਿਖੇ ਏ.ਸੀ. ਸਰਾਵਾਂ ਜਲਦ ਬਣਾਈਆਂ ਜਾਣਗੀਆਂ।


13. ਸਾਡੇ ਵਲੋਂ ਲੋੜਵੰਦ ਪ੍ਰੀਵਾਰਾਂ ਦੀਆਂ ਸੈਂਕੜੇ ਬੱਚੀਆਂ ਦੇ ਸਮੂਹਿਕ ਵਿਆਹ ਪਿਛਲੇ ਸਮੇਂ ਵਿੱਚ ਕੀਤੇ ਗਏ ਹਨ ਅਤੇ ਉਹਨਾਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋਂ ਸਮਾਨ ਦੇ ਕੇ ਵਿਦਾ ਕੀਤਾ ਜਾਂਦਾ ਹੈ ਇਹ ਸੇਵਾ ਨਿਰੰਤਰ ਜਾਰੀ ਰਹੇਗੀ ਅਤੇ ਇਸ ਦਾ ਘੇਰਾ ਹੋਰ ਵਿਸ਼ਾਲ ਕੀਤਾ ਜਾਵੇਗਾ।

**ਜੋ ਕਿਹਾ - ਉਹ ਕੀਤਾ**
**ਜੋ ਕਹਾਂਗੇ - ਉਹ ਕਰਾਂਗੇ**


ਦੇਗ ਤੇਗ ਫਤਿਹ ਪੰਥ ਕੀ ਜੀਤ
ਨਸ਼ੇ ਛੱਡੋ, ਅੰਮ੍ਰਿਤ ਛਕੋ, ਸਿੰਘ ਸਜੋ
ਪੰਥ ਬਚਾਉ, ਪੰਜਾਬ ਬਚਾਉ ਰੈਲੀ
ਪੰਜਾਬ ਦੀ ਨਵੀਂ ਸਿਆਸਤ ਦਾ
ਆਗਾਜ਼
ਪੰਜਾਬ ਦੀ ਖੇਤਰੀ ਪਾਰਟੀ ਦਾ
ਐਲਾਨ
ਮਿਤੀ 14 ਜਨਵਰੀ 2025
ਮੇਲਾ ਮਾਘੀ 'ਤੇ
ਆਵਾਜ਼ਿ ਕੌਮ
AWAZE QAUM
International Newspaper & WEB TV


"IN 1947, WE ACCEPTED THE DIVISION OF OUR LAND, BUT WE CANNOT AFFORD TO MAKE THE SAME MISTAKE AGAIN. THE SIKH NATION MUST NOT COMPROMISE ON ITS VALUES."
–SANT BABA JARNAIL SINGH JI KHALSA BHINDRANWALE
ਪੰਥਕ ਕਾਨਫਰੰਸ
PANTHIC CONFERENCE
Sunday 12th January 2025
Time: 1:00 PM to 4:00 PM
- Panthic speakers from Sikh Organizations and Gurdwaras
- Tribute to Shaheed Jathedar Bhai Gurdev Singh Ji Kaunke and ALL Shaheeds
- 40th Anniversary of the 1984 Genocide (Sri Darbar Sahib)
- Insightful discussion on the International Sikh Perspective in today's global context
LIVE
On
Facebook
Youtube
Joint Program by All Jathebandian & UK Gurdwaras
GURU NANAK GURDWARA SMETHWICK
@GNGSMETHWICK
0121 558 2527
INFO@GNGSMETHWICK.COM
OPEN INVITATION TO THE SANGAT, PANTHIC ORGS AND GURDWARAS


ਗ੍ਰਾਮ ਪੰਚਾਇਤ ਢੰਡੋਵਾਲ ਵੱਲੋਂ ਸ਼ਹੀਦ ਬਾਬਾ ਸੁਖਚੇਤ ਸਿੰਘ ਜੀ ਦੇ ਸ਼ਹੀਦੀ ਅਸਥਾਨਾਂ 'ਤੇ
ਸਵ: ਸ. ਨਾਜਰ ਸਿੰਘ ਜੀ ਦੀ ਯਾਦ ਨੂੰ ਸਮਰਪਿਤ
58ਵਾਂ ਸਲਾਨਾ ਛਿੰਝ ਮੇਲਾ ਢੰਡੋਵਾਲ
14 ਜਨਵਰੀ 2025 ਮੰਗਲਵਾਰ
ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)
ਪਟਕੇ ਦੀ ਕੁਸ਼ਤੀ
ਭੁਪਿੰਦਰ ਅਜਨਾਲਾ (ਪੰਜਾਬ ਕੇਸਰੀ)
ਪ੍ਰਿਤਪਾਲ ਫਗਵਾੜਾ (ਭਾਰਤ ਕੇਸਰੀ)
ਇਸ ਤੋਂ ਇਲਾਵਾ ਸਹਿਬਾਜ਼ ਆਲਮਗੀਰ, ਗੌਰਵ ਅਜਨਾਲਾ, ਸੁਰਿੰਦਰ ਸ਼ਾਹਕੋਟ, ਸੁਜਲ ਫਗਵਾੜਾ, ਨੂਰ ਆਲਮਗੀਰ, ਮੁਕੇਸ਼ ਕੌਹਾਲੀ, ਅਜੇ ਪਾਲ ਖੰਨਾ, ਜੱਸਾ ਫਗਵਾੜਾ
ਨੋਟ: ਸਿਰਫ਼ ਸੱਦੇ ਹੋਏ ਅਖਾੜਿਆਂ ਦੇ ਪਹਿਲਵਾਨਾਂ ਦੀਆਂ ਹੀ ਕੁਸ਼ਤੀਆਂ ਹੋਣਗੀਆਂ।
ਵੱਲੋਂ: ਗ੍ਰਾਮ ਪੰਚਾਇਤ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ
ਸੰਪਰਕ: 98151-02950, 82840-32366, 97798-12352
ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।







ਆਵਾਜ਼ਿ ਕੌਮ
AWAZE QAUM
International Newspaper & WEB TV

**ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ**

# ਪ੍ਰਕਾਸ਼ ਪੁਰਬ

**ਦੀਆਂ ਲੱਖ-ਲੱਖ ਵਧਾਈਆਂ**

# ਕਥਾ ਵਿਚਾਰ

## ਮਿਤੀ 06/01/2025 ਤੋਂ 12/01/2025

## ਸਮਾਂ 6:15pm



## ਗੁਰੂ ਹਰਿਗੋਬਿੰਦ ਸਾਹਿਬ ਜੀ ਟਿਵਿਡੇਲ ਬਰਮੀਗਮ

## ਗਿਆਨੀ ਬਘੇਲ ਸਿੰਘ ਜੀ

ਧੰਨ-ਧੰਨ ਸਾਹਿਬ ਸਤਿਗੁਰੂ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਮਹਾਰਾਜ ਸਾਹਿਬ ਜੀ ਦਾ

# ਪਾਵਨ ਅਵਤਾਰ ਗੁਰਪੁਰਬ ਮਨਾਇਆ ਗਿਆ

## ਤਖਤ ਸ਼੍ਰੀ ਹਰਿਮੰਦਰ ਜੀ ਸ਼੍ਰੀ ਪਟਨਾ ਸਾਹਿਬ ਜੀ (ਬਿਹਾਰ) ਵਿਖੇ ਬੜੀ ਚੜਦੀਕਲਾ ਨਾਲ ਸਿੱਖ ਸੰਗਤਾਂ ਨੇ ਭਰੀ ਹਾਜ਼ਰੀ













ਧੰਨ-ਧੰਨ ਸਾਹਿਬ ਸਤਿਗੁਰੂ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਮਹਾਰਾਜ ਸਾਹਿਬ ਜੀ ਦਾ ਪਾਵਨ ਅਵਤਾਰ ਗੁਰਪੁਰਬ ਦਿਹਾੜ੍ਹਾ ਪੋਹ ਸੁਦੀ ਸਤਵੀਂ ਮਿਤੀ 6 ਜਨਵਰੀ 2025 ਨੂੰ ਤਖਤ ਸ਼੍ਰੀ ਹਰਿਮੰਦਰ ਜੀ ਸ਼੍ਰੀ ਪਟਨਾ ਸਾਹਿਬ ਜੀ (ਬਿਹਾਰ) ਵਿਖੇ ਬੜੀ ਚੜਦੀਕਲਾ ਨਾਲ ਸਿੱਖ ਸੰਗਤਾਂ ਵੱਲੋਂ ਮਨਾਇਆ ਗਿਆ। ਮਿਤੀ 6 ਤਰੀਕ ਨੂੰ ਸਤਿਗੁਰੂ ਸਾਹਿਬ ਜੀ ਦੇ ਜਨਮ ਦੀ ਕਥਾ ਦੀ ਹਾਜਰੀ ਤਖਤ ਸਾਹਿਬ ਜੀ ਵਿਖੇ ਸਾਲਸ ਰਾਏ ਜੌਹਰੀ ਦਿਵਾਨ ਹਾਲ 'ਚ ਭਰੀ।



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਧੰਨ-ਧੰਨ ਸਾਹਿਬ ਸਤਿਗੁਰੂ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਮਹਾਰਾਜ ਸਾਹਿਬ ਜੀ ਦਾ

# ਪਾਵਨ ਅਵਤਾਰ ਗੁਰਪੁਰਬ ਮਨਾਇਆ ਗਿਆ

## ਤਖਤ ਸ਼੍ਰੀ ਹਰਿਮੰਦਰ ਜੀ ਸ਼੍ਰੀ ਪਟਨਾ ਸਾਹਿਬ ਜੀ (ਬਿਹਾਰ) ਵਿਖੇ ਬੜੀ ਚੜ੍ਹਦੀਕਲਾ ਨਾਲ ਸਿੱਖ ਸੰਗਤਾਂ ਨੇ ਭਰੀ ਹਾਜ਼ਰੀ
























ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਸ੍ਰ. ਸਿਮਰਨਜੀਤ ਸਿੰਘ ਮਾਨ

# ਉਸ ਸਮੇਂ ਵੀ ਪਰਿਵਾਰ ਦੇ ਨਾਲ ਸੀ ਅੱਜ ਨਾਲ ਆ


### (1992 ਦੀ ਤਸਵੀਰ ਤੇ ਅੱਜ ਮਾਤਾ ਨੂੰ ਇੰਨਸਾਫ ਮਿਲਣ ਤੋਂ ਬਾਅਦ ਵਿੱਚ)






















**ਅੱਜ ਜ਼ਿਲ੍ਹਾ** ਅਮ੍ਰਿਤਸਰ ਵਿੱਚ ਸ੍ਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਮ੍ਰਿਤਸਰ ਨੇ ਕਬੀਰ ਪਾਰਕ ਪਹੁੰਚੇ ਜਿੱਥੇ ਉਹਨਾਂ ਨੇ ਮਾਤਾ ਸੁਖਵੰਤ ਕੌਰ ਦੇ ਪਿਤਾ ਸਰਦਾਰ ਸੁਲੱਖਣ ਸਿੰਘ ਭਕਨਾ ਅਤੇ ਉਹਨਾਂ ਦੇ ਪਤੀ ਸਰਦਾਰ ਸੁਖਦੇਵ ਸਿੰਘ ਵਾਈਸ ਪ੍ਰਿੰਸੀਪਲ ਦੇ ਅੱਜ ਤੋਂ 32 ਸਾਲ ਪਹਿਲਾਂ ਪੁਲਿਸ ਇੰਸਪੈਕਟਰ ਸੁਰਿੰਦਰ ਪਾਲ ਸਿੰਘ ਵੱਲੋਂ ਚੁੱਕ ਕੇ ਕਤਲ ਕੀਤਾ ਸੀ ਅੱਜ ਉਹਨਾਂ ਦੇ ਗ੍ਰਹਿ ਸ੍ਰ ਸਿਮਰਨਜੀਤ ਸਿੰਘ ਮਾਨ ਨੇ ਮਾਤਾ ਜੀ ਨੂੰ ਇਸ ਸ਼ਲਾਘਾ ਯੋਗ ਕੰਮ ਦੀ ਪ੍ਰਸ਼ੰਸਾ ਕੀਤੀ ਕਿ ਉਹਨਾਂ ਨੇ 32 ਸਾਲ ਸੁਪਰੀਮ ਕੋਰਟ ਤੋਂ ਕੇਸ ਸੀਬੀਆਈ ਨੂੰ ਮਾਰਕ ਕਰਵਾ ਕੇ ਉਸ ਸਮੇਂ ਦੇ ਪੁਲਿਸ ਅਫਸਰਾਂ ਨੂੰ ਸਜ਼ਾ ਦਿਵਾਈ ਮਾਤਾ ਜੀ ਦਾ ਇੱਕ ਬੇਟਾ ਬਲਜਿੰਦਰ ਸਿੰਘ ਸਰਾਹਲੀ ਕਲਾਂ ਵੀ 1992 ਦੇ ਵਿੱਚ ਫੈਡਰੇਸ਼ਨ ਦਾ ਪ੍ਰਧਾਨ ਹੋਣ ਦੇ ਨਾਤੇ ਝੂਠੇ ਪੁਲਿਸ ਮੁਕਾਬਲੇ ਸ਼ਹੀਦ ਕਰ ਦਿੱਤਾ ਗਿਆ ਸੀ ਇਸ ਪਰਿਵਾਰ ਦੇ ਤਿੰਨ ਸ਼ਹੀਦ ਹੋਏ ਮਾਤਾ ਸੁਖਵੰਤ ਕੌਰ ਦਾ ਬੇਟਾ ਇੰਜੀਨੀਅਰ ਬਲਜਿੰਦਰ ਸਿੰਘ ਉਹਨਾਂ ਦਾ ਪਤੀ ਸੁਖਦੇਵ ਸਿੰਘ ਉਹਨਾਂ ਦਾ ਪਿਤਾ ਸਰਦਾਰ ਸੁਲੱਖਣ ਸਿੰਘ ਭਕਨਾ ਕੌਮ ਦੇ ਲੇਖੇ ਲੱਗੇ ਹਨ। ਮਾਤਾ ਸੁਖਵੰਤ ਕੌਰ ਪਿੰਡ ਭਕਨਾ ਤੋਂ ਪੇਕੇ ਪਰਿਵਾਰ ਦਾ ਸੋਹਨ ਸਿੰਘ ਭਕਨਾ ਜੋ ਗਦਰ ਪਾਰਟੀ ਦੇ ਬਾਨੀ ਸੀ ਉਹਨਾਂ ਦੇ ਪਰਿਵਾਰ ਨਾਲ ਸੰਬੰਧ ਰੱਖਦੀ ਹੈ ਉਹਨਾਂ ਦਾ ਵਿਆਹ ਸਰਹਾਲੀ ਕਲਾਂ ਵਿਖੇ ਕਾਮਾਗਾਟਾ ਮਾਰੂ ਬਾਬਾ ਗੁਰਦਿੱਤ ਸਿੰਘ ਦੀ ਪਰਿਵਾਰ ਵਿੱਚ ਹੋਇਆ ਸੀ ਅੱਜ ਪ੍ਰਧਾਨ ਸਾਹਿਬ ਉਸ ਵੇਲੇ ਵੀ 1992 ਵਿਚ ਵੀ ਮਾਤਾ ਜੀ ਦੇ ਨਾਲ ਸੀ ਅੱਜ ਮਾਤਾ ਸੁਖਵੰਤ ਕੌਰ ਦੇ ਘਰ ਜਾ ਬਾਕੀ ਸਾਰੇ ਪਰਿਵਾਰ ਨੂੰ ਵੀ ਮਿਲੇ ਇਸ ਮੌਕੇ ਉਨ੍ਹਾਂ ਦੇ ਪਾਰਟੀ ਦੇ ਸੀਨੀਅਰ ਲੀਡਰਸ਼ਿਪ ਹਜ਼ਾਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਹੁਕਮਰਾਨਾਂ ਦੇ ਤਸ਼ੱਦਦ ਸਹਿਣ ਅਤੇ ਜ਼ਾਲਮਾਂ ਨੂੰ ਸੋਧਣ ਦੀ ਹਿੰਮਤ ਸਿਰਫ਼ ਸਿੱਖ ਕੌਮ ਵਿਚ : ਸਿੰਘ ਸਾਹਿਬ






**ਡੇਰਾ ਬਾਬਾ ਨਾਨਕ • ਆਵਾਜ਼ਿ ਕੌਮ ਬਿਊਰੋ**

ਡੇਰਾ ਬਾਬਾ ਨਾਨਕ ਹਲਕੇ ਵਿੱਚ ਸ਼ਹੀਦ ਭਾਈ ਸਤਵੰਤ ਸਿੰਘ ਦੇ ਪਿੰਡ ਅਗਵਾਨ ਵਿਖੇ ਉਨ੍ਹਾਂ ਦੀ ਯਾਦ ਵਿੱਚ ਉਸਾਰੇ ਗੁਰਦੁਆਰਾ ਸਾਹਿਬ ਵਿਖੇ ਵੀ ਸ਼ਹੀਦ ਭਾਈ ਸਤਵੰਤ ਸਿੰਘ ਅਤੇ ਸ਼ਹੀਦ ਭਾਈ ਕੇਹਰ ਸਿੰਘ ਦੀ ਬਰਸੀ ਮਨਾਉਣ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਖਾਲਸਾ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਹੁਕਮਰਾਨਾਂ ਦੇ ਤਸ਼ੱਦਦ ਸਹਿਣੇ ਅਤੇ ਜ਼ਾਲਮਾਂ ਨੂੰ ਸੋਧਣ ਦੀ ਹਿੰਮਤ ਸਿਰਫ ਸਿੱਖ ਕੌਮ ਵਿੱਚ ਹੀ ਹੈ। ਉਨ੍ਹਾਂ ਸ਼ਹੀਦ ਭਾਈ ਸਤਵੰਤ ਸਿੰਘ ਅਤੇ ਸ਼ਹੀਦ ਭਾਈ ਕੇਹਰ ਸਿੰਘ ਦੀ ਬਹਾਦਰੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਿੱਖਾਂ ਉੱਪਰ ਜ਼ੁਲਮ ਕਰਨ ਵਾਲੇ ਹੁਕਮਰਾਨ ਨੂੰ ਸੋਧਣ ਲਈ ਇਨ੍ਹਾਂ ਸਿੰਘਾਂ ਨੇ ਅੰਮ੍ਰਿਤ ਛੱਕ ਕੇ, ਗੁਰੂ ਵਾਲੇ ਬਣ ਕੇ ਇਤਿਹਾਸਕ ਕਾਰਨਾਮਾ ਕੀਤਾ। ਸਿੰਘ ਸਾਹਿਬ ਨੇ ਕਿਹਾ ਕਿ ਜਿਨ੍ਹਾਂ ਸ਼ਹੀਦਾਂ ਦੀ ਹਰ ਸਾਲ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਯਾਦ ਮਨਾਉਂਦਿਆਂ, ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਜਾਂਦੀਆਂ ਹਨ, ਇਹ ਆਪਣੇ ਆਪ ਵਿੱਚ ਬਹੁਤ ਵੱਡੀ, ਮਹਾਨ ਅਤੇ ਮਾਣ ਵਾਲੀ ਗੱਲ ਹੈ। ਸਿੰਘ ਸਾਹਿਬ ਨੇ ਕਿਹਾ ਕਿ ਇਹ ਮਾਣ ਸਨਮਾਨ ਹਰ ਇੱਕ ਦੇ ਹਿੱਸੇ ਨਹੀਂ ਆਉਂਦਾ। ਸਿੰਘ ਸਾਹਿਬ ਨੇ ਇਸ ਮੌਕੇ ਦੇਸ਼ ਵਿਦੇਸ਼ ਦੀਆਂ ਸਮੂਹ ਸੰਗਤਾਂ ਨੂੰ ਅੰਮ੍ਰਿਤਧਾਰੀ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਨਾਮ ਬਾਣੀ ਨਾਲ ਜੁੜਨ ਦੌਰਾਨ ਹੀ ਅਕਾਲ ਪੁਰਖ ਦੀਆਂ ਖੁਸ਼ੀਆਂ ਪ੍ਰਾਪਤ ਹੋਣਗੀਆਂ। ਉਨ੍ਹਾਂ ਨੇ ਸਮੂਹ ਸੰਗਤਾਂ ਨੂੰ 7 ਜਨਵਰੀ ਨੂੰ ਸਵੇਰੇ 11 ਵਜੇ ਮੋਹਾਲੀ ਕੌਮੀ ਇਨਸਾਫ ਮੋਰਚੇ ਵੱਲੋਂ ਐਲਾਨੇ ਗਏ ਸੰਘਰਸ਼ ਵਿੱਚ ਸ਼ਾਮਿਲ ਹੋਣ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਿੱਖ ਸੰਗਤਾਂ ਦੀ ਏਕਤਾ ਹੀ ਪਿਛਲੇ ਕਈ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖਾਂ ਨੂੰ ਰਿਹਾ ਕਰਵਾ ਸਕਦੀ ਹੈ। ਇਸ ਮੌਕੇ ਸ਼ਹੀਦ ਭਾਈ ਸਤਵੰਤ ਸਿੰਘ ਦੇ ਸਤਿਕਾਰਯੋਗ ਮਾਤਾ ਬੀਬੀ ਪਿਆਰ ਕੌਰ, ਸ਼ਹੀਦ ਭਾਈ ਸਤਵੰਤ ਸਿੰਘ ਦੇ ਭਰਾਤਾ ਭਾਈ ਵਰਿਆਮ ਸਿੰਘ, ਭਾਈ ਸਰਵਨ ਸਿੰਘ ਨਿਊਜ਼ੀਲੈਂਡ, ਭਾਈ ਗੁਰਨਾਮ ਸਿੰਘ, ਬਾਬਾ ਬਲਵਿੰਦਰ ਸਿੰਘ ਤਰਨਾ ਦਲ ਮਹਿਤਾ ਚੌਕ, ਭਾਈ ਹਰਜਿੰਦਰ ਸਿੰਘ ਦਿੱਲੀ, ਭਾਈ ਕਪਤਾਨ ਸਿੰਘ ਮੁੱਖ ਬੁਲਾਰਾ ਯੂਕੇ ਇੰਟਰਨੈਸ਼ਨਲ ਪੰਥਕ ਦਲ, ਸ਼੍ਰੋਮਣੀ ਕਮੇਟੀ ਮੈਂਬਰ, ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲੇ, ਜਥੇਦਾਰ ਬਾਬਾ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾਂ ਦਲ ਦੋਆਬਾ, ਭਾਈ ਤਰਸੇਮ ਸਿੰਘ ਪਿਤਾ ਭਾਈ ਅੰਮ੍ਰਿਤਪਾਲ ਸਿੰਘ, ਭਾਈ ਸਰਬਜੀਤ ਸਿੰਘ ਖਾਲਸਾ ਸੰਸਦ ਮੈਂਬਰ ਫਰੀਦਕੋਟ, ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਬਾਬਾ ਗੁਰਬਚਨ ਸਿੰਘ ਸੁਰਸਿੰਘ ਵਾਲੇ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਮੈਂਬਰ ਸ਼੍ਰੋਮਣੀ ਕਮੇਟੀ, ਭਾਈ ਪਰਮਜੀਤ ਸਿੰਘ ਮੋਘੋਵਾਲ, ਬਾਬਾ ਸੁਖਦੇਵ ਸਿੰਘ, ਬਾਬਾ ਅਜੀਤ ਸਿੰਘ ਅਤੇ ਹੋਰ ਸੰਗਤਾਂ ਭਾਰੀ ਗਿਣਤੀ ਵਿੱਚ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਭਾਈ ਸਰਵਨ ਸਿੰਘ ਨਿਊਜ਼ੀਲੈਂਡ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਿਆ।

## ਸੰਗਤਾਂ ਨੂੰ ਅੱਜ ਵੱਧ ਤੋਂ ਵੱਧ ਗਿਣਤੀ ਵਿੱਚ ਮੋਹਾਲੀ ਦੇ ਕੌਮੀ ਇਨਸਾਫ ਮੋਰਚੇ ਵਿੱਚ ਪਹੁੰਚਣ ਦੀ ਅਪੀਲ


ਨਾਨਕ ਨਾਮ ਚੜ੍ਹਦੀਕਲਾ, ਤੇਰੇ ਭਾਣੇ ਸਰਬੱਤ ਦਾ ਭਲਾ

ਲੋੜਵੰਦ ਪਰਿਵਾਰਾਂ ਦੀਆਂ
72 ਬੱਚੀਆਂ ਦੇ ਸਮੂਹਿਕ ਆਨੰਦ ਕਾਰਜ

51 ਬੱਚੀਆਂ ਦੇ ਅਨੰਦ ਕਾਰਜ | ਮਿਤੀ 12 ਫਰਵਰੀ 2025
ਸਥਾਨ:-
ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ

21 ਬੱਚੀਆਂ ਦੇ ਅਨੰਦ ਕਾਰਜ | ਮਿਤੀ 23 ਫਰਵਰੀ 2025
ਸਥਾਨ:-
ਗੁਰਦੁਆਰਾ ਗੁਰੂ ਗੁੰਬਸਰ ਦਾਦੂ ਸਾਹਿਬ ਸਿਰਸਾ



ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ

ਗੁਰੂ ਕਾ ਲੰਗਰ ਅਤੁੱਟ ਵਰਤੇਗਾ



ਬੱਚੀਆਂ ਦੇ ਨਾਮ ਦਰਜ ਕਰਾਉਣ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ ਜੀ
93560-60960, 81468-06395, 80540-55473

ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ

### ਹਰਿਆਣੇ ਦੇ ਸਿੱਖ ਫੈਸਲਾ ਕਰਨ ਕੇ

# ਕਮੇਟੀ ਵੱਖਰੀ ਰੱਖਣੀ ਜਾਂ ਮੁੜ ਕਰਾਉਣਾਂ ਬਾਦਲਾਂ ਦਾ ਕਬਜ਼ਾ - ਜਥੇਦਾਰ ਦਾਦੂਵਾਲ



**ਕਾਲਾਂਵਾਲੀ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਰਿਆਣੇ ਦੇ ਸਿੱਖਾਂ ਨੇ ਬੜੀ ਜੱਦੋਜਹਿਦ ਦੇ ਨਾਲ ਹੋਂਦ ਵਿੱਚ ਲਿਆਂਦੀ ਹੈ ਜਿਸ ਲਈ ਹਰਿਆਣੇ ਦੇ ਸਿੱਖਾਂ ਨੂੰ ਜੇਲਾਂ ਮੁਕੱਦਮੇ ਝੱਲਣੇ ਪਏ ਹਨ ਭੁੱਖ ਹੜਤਾਲਾਂ ਧਰਨੇ ਤੇ ਮੁਜ਼ਾਹਰੇ ਕੀਤੇ ਬੜੀ ਜੱਦੋਜਹਿਦ ਮਗਰੋਂ 2014 ਵਿੱਚ ਬਾਦਲਾਂ ਦਾ ਕਬਜ਼ਾ ਹਟਾ ਕੇ ਵੱਖਰੀ ਕਮੇਟੀ ਹੋਂਦ ਵਿੱਚ ਲਿਆਂਦੀ ਪਰ ਹੁਣ ਫਿਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਭਗੌੜੇ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਅਤੇ ਸਿੱਖ ਨੌਜਵਾਨਾਂ ਦੇ ਕਤਲਾਂ ਦੇ ਦੋਸ਼ੀ ਬਾਦਲ ਲਾਣਾ ਹਰਿਆਣਾ ਕਮੇਟੀ ਉੱਪਰ ਕਬਜ਼ਾ ਕਰਨ ਲਈ ਸਰਗਰਮ ਹੋ ਗਿਆ ਹੈ ਜਿਸ ਨੇ ਹਰਿਆਣਾ ਵਿੱਚ ਡੰਮੀ ਦਲ ਬਣਾ ਕੇ ਅਤੇ ਹਰਿਆਣੇ ਦੇ ਕੁਝ ਅਖੌਤੀ ਆਗੂਆਂ ਨੂੰ ਮੋਹਰੇ ਬਣਾ ਕੇ ਵਰਤਣਾ ਸ਼ੁਰੂ ਕਰ ਦਿੱਤਾ ਹੈ ਹਰਿਆਣੇ ਦੀਆਂ ਸਿੱਖ ਸੰਗਤਾਂ ਨੂੰ ਹੁਣ ਬੜੇ ਸੁਚੇਤ ਹੋਣ ਦੀ ਲੋੜ ਹੈ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਹਲਕਾ ਕਾਲਾਂਵਾਲੀ 35 ਨੰਬਰ ਵਾਰਡ ਤੋਂ ਉਮੀਦਵਾਰ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਪ੍ਰਗਟ ਕੀਤੇ ਜਥੇਦਾਰ ਦਾਦੂਵਾਲ ਨੇ ਕਿਹਾ ਕੇ ਹਰਿਆਣੇ ਦੇ ਸਿੱਖ ਫੈਸਲਾ ਕਰਨ ਕੇ ਹਰਿਆਣੇ ਦੀ ਕਮੇਟੀ ਨੂੰ ਵੱਖਰਾ ਰੱਖਣਾ ਕੇ ਮੁੜ ਬਾਦਲਾਂ ਦਾ ਕਬਜ਼ਾ ਕਰਾਉਣਾ ਹੈ ਉਨਾਂ ਕਿਹਾ ਕੇ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਨੂੰ ਛੱਡ ਕੇ ਬਾਕੀ ਸਾਰੀਆਂ ਡੰਮੀ ਪਾਰਟੀਆਂ ਨੇ ਬਾਦਲਾਂ ਨਾਲ ਸਮਝੌਤਾ ਕਰਕੇ ਸੀਟਾਂ ਦਾ ਲੈਣ ਦੇਣ ਕਰਕੇ ਸਾਰੇ ਇਕੱਠੇ ਹੋ ਗਏ ਹਨ ਜਥੇਦਾਰ ਦਾਦੂਵਾਲ ਨੇ ਕਿਹਾ ਕੇ ਵੱਖਰੀ ਕਮੇਟੀ ਬਣਾਉਣ ਕਾਰਨ ਹੀ ਅਸੀਂ ਹਰਿਆਣੇ ਦੇ ਸਿੱਖ ਨੌਜਵਾਨਾਂ ਨੂੰ ਭਰਤੀ ਕੀਤਾ ਧਰਮ ਪ੍ਰਚਾਰ ਦੇ ਦਫ਼ਤਰ ਖੋਲੇ ਸਕੂਲਾਂ ਵਿੱਚ ਅੰਮ੍ਰਿਤਧਾਰੀ ਸਿੱਖ ਬੱਚਿਆਂ ਦੀਆਂ ਫੀਸਾਂ ਮੁਆਫ ਕੀਤੀਆਂ ਅਤੇ ਪਿੰਡਾਂ ਦੇ ਗੁਰੂ ਘਰਾਂ ਨੂੰ ਸਹਾਇਤਾ ਫੰਡ ਜਾਰੀ ਕੀਤੇ ਗਏ ਨਹੀਂ ਤਾਂ ਬਾਦਲ ਸਾਰਾ ਇਕੱਠਾ ਕਰਕੇ ਲੈ ਜਾਂਦੇ ਸਨ ਇਹ ਹੁਣ ਹਰਿਆਣੇ ਦੇ ਸਿੱਖਾਂ ਨੇ ਫੈਸਲਾ ਕਰਨਾ ਹੈ ਕਿ ਜੋ ਪ੍ਰਚਾਰ ਪ੍ਰਸਾਰ ਹੋ ਰਿਹਾ ਹੈ ਇਹਨੂੰ ਨਿਰੰਤਰ ਜਾਰੀ ਰੱਖਣਾ ਕੇ ਜਾਂ ਮੁੜ ਵੱਖਰੀ ਕੀਤੀ ਕਮੇਟੀ ਦੇ ਬਾਦਲਾਂ ਦਾ ਕਬਜ਼ਾ ਕਰਵਾਉਣਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਓਲੰਪੀਅਨ ਪਹਿਲਵਾਨ ਸੁਨੀਲ ਕੁਮਾਰ ਵੱਲੋਂ

# ਆਲ ਇੰਡੀਆ ਇੰਟਰ ਯੂਨੀਵਰਸਿਟੀ ਫਰੀ ਸਟਾਇਲ ਕੁਸ਼ਤੀ ਚੈਂਪੀਅਨਸ਼ਿਪ 2024-25 ਦਾ ਉਦਘਾਟਨ



ਤਲਵੰਡੀ ਸਾਬੋ, 7 ਜਨਵਰੀ (ਗੁਰਜੰਟ ਸਿੰਘ ਨਥੇਹਾ)- ਪ੍ਰੋ.(ਡਾ.) ਇੰਦਰਜੀਤ ਸਿੰਘ ਉਪ ਕੁਲਪਤੀ ਦੀ ਪ੍ਰੇਰਣਾ ਹੇਠ ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਚੱਲ ਰਹੇ ਖੇਡ ਮਹਾਂ ਕੁੰਭ ਦੇ ਤੀਜੇ ਪੜਾਅ ਵਿੱਚ ਆਲ ਇੰਡੀਆ ਇੰਟਰ ਯੂਨੀਵਰਸਿਟੀ ਫਰੀ ਸਟਾਇਲ ਕੁਸ਼ਤੀ ਚੈਂਪੀਅਨਸ਼ਿਪ-2024-25 (ਲੜਕਿਆਂ) ਦਾ ਸ਼ੁਭ ਆਰੰਭ ਓਲੰਪੀਅਨ ਪਹਿਲਵਾਨ ਸੁਨੀਲ ਕੁਮਾਰ ਵੱਲੋਂ ਕੀਤਾ ਗਿਆ। ਇਸ ਮੌਕੇ ਐਸੋਸੀਏਸ਼ਨ ਆਫ਼ ਇੰਡੀਅਨ ਯੂਨੀਵਰਸਿਟੀਜ਼ ਦੇ ਅਬਜ਼ਰਵਰ ਡਾ. ਸੁਰੇਸ਼ ਮਲਿਕ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਚੈਂਪੀਅਨਸ਼ਿਪ ਦੇ ਮੁੱਖ ਮਹਿਮਾਨ ਨੇ ਪਹਿਲਾਵਾਨਾਂ ਦੀ ਹੌਂਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਉਹ ਖੇਡਾਂ ਵਿੱਚ ਭਾਰਤ ਦਾ ਭਵਿੱਖ ਹਨ। ਭਾਰਤਵਾਸੀ ਆਉਣ ਵਾਲੀਆਂ ਏਸ਼ਿਆਈ ਅਤੇ ਓਲੰਪਿਕ ਖੇਡਾਂ ਵਿੱਚ ਉਨ੍ਹਾਂ ਤੋਂ ਤਗਮੇ ਦੀ ਉਮੀਦ ਕਰਦੇ ਹਨ। ਉਨ੍ਹਾਂ ਨੌਜਵਾਨ ਵਰਗ ਨੂੰ ਨਸ਼ੇ ਤੋਂ ਦੂਰ ਰਹਿ ਕੇ ਖੇਡ ਮੈਦਾਨ ਵਿੱਚ ਇਮਾਨਦਾਰੀ ਨਾਲ ਲਗਾਤਾਰ ਅਭਿਆਸ ਕਰਨ ਦੀ ਸਲਾਹ ਦਿੱਤੀ ਅਤੇ ਚੈਂਪੀਅਨਸ਼ਿਪ ਵਿੱਚ ਖੇਡ ਭਾਵਨਾ ਅਤੇ ਅਨੁਸ਼ਾਸਨ ਵਿੱਚ ਰਹਿ ਕੇ ਮੁਕਾਬਲਾ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਇਸ ਸ਼ਾਨਦਾਰ ਖੇਡ ਆਯੋਜਨ ਲਈ ਮੇਜ਼ਬਾਨ ਟੀਮ ਅਤੇ ਪ੍ਰਬੰਧਕਾਂ ਦੇ ਉੱਦਮ ਦੀ ਸ਼ਲਾਘਾ ਕੀਤੀ। ਇਸ ਮੌਕੇ ਡਾ. ਰਾਜ ਕੁਮਾਰ ਸ਼ਰਮਾ ਨੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਭਾਰਤ ਦੀਆਂ 226 ਯੂਨੀਵਰਸਿਟੀਆਂ ਦੇ 1523 ਖਿਡਾਰੀ ਵੱਖ-ਵੱਖ ਭਾਰ ਵਰਗ ਵਿੱਚ ਜ਼ੋਰ ਅਜ਼ਮਾਇਸ਼ ਕਰਨਗੇ। ਉਨ੍ਹਾਂ ਦੱਸਿਆ ਕਿ ਨਿਯਮ ਬੱਧ ਅਤੇ ਸਮੇਂ ਬੱਧ ਮੁਕਾਬਲੇ ਲਈ ਆਲ ਇੰਡੀਆ ਇੰਟਰ ਯੂਨੀਵਰਸਿਟੀ ਦੇ ਲਗਭਗ 50 ਅਧਿਕਾਰੀ, 250 ਤੋਂ ਜ਼ਿਆਦਾ ਕੋਚ, ਮੈਨੇਜ਼ਰ ਅਤੇ 300 ਵਲੰਟੀਅਰ ਦਿਨ ਰਾਤ ਆਪਣੀਆਂ ਸੇਵਾਵਾਂ ਦੇ ਰਹੇ ਹਨ। ਹੁਣ ਤੱਕ ਹੋਏ ਚੈਂਪੀਅਨਸ਼ਿਪ ਦੇ ਨਤੀਜਿਆਂ ਵਿੱਚ ਮੇਜ਼ਬਾਨ ਯੂਨੀਵਰਸਿਟੀ ਜੀ.ਕੇ.ਯੂ. ਦੇ ਪਹਿਲਵਾਨਾਂ ਦਾ ਦਬਦਬਾ ਰਿਹਾ। ਜਿਨ੍ਹਾਂ ਵਿੱਚ ਕ੍ਰਮਵਾਰ ਮੇਜ਼ਬਾਨ ਟੀਮ ਦੇ ਪਹਿਲਵਾਨ 57 ਕਿਲੋ ਭਾਰ ਵਰਗ ਵਿੱਚ ਸਾਗਰ ਨੇ ਸ਼ੁਭਮ ਛੱਤਰਪਤੀ ਸ਼ਿਵਾਜੀ ਮਹਾਰਾਜ ਯੂਨੀਵਰਸਿਟੀ ਕਾਨਪੁਰ, 79 ਕਿਲੋ ਭਾਰ ਵਰਗ ਵਿੱਚ ਪਰਵਿੰਦਰ ਸਿੰਘ ਨੇ ਪੁਨੀਤ ਲਵਲੀ ਯੂਨੀਵਰਸਿਟੀ ਪੰਜਾਬ, 92 ਕਿਲੋ ਭਾਰ ਵਰਗ ਵਿੱਚ ਸਚਿਨ ਨੇ ਉਰਮੀਤ ਦਾਹੀਆ ਲੈਮਰੀਨ ਟੈਕਨੀਕਲ ਯੂਨੀਵਰਸਿਟੀ, ਪੰਜਾਬ ਨੂੰ ਹਰਾ ਕੇ ਸੋਨ ਤਗਮੇ ਜਿੱਤੇ। ਡਾ. ਬਲਵਿੰਦਰ ਕੁਮਾਰ ਸ਼ਰਮਾ, ਡੀਨ ਫੈਕਲਟੀ ਆਫ ਫਿਜ਼ੀਕਲ ਐਜੂਕੇਸ਼ਨ ਨੇ ਦੱਸਿਆ ਕਿ ਚੈਂਪੀਅਨਸ਼ਿਪ ਦਾ ਇਨਾਮ ਵੰਡ ਸਮਾਰੋਹ ਬੁੱਧਵਾਰ ਨੂੰ ਹੋਵੇਗਾ ਜਿਸ ਵਿੱਚ ਡਾ. ਇੰਦਰਜੀਤ ਸਿੰਘ ਉਪ ਕੁਲਪਤੀ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਉਨ੍ਹਾਂ ਕਿਹਾ ਕਿ ਇਲਾਕੇ ਦੇ ਯੁਵਾ ਵਰਗ ਨੂੰ ਖੇਡਾਂ ਅਤੇ ਸਰੀਰਕ ਤੰਦਰੁਸਤੀ ਪ੍ਰਤੀ ਜਾਗਰੂਕ ਕਰਨ ਲਈ ਵਰਸਿਟੀ ਵੱਲੋਂ ਇਸ ਤਰ੍ਹਾਂ ਦੇ ਵੱਡੇ ਆਯੋਜਨ ਕੀਤੇ ਜਾਂਦੇ ਹਨ। ਚੈਂਪੀਅਨਸ਼ਿਪ ਵਿੱਚ 10 ਸੋਨ 10 ਚਾਂਦੀ ਅਤੇ 20 ਕਾਂਸੇ ਦੇ ਤਗਮੇ ਦਾਅ ਤੇ ਲੱਗੇ ਹਨ। ਇਲਾਕੇ ਦੇ ਨੌਜਵਾਨਾਂ ਵਿੱਚ ਇਸ ਖੇਡ ਮੇਲੇ ਪ੍ਰਤੀ ਖੂਬ ਉਤਸਾਹ ਵੇਖਿਆ ਜਾ ਰਿਹਾ ਹੈ।



**☛ 226 ਯੂਨੀਵਰਸਿਟੀਆਂ ਦੇ 1523 ਖਿਡਾਰੀ ਕਰ ਰਹੇ ਨੇ ਜ਼ੋਰ ਅਜ਼ਮਾਇਸ਼ ☛ ਮੇਜ਼ਬਾਨ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਪਹਿਲਵਾਨਾਂ ਦਾ ਦਬਦਬਾ**

ਆਵਾਜ਼ਿ ਕੌਮ AWAZE QAUM International Newspaper & WEB TV

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ



**ਤਲਵੰਡੀ ਸਾਬੋ, 7 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਦੀ ਅਗਵਾਈ ਹੇਠ ਹੋਈ ਜਿਸ ਵਿੱਚ 95 ਤੋਂ ਵੱਧ ਸਾਥੀਆਂ ਨੇ ਭਾਗ ਲਿਆ। ਇਸ ਮੀਟਿੰਗ ਜਿੱਥੇ ਵੱਖ ਵੱਖ ਮੁੱਦਿਆਂ ’ਤੇ ਖਾਸ ਚਰਚਾ ਕੀਤੀ ਉਥੇ ਹੀ ਸਰਬਸੰਮਤੀ ਚੋਣ ਵੀ ਕੀਤੀ ਗਈ। ਬਲਾਕ ਪ੍ਰਧਾਨ ਸ੍ਰ. ਘਈ ਨੇ ਦੱਸਿਆ ਕਿ ਬਲਾਕ ਦੀ ਸਾਰੀ ਪੁਰਾਣੀ ਬਾਡੀ ਨੂੰ ਸਰਬਸੰਮਤੀ ਨਾਲ ਤਿੰਨ ਸਾਲਾਂ ਲਈ ਚੁਣਿਆ ਗਿਆ ਹੈ। ਲੇਡੀ ਵਿੰਗ ਲਈ ਪ੍ਰਧਾਨ ਕਿਰਨਪਾਲ ਕੌਰ ਅਤੇ ਮੀਤ ਪ੍ਰਧਾਨ ਸਰਬਜੀਤ ਕੌਰ ਨੂੰ ਚੁਣਿਆ ਗਿਆ।ਉਹਨਾਂ ਕਿਹਾ ਕਿ ਜਿਵੇਂ ਕਿ ਜ਼ਿਲ੍ਹੇ ਵੱਲੋਂ ਭਾਵੇਂ ਖਨੌਰੀ ਬਾਰਡਰ ਤੇ ਕੈਂਪ ਅਤੇ ਜਿਲਾ ਪ੍ਰਧਾਨ ਵੱਲੋਂ ਜੋ ਵੀ ਬਲਾਕ ਨੂੰ ਹੁਕਮ ਲਗਾਇਆ ਸਿਰ ਮਿਥੇ ਪ੍ਰਵਾਨ ਕੀਤਾ ਅਤੇ ਸਮਾਜ ਸੇਵੀ ਕੰਮਾਂ ਵਿਚ ਜਥੇਬੰਦੀ ਨੇ ਵੱਧ ਚੜ੍ਹ ਕੇ ਯੋਗਦਾਨ ਪਾਇਆ ਅਤੇ ਪਾਉਂਦੀ ਰਹੇਗੀ। ਇਸ ਮੀਟਿੰਗ ਵਿਚ ਪਹੁੰਚੇ ਸਾਰੇ ਸਾਥੀਆਂ ਨੂੰ ਚੇਅਰਮੈਨ ਜੋਗਿੰਦਰ ਸਿੰਘ ਜਗਾ ਅਤੇ ਸੀਨੀਅਰ ਮੀਤ ਪ੍ਰਧਾਨ ਨਛੱਤਰ ਸਿੰਘ ਨਥੇਹਾ ਨੇ ਵਿਸ਼ੇਸ਼ ਤੌਰ ’ਤੇ ਜੀ ਆਇਆਂ ਕਿਹਾ ਅਤੇ ਪਹੁੰਚਣ ਲਈ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਕਾਰਜਕਾਰੀ ਮੈਂਬਰ ਲਛਮਣ ਕੁਮਾਰ ਜਗਾ ਬਲਾਕ ਮੀਤ ਪ੍ਰਧਾਨ ਭੋਲਾ ਸਿੰਘ ਸ਼ੇਖਪੁਰਾ ਕੈਸ਼ੀਅਰ ਬਿੱਕਰ ਸਿੰਘ ਸਿੱਧੂ, ਜਸਵੀਰ ਸਿੰਘ ਕੋਟਬਖਤੂ, ਮੋਦਨ ਸਿੰਘ ਸੁਖਲੱਧੀ, ਰੇਸ਼ਮ ਸਿੰਘ ਭਾਗੀਵਾਂਦਰ, ਗੱਗੜ ਸਿੰਘ ਗਹਿਲੇਵਾਲਾ, ਬਲਵੰਤ ਸਿੰਘ ਤਲਵੰਡੀ, ਸੁਖਵਿੰਦਰ ਸਿੰਘ ਮਾਨ, ਭਰਪੂਰ ਸਿੰਘ ਸੀਂਗੋ, ਰਾਜ ਕੁਮਾਰ ਰਾਮਾਂ ਮੰਡੀ, ਪਿਰਤਪਾਲ ਬੰਗੇਹਰ, ਨੇਕ ਸਿੰਘ ਨੰਗਲਾ, ਜਗਰੂਪ ਸਿੰਘ ਗੋਲੇਵਾਲਾ, ਮਨਜੀਤ ਸਿੰਘ ਧਿੰਗੜ, ਬਸੰਤ ਸਿੰਘ ਲੇਲੇਵਾਲਾ, ਜਸਕਰਨ ਸਿੰਘ ਮੱਲਵਾਲਾ, ਗੁ.ਲਾਬ ਸਿੰਘ ਫੁੱਲੋਖਾਰੀ, ਬਲਵੰਤ ਸਿੰਘ ਕਣਕਵਾਲ, ਹਰਜਿੰਦਰ ਸਿੰਘ ਮਲਕਾਣਾ, ਕੁਲਵਿੰਦਰ ਸਿੰਘ ਕੋਟਫੱਤਾ, ਕੇਵਲ ਸਿੰਘ ਸੁਖਲੱਧੀ, ਅਮਨਦੀਪ ਸਿੰਘ ਜੀਵਨ ਸਿੰਘ ਵਾਲਾ, ਰਾਜੇਸ਼ ਸਿੰਘ ਰਾਮਾਂ ਮੰਡੀ, ਜਗਸੀਰ ਸਿੰਘ ਸੀਂਗੋ, ਲਖਵਿੰਦਰ ਸਿੰਘ ਕੌਰੇਆਣਾ, ਜੀ ਐੱਸ ਖੋਖਰ, ਦਰਸ਼ਨ ਰਾਮ ਰਾਮਾਂ ਮੰਡੀ, ਜਸਵਿੰਦਰ ਸਿੰਘ ਮਲਕਾਣਾ, ਗੁਰਮੇਲ ਸਿੰਘ ਬਹਿਣੀਵਾਲ, ਇੰਦਰਜੀਤ ਸਿੰਘ ਰਾਮਾਂ, ਗੁਰਪ੍ਰੀਤ ਸਿੰਘ, ਰਾਜ ਕੁਮਾਰ ਬੰਗੀ, ਜਸਕਰਨ ਸਿੰਘ ਮਲਕਾਣਾ, ਬੂਟਾ ਸਿੰਘ, ਗੁਰਮੀਤ ਸਿੰਘ ਜਗਾ, ਬੂਟਾ ਸਿੰਘ, ਗੁਰਤੇਜ ਸਿੰਘ, ਗੁਰਲਾਲ ਸਿੰਘ ਬਹਿਮਣ, ਗੁਰਦੀਪ ਸਿੰਘ ਲੇਲੇਵਾਲਾ, ਜਸਵੰਤ ਸਿੰਘ ਨਸੀਬਪੁਰਾ, ਬਲੌਰ ਸਿੰਘ ਭਾਗੀਵਾਂਦਰ, ਸੁਭਾਸ਼ ਚੰਦਰ ਸੀਂਗੋ, ਗੁਰਪ੍ਰੀਤ ਸਿੰਘ ਸੁਖਲੱਧੀ, ਗੁਰਵਿੰਦਰ ਸਿੰਘ ਬੰਗੀ ਦੀਪਾ, ਅੰਤਰ ਸਿੰਘ ਮਾਨ ਵਾਲਾ, ਜਗਸੀਰ ਸਿੰਘ ਰਾਮਸਰਾ, ਵਿਜੈ ਕੁਮਾਰ ਬਾਘਾ, ਗੁਰਦੀਪ ਸਿੰਘ ਜੀਵਨ ਸਿੰਘ ਵਾਲਾ, ਹਰਜੀਤ ਸਿੰਘ ਰਾਮਾਂ ਮੰਡੀ, ਸੁਖਮੰਦਰ ਸਿੰਘ ਬੰਗੀ ਦੀਪਾ, ਗੁਰਸੇਵਕ ਸਿੰਘ ਲੇਲੇਵਾਲਾ, ਸੁਖਦੇਵ ਸਿੰਘ ਮਿਰਜੇਆਣਾ, ਕੇਵਲ ਸਿੰਘ ਜੀਵਨ ਸਿੰਘ ਵਾਲਾ, ਵਿਜੈਪਾਲ ਸਿੰਘ ਤਲਵੰਡੀ ਸਾਬੋ, ਅਮ੍ਰਿਤਪਾਲ ਸਿੰਘ ਤਲਵੰਡੀ ਸਾਬੋ, ਜਰਨੈਲ ਸਿੰਘ ਕੌਰੇਆਣਾ, ਜਸਪਾਲ ਸਿੰਘ, ਹਰਪ੍ਰੀਤ ਸਿੰਘ ਕੋਟਭਾਰਾ, ਪ੍ਰਗਟ ਸਿੰਘ ਕੋਟ ਫੱਤਾ, ਜਸਵੀਰ ਸਿੰਘ ਢਿੱਲੋਂ, ਹਰਭਗਵਾਨ ਸਿੰਘ ਸ਼ੇਖਪੁਰਾ, ਮਿੱਠੂ ਖਾਨ ਲੇਲੇਵਾਲਾ ਆਦਿ ਸਾਥੀਆਂ ਨੇ ਭਾਗ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

# 9 ਦੀ ਮੋਗਾ ਮਹਾਂਪੰਚਾਇਤ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਗੁਰੂਹਰਸਹਾਏ ਨੇ ਕੀਤੀ ਮੀਟਿੰਗ




ਫ਼ਿਰੋਜ਼ਪੁਰ, 7 ਜਨਵਰੀ (ਮਨੋਹਰ ਲਾਲ) :— ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਬਲਾਕ ਗੁਰੂਹਰਸਹਾਏ ਦੀ ਮੀਟਿੰਗ ਜ਼ਿਲਾ ਪ੍ਰਧਾਨ ਜੰਗੀਰ ਸਿੰਘ ਖਹਿਰਾ, ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ, ਮੀਤ ਪ੍ਰਧਾਨ ਬਗੀਚਾ ਸਿੰਘ ਦੀ ਅਗਵਾਈ ਹੇਠ ਪਿੰਡ ਸੈਦੇ ਕੇ ਮੋਹਣ ਵਿੱਚ ਕੀਤੀ ਗਈ, ਇਸ ਦੌਰਾਨ ਸਾਰੀਆਂ ਬਲਾਕ ਇਕਾਈਆਂ ਦੇ ਆਗੂ ਪਹੁੰਚੇ। ਅੱਜ ਦੀ ਮੀਟਿੰਗ 9 ਨੂੰ ਮੋਗਾ ਵਿੱਚ ਹੋਣ ਵਾਲੀ ਮਹਾਂਪੰਚਾਇਤ ਵਿੱਚ ਵੱਡੀ ਗਿਣਤੀ ਸ਼ਾਮਿਲ ਹੋਣ ਲਈ ਸਾਰੀਆਂ ਇਕਾਈਆਂ ਨੂੰ ਲਾਮਬੰਦ ਕਰਨ ਲਈ ਤੇ ਬਲਾਕ ਵੱਲੋਂ ਪਿੰਡ ਬੂਲਾ ਰਾਏ ਉਤਾੜ ਤੇ ਮੋਹਣ ਕੇ ਹਿਠਾੜ ਵਿਚ ਬਣਾਈਆਂ ਨਵੀਆਂ ਇਕਾਈਆਂ ਨੂੰ ਅਸ਼ੀਰਵਾਦ ਦੇਣ ਲਈ ਕੀਤੀ ਗਈ, ਜਿਸ ਵਿੱਚ ਪ੍ਰਧਾਨ ਜੰਗੀਰ ਸਿੰਘ ਖਹਿਰਾ ਨੇ ਬੜੇ ਵਿਸਥਾਰ ਪੂਰਵਕ ਜੋ ਇਹ ਮਹਾਂ ਪੰਚਾਇਤਾਂ ਕੀਤੀਆਂ ਜਾ ਰਹੀ ਹੈ, ਉਸ ਬਾਬਤ ਬੜੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਿਸ ਵਿੱਚ ਉਨ੍ਹਾਂ ਕਿਹਾ ਕਿ ਜਿਹੜੇ ਅਸੀਂ 2020—21ਅਦੋਲਨ ਦੌਰਾਨ ਕਾਨੂੰਨ ਵਾਪਸ ਕਰਾਕੇ ਆਏ ਸੀ, ਦੁਬਾਰਾ ਫਿਰ ਮੋਦੀ ਸਰਕਾਰ ਕਿਸੇ ਨਾ ਕਿਸੇ ਤਰੀਕੇ ਨਾਲ ਸਟੇਟਾਂ ਨੂੰ ਨਵੇਂ ਖਰੜੇ ਭੇਜ ਕੇ ਲਾਗੂ ਕਰਨਾ ਚਾਹੁੰਦੀ ਹੈ, ਜਿਸ ਵਿੱਚ ਸਾਡੀਆਂ ਸਰਕਾਰੀ ਮੰਡੀਆਂ ਨੂੰ ਖਤਮ ਕਰਨ ਦਾ ਮਸੋਦਾ ਹੈ ਅਤੇ ਪ੍ਰਾਈਵੇਟ ਕੋਆਪਰੇਟਿਵ ਘਰਾਨਿਆਂ ਨੂੰ ਮੰਡੀਆਂ ਖੋਲਨ ਦਾ ਖਰੜਾ ਹੈ। ਸਾਡੀਆਂ ਫਸਲਾਂ ਉਨ੍ਹਾਂ ਕੋਆਪਰੇਟਿਵ ਦੇਣ ਲਈ ਕਨੂੰਨ ਬਣਾਉਣ ਜਾ ਰਹੇ ਹਨ, ਜਿਸ ਦਾ ਬਹੁਤ ਵੱਡਾ ਨੁਕਸਾਨ ਕਿਸਾਨਾਂ ਮਜ਼ਦੂਰਾਂ ਛੋਟੇ ਦੁਕਾਨਦਾਰਾਂ ਨੂੰ ਹੋਣ ਵਾਲਾ ਹੈ ਜੋ ਸਰਕਾਰੀ ਮੰਡੀਆਂ ਹਨ ਉਸ ਵਿੱਚ ਹਜ਼ਾਰਾਂ ਮਜ਼ਦੂਰ ਕੰਮ ਕਰਦੇ ਹਨ ਜੋ ਕਿ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰਦੇ ਹਨ ਰੇੜੀਆਂ ਫੜੀਆਂ ਵਾਲੇ ਜਾਂ ਮੰਡੀਆਂ ਦੀਆਂ ਮਾਰਕੀਟ ਕਮੇਟੀਆਂ ਵਿੱਚ ਸੈਂਕੜੇ ਕਰਮਚਾਰੀ ਮੁਲਾਜ਼ਮ ਹਨ। ਪੰਜਾਬ ਦੀਆਂ ਖਰੀਦ ਏਜੰਸੀਆਂ ਵਿੱਚ ਅਨੇਕਾਂ ਮੁਲਾਜ਼ਮਾਂ ਹਨ ਜੋ ਕਿ ਇਸ ਮੰਡੀਆਂ ਨਾਲ ਜੁੜੇ ਹਨ ਤੇ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰਦੇ ਹਨ। ਟਰਾਂਸਪੋਰਟ ਵਾਲੇ ਟਰੱਕਾਂ ਵਾਲੇ ਜੋ ਕਿ ਇਥੋਂ ਦੀ ਫਸਲ ਦੀ ਢੋਆ ਢੁਆਈ ਕਰਦੇ ਹਨ, ਉਹ ਨਾਲ ਜੁੜੇ ਹਨ ਮੰਡੀਆਂ ਮਨੀਮ ਜੁੜੇ ਹਨ ਆੜਤੀਏ ਜੁੜੇ ਹਨ ਜਾਂ ਕੋਈ ਛੋਟੇ ਮੋਟੇ ਦੁਕਾਨਦਾਰ ਹਨ ਢਾਬਿਆਂ ਵਾਲੇ ਹਨ ਅਨੇਕਾਂ ਹੀ ਇਹ ਸਾਡੀਆਂ ਸਰਕਾਰੀ ਮੰਡੀਆਂ ਨਾਲ ਜੁੜੇ ਹਨ, ਜੋ ਇੱਥੋਂ ਮਾਰਕਿਟ ਫੀਸ ਲਗਦੀ ਹੈ, ਉਹ ਸਾਡੇ ਪੰਜਾਬ ਦੀ ਡਿਵੈਲਪਮੈਂਟ ਖਰਚਿਆ ਖਰਚਿਆ ਜਾਂਦੀ ਹੈ, ਸੜਕਾਂ ਬਣਾਈਆਂ ਜਾਂਦੀਆਂ ਹਨ ਜਾਂ ਹੋਰ ਕੋਈ ਸਰਕਾਰੀ ਡਿਵੈਲਪਮੈਂਟ ਲਈ ਵਰਤਿਆ ਜਾਂਦੀ ਹੈ, ਜਿਸ ਨੂੰ ਮੋਦੀ ਸਰਕਾਰ ਖਤਮ ਕਰਨ ਜਾ ਰਹੀ ਹੈ ਅਤੇ ਇਹ ਸਾਰਾ ਪ੍ਰਾਈਵੇਟ ਮੰਡੀਆਂ ਦੇ ਹੱਥਾ ਵਿੱਚ ਕਰਨ ਜਾ ਰਹੀ ਹੈ। ਇਸ ਵਾਸਤੇ ਸਾਨੂੰ ਸਾਰਿਆਂ ਨੂੰ ਇਕੱਤਰ ਹੋ ਕੇ ਅੱਗੇ ਨਾਲੋਂ ਵੀ ਇੱਕ ਵੱਡੀ ਲੜਾਈ ਲੜਨੀ ਪਵੇਗੀ ਤਾਂ ਕਿ ਸਾਨੂੰ ਆਪਣੀਆਂ ਫਸਲਾਂ ਨਸਲਾਂ ਨੂੰ ਬਚਾਇਆ ਜਾ ਸਕੇ ਜਿਸ ਦੇ ਚਲਦਿਆਂ 9 ਤਰੀਕ ਨੂੰ ਮੋਗਾ ਵਿਖੇ ਇੱਕ ਮਹਾ ਪੰਚਾਇਤ ਕੀਤੀ ਜਾ ਰਹੀ ਹੈ, ਜਿਸ ਵਿਚ ਵੱਧ ਚੜ ਕੇ ਸਾਰੇ ਇਸ ਮਹਾ ਪੰਚਾਇਤ ਵਿੱਚ ਸ਼ਾਮਿਲ ਹੋਈਏ। ਇਸ ਸਮੇਂ ਬਲਾਕ ਪ੍ਰਧਾਨ ਸੁਖਦੇਵ ਢੋਟ ਜਨਰਲ ਸਕੱਤਰ ਮੰਗਲ ਦਾਸ, ਖਜਾਨਚੀ ਸਤਨਾਮ ਚੰਦ ਸੰਧਾ, ਮੀਤ ਪ੍ਰਧਾਨ ਰਕੇਸ਼ ਕੁਮਾਰ ਬਹਾਦਰ ਕੇ, ਪ੍ਰੈਸ ਸਕੱਤਰ ਰਮਨ ਕੁਮਾਰ, ਇਕਾਈਆਂ ਦੇ ਆਗੂ ਗੁਰਦਿਆਲ ਚੰਦ ਪ੍ਰਧਾਨ ਸੈਦੇ ਕੇ, ਪੰਜੇ ਕੇ ਦੇ ਪ੍ਰਧਾਨ ਸਤਨਾਮ ਚੰਦ, ਮੋਹਣ ਕੇ ਤੋਂ ਪ੍ਰਧਾਨ ਸੰਦੀਪ ਕੁਮਾਰ, ਬੋਲਾ ਰਾਏ ਤੋਂ ਪ੍ਰਧਾਨ ਅੰਗਰੇਜ਼ ਸਿੰਘ, ਜਨਰਲ ਸਕੱਤਰ ਮਹਿੰਦਰ ਸਿੰਘ, ਬੋੜਾ ਚੱਕ ਤੋਂ ਪ੍ਰਧਾਨ ਗੁਰਦੇਵ ਸਿੰਘ, ਮੰਗਤ ਰਾਮ, ਸ਼ਹੀਦ ਉਧਮ ਸਿੰਘ ਵਾਲਾ ਤੋਂ ਮਿਲਖ ਰਾਜ, ਹਾਜੀ ਬੇਟੂ ਤੋਂ ਪ੍ਰਧਾਨ ਚੰਦਰ ਪ੍ਰਕਾਸ਼, ਨਿਰੰਜਨ ਦਾਸ, ਬਲਵਿੰਦਰ ਸਿੰਘ, ਗੁਰਮੇਲ ਸਿੰਘ, ਸ਼ਾਮ ਲਾਲ, ਮੰਗਤ ਰਾਮ ਨੰਬਰਦਾਰ, ਕਾਕਾ, ਸੋਨੂ ਨੰਬਰਦਾਰ ਪੰਜੇ ਕੇ, ਸੁਖ ਦਿਆਲ ਨੰਬਰਦਾਰ, ਇਕਬਾਲ ਚੰਦ ਨੰਬਰਦਾਰ, ਮੇਜਰ ਸਿੰਘ, ਜੱਟੂ ਰਾਮ,ਬੂੜ ਸਿੰਘ ਤੇ ਹੋਰ ਬਹੁਤ ਸਾਰੇ ਕਿਸਾਨ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਫ਼ਾਂਸੀ ਦੇ ਤਖ਼ਤੇ 'ਤੇ ਖੜ੍ਹ ਕੇ ਸਤਵੰਤ ਸਿੰਘ ਅਤੇ ਕੇਹਰ ਸਿੰਘ ਨੇ

# 'ਬੋਲੇ ਸੋ ਨਿਹਾਲ' ਦੇ ਜੈਕਾਰੇ ਗਜਾਏ : ਜੇਲ੍ਹਰ ਸੁਨੀਲ ਗੁਪਤਾ

**ਸ਼ਹੀਦ ਭਾਈ ਸਤਵੰਤ ਸਿੰਘ** ਅਤੇ ਸ਼ਹੀਦ ਭਾਈ ਕੇਹਰ ਸਿੰਘ ਦੇ ਆਖ਼ਰੀ ਪਲ਼ਾਂ ਨੂੰ ਤਿਹਾੜ ਜੇਲ੍ਹ ਦੇ ਅਫ਼ਸਰ ਸੁਨੀਲ ਗੁਪਤਾ ਨੇ ਆਪਣੀ ਕਿਤਾਬ 'ਬਲੈਕ ਵਰੰਟ' ਵਿੱਚ ਬਾਖ਼ੂਬੀ ਕਲਮਬੰਦ ਕੀਤਾ ਹੈ ਜੋ ਅੰਗਰੇਜ਼ੀ ਵਿੱਚ ਹੈ, ਇਹ ਕਿਤਾਬ ਉਹਨਾਂ ਨੇ ਸੀਨੀਅਰ ਪੱਤਰਕਾਰ ਸੁਨੇਤਰਾ ਚੌਧਰੀ ਦੇ ਨਾਲ਼ ਮਿਲ਼ ਕੇ ਲਿਖੀ ਹੈ। ਜੇਲ੍ਹਰ ਸੁਨੀਲ ਗੁਪਤਾ ਲਿਖਦਾ ਹੈ ਕਿ ਤਿਹਾੜ ਜੇਲ੍ਹ ਦੇ ਇਤਿਹਾਸ ਵਿੱਚ ਸਤਵੰਤ ਸਿੰਘ ਅਤੇ ਕੇਹਰ ਸਿੰਘ ਅਜਿਹੇ ਵਿਅਕਤੀਆਂ ਦੇ ਤੌਰ 'ਤੇ ਜਾਣੇ ਜਾਣਗੇ ਜਿਨ੍ਹਾਂ ਨੇ ਸਿੱਖ ਰਵਾਇਤਾਂ ਅਨੁਸਾਰ ਫ਼ਾਂਸੀ ਦੇ ਤਖ਼ਤੇ 'ਤੇ ਖੜ੍ਹ ਕੇ 'ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ' ਦੇ ਜੈਕਾਰੇ ਗਜਾਏ।



ਗੁਪਤਾ ਨੇ ਤਿਹਾੜ ਜੇਲ੍ਹ 'ਚ 35 ਸਾਲਾ ਨੌਕਰੀ ਦੌਰਾਨ ਬਿੱਲਾ ਅਤੇ ਰੰਗਾ ਨੂੰ 1982, ਮਕਬੂਲ ਭੱਟ ਨੂੰ 1984, ਕਰਤਾਰ ਸਿੰਘ ਅਤੇ ਉਜਾਗਰ ਸਿੰਘ ਨੂੰ 1985, ਸਤਵੰਤ ਸਿੰਘ ਅਤੇ ਕੇਹਰ ਸਿੰਘ ਨੂੰ 1989 ਅਤੇ ਅਫ਼ਜ਼ਲ ਗੁਰੂ ਨੂੰ 2013 'ਚ ਫ਼ਾਂਸੀ 'ਤੇ ਝੂਲਦਿਆਂ ਅੱਖੀਂ ਵੇਖਿਆ।

ਜੇਲ੍ਹਰ ਲਿਖਦਾ ਹੈ ਕਿ ਦਸੰਬਰ 1984 'ਚ ਤਿਹਾੜ ਜੇਲ੍ਹ ਨੇ ਇੰਦਰਾ ਗਾਂਧੀ ਦੇ ਕਤਲ ਕੇਸ 'ਚ ਕੇਹਰ ਸਿੰਘ, ਸਤਵੰਤ ਸਿੰਘ ਅਤੇ ਬਲਬੀਰ ਸਿੰਘ ਵਿਰੁੱਧ ਕੇਸ ਚਲਾਉਣ ਲਈ ਆਪਣੇ ਆਪ ਨੂੰ ਤਿਆਰ ਕੀਤਾ।

ਕਿਤਾਬ 'ਚ ਇਸ ਹਾਈ ਪ੍ਰੋਫ਼ਾਈਲ ਕੇਸ ਨੂੰ ਮੁੱਢ ਤੋਂ ਲੈ ਕੇ ਅੰਜ਼ਾਮ ਤਕ ਸਾਰੀ ਬਰੀਕੀ ਵਿੱਚ ਕੀਤੀ ਗਈ ਪਲੈਨਿੰਗ ਨੂੰ ਡਾਕੂਮੈਂਟ ਕੀਤਾ ਗਿਆ ਹੈ। ਤਿਹਾੜ ਜੇਲ੍ਹ ਵਿੱਚ ਪਹਿਲੀ ਵਾਰ ਇਸ ਕੇਸ ਨੂੰ ਲੈ ਕੇ ਜੇਲ੍ਹ ਕੰਪਲੈਕਸ ਦੇ ਅੰਦਰ ਹੀ ਅਦਾਲਤ ਤਿਆਰ ਕੀਤੀ ਗਈ ਕਿਉਂਕਿ ਏਜੰਸੀਆਂ ਅਤੇ ਸਰਕਾਰ ਨੂੰ ਇਹ ਖ਼ਦਸ਼ਾ ਸੀ ਕਿ ਦੋਸ਼ੀਆਂ ਨੂੰ ਵਾਰ-ਵਾਰ ਅਦਾਲਤ ਵਿੱਚ ਲੈ ਕੇ ਜਾਣ ਅਤੇ ਵਾਪਸ ਲਿਆਉਣ ਦੇ ਹਲਾਤਾਂ ਨਾਲ ਨਜਿੱਠਣਾ ਬੜਾ ਔਖਾ ਹੈ।

ਇਹਨਾਂ ਤਿੰਨਾਂ ਸਿੰਘਾਂ ਦੇ ਵਕੀਲ ਪੀ.ਐੱਨ. ਲੇਖੀ, ਆਰ.ਐੱਸ. ਸੋਢੀ ਅਤੇ ਰਾਮ ਜੇਠ ਮਲਾਨੀ ਨੇ ਸੁਪਰੀਮ ਕੋਰਟ 'ਚ ਤਿਹਾੜ ਜੇਲ੍ਹ ਦੇ ਅੰਦਰ ਟਰਾਇਲ ਚਲਾਉਣ ਨੂੰ ਚੁਣੌਤੀ ਦਿੱਤੀ ਪਰ ਅਦਾਲਤ ਨੇ ਸਰਕਾਰ ਦੀ ਗੱਲ ਮੰਨਦਿਆਂ ਤਿਹਾੜ ਜੇਲ੍ਹ 'ਚ ਕੋਰਟ ਲਾਉਣ ਦੀ ਪ੍ਰਵਾਨਗੀ ਦੇ ਦਿੱਤੀ।

ਤਿਹਾੜ ਦੀ ਜੇਲ੍ਹ ਨੰਬਰ ਤਿੰਨ ਵਿੱਚ ਸੁਪਰਡੈਂਟ ਦੇ ਕਮਰੇ ਨੂੰ ਕੋਰਟ ਰੂਮ 'ਚ ਤਬਦੀਲ ਕੀਤਾ ਗਿਆ। ਤਿੰਨੇ ਸਿੰਘਾਂ ਨੂੰ ਜੇਲ੍ਹ ਨੰਬਰ ਇੱਕ ਤੋਂ ਤਿੰਨ ਵਿੱਚ ਵੈਨ 'ਤੇ ਲਿਆਇਆ ਜਾਂਦਾ ਸੀ। ਪਹਿਲੀ ਵਾਰ ਐਡੀਸ਼ਨਲ ਸ਼ੈਸ਼ਨ ਜੱਜ ਮਹੇਸ਼ ਚੰਦਰਾ, ਗਵਾਹਾਂ ਅਤੇ ਦੋਸ਼ੀਆਂ ਲਈ ਬੁਲੇਟ ਪਰੂਫ਼ ਗਲਾਸ (ਕਵਚ) ਬਣਾਏ ਗਏ।

ਗੁਪਤਾ ਲਿਖਦਾ ਹੈ ਕਿ ਜੱਜ ਚੰਦਰਾ ਬੁਲੇਟ ਪਰੂਫ਼ ਕਵਚ ਹੋਣ ਦੇ ਬਾਵਜੂਦ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰਦਾ ਸੀ। ਜੇਲ੍ਹਰ ਲਿਖਦਾ ਹੈ ਕਿ ਜੱਜ ਵੱਖ-ਵੱਖ ਪਾਸਿਓਂ ਮਾਨਸਿਕ ਦਬਾਅ ਹੇਠ ਲਗਦਾ ਸੀ। ਜਦੋਂ ਸਤਵੰਤ ਸਿੰਘ ਅਤੇ ਕੇਹਰ ਸਿੰਘ ਇਹ ਸ਼ਿਕਾਇਤ ਕਰਦੇ ਸੀ ਕਿ ਸਾਡੇ ਨਾਲ਼ ਜੇਲ੍ਹ ਅੰਦਰ ਮਾੜਾ ਸਲੂਕ ਕੀਤਾ ਜਾਂਦਾ ਹੈ, ਕੁੱਟ-ਮਾਰ ਕੀਤੀ ਜਾਂਦੀ ਹੈ ਤਾਂ ਜੱਜ ਸਾਡੇ ਨਾਲ਼ ਅਦਾਲਤ ਸ਼ੁਰੂ ਹੋਣ ਤੋਂ ਪਹਿਲਾਂ ਹੀ ਪ੍ਰਾਈਵੇਟ ਤੌਰ 'ਤੇ 'ਗੰਢ-ਤੁਪ' ਤੈਅ ਕਰ ਲੈਂਦਾ ਸੀ ਕਿ "ਜੇ ਮੈਂ ਇਹ ਕਹਾਂਗਾ ਤਾਂ ਤੁਸੀਂ ਇਹ ਕਹਿ ਦਿਓ।"

ਜਦੋਂ ਕਦੇ ਸਿੰਘ, ਜੱਜ ਨੂੰ ਇਕੱਲਿਆਂ ਵਿੱਚ ਮਿਲ਼ ਕੇ ਆਪਣੀਆਂ ਸਮੱਸਿਆਵਾਂ ਦੱਸਣਾ ਚਾਹੁੰਦੇ ਸਨ ਤਾਂ ਜੱਜ ਡਰ ਵਿੱਚੋਂ ਉਹਨਾਂ ਨੂੰ ਮਿਲ਼ਣ ਤੋਂ ਇਨਕਾਰ ਕਰ ਦਿੰਦਾ ਸੀ। ਕਿਤਾਬ ਵਿੱਚ ਕੁਝ ਅਜਿਹੇ ਇੰਕਸ਼ਾਫ਼ ਹਨ ਜੋ ਭਾਰਤੀ ਜਸਟਿਸ ਸਿਸਟਮ ਦੇ ਖੋਖਲੇਪਨ ਨੂੰ ਉਜਾਗਰ ਕਰਦੇ ਹਨ।

ਗੁਪਤਾ ਲਿਖਦੇ ਹਨ ਕਿ ਜੱਜ ਮਹੇਸ਼ ਚੰਦਰਾ ਨੂੰ ਇਹ ਕੇਸ ਇਸ ਕਰਕੇ ਸੌਂਪਿਆ ਗਿਆ ਸੀ ਕਿ ਉਹ ਸਰਕਾਰੀ ਪੱਖ ਦਾ ਪੂਰਾ ਧਿਆਨ ਰੱਖਣ। ਏ.ਸੀ.ਪੀ. ਰਾਜਿੰਦਰਾ ਪ੍ਰਸਾਦ ਖੋਚਰ ਨੇ ਜੇਲ੍ਹਰ ਨੂੰ ਕਿਹਾ ਕਿ ਸਾਡੇ ਕੋਲ਼ ਇਸ ਜੱਜ ਦੇ ਖ਼ਿਲਾਫ਼ ਬਹੁਤ ਸ਼ਿਕਾਇਤਾਂ ਹਨ, ਜੇਕਰ ਇਸ ਨੇ ਉਹ ਫ਼ੈਸਲਾ ਜੋ ਸਰਕਾਰ ਚਾਹੁੰਦੀ ਹੈ, ਨਾ ਦਿੱਤਾ ਤਾਂ ਅਸੀਂ ਇਸ ਨੂੰ ਬੇ-ਪਰਦ ਕਰ ਦਿਆਂਗੇ।

ਜੇਲ੍ਹਰ ਗੁਪਤਾ ਕਹਿੰਦੇ ਹਨ ਕਿ ਇਹ ਇਕ ਆਮ ਧਾਰਨਾ ਸੀ ਕਿ ਜੇ ਮਰਨ ਵਾਲ਼ੀ ਦੇਸ਼ ਦੀ ਪ੍ਰਧਾਨ ਮੰਤਰੀ ਨਾ ਹੁੰਦੀ ਤਾਂ ਇਹਨਾਂ ਸਿੰਘਾਂ ਨੇ ਬਰੀ ਹੋ ਜਾਣਾ ਸੀ ਅਤੇ ਇਹ ਸੋਚ ਸਿੱਖ ਭਾਈਚਾਰੇ ਵਿੱਚ ਬਹੁਤ ਵਾਰ ਵਿਚਾਰੀ ਅਤੇ ਪ੍ਰਵਾਨ ਕੀਤੀ ਗਈ। ਇਹ ਗੱਲ ਸਾਫ਼ ਸੀ ਕਿ ਕੇਹਰ ਸਿੰਘ ਦੇ ਵਿਰੁੱਧ ਕੋਈ ਪੁਖਤਾ ਸਬੂਤ ਨਹੀਂ ਸਨ।

ਪਹਿਲਾ ਕਾਰਨ ਗੁਪਤਾ ਲਿਖਦੇ ਹਨ ਕਿ ਬੇਅੰਤ ਸਿੰਘ ਜੋ ਮੁੱਖ ਸ਼ੂਟਰ ਸੀ ਉਸ ਨੂੰ ਮੌਕੇ 'ਤੇ ਮਾਰ ਦਿੱਤਾ ਗਿਆ ਤੇ ਉਸ ਦੀ ਮੌਤ ਨਾਲ਼ ਕਤਲ ਪਿੱਛੇ ਸਾਜ਼ਿਸ਼ ਅਤੇ ਅਸਲ ਮਨੋਰਥ ਕੀ ਸੀ ਉਹ ਗੁਆਚ ਗਿਆ।

ਦੂਜਾ ਕੇਹਰ ਸਿੰਘ ਦੇ ਖ਼ਿਲਾਫ਼ ਇੱਕੋ-ਇੱਕ ਸਬੂਤ ਜੋ ਪੁਲੀਸ ਨੇ ਜਬਰੀ ਤਿਆਰ ਕੀਤਾ ਸੀ ਉਹ ਸੀ ਬਿਮਲ ਕੌਰ ਖ਼ਾਲਸਾ ਦੀ ਗਵਾਹੀ ਜੋ ਬੇਅੰਤ ਸਿੰਘ ਦੀ ਸੁਪਤਨੀ ਸੀ।

ਕਿਤਾਬ ਲਿਖਣ ਵਾਲ਼ਾ ਬਿਆਨ ਕਰਦਾ ਹੈ ਕਿ ਇਸ ਕੇਸ ਵਿੱਚ ਬਹੁਤ ਸਾਰੇ ਐਸੇ ਪੱਖ ਸਨ ਜਿਨ੍ਹਾਂ ਵਿੱਚ ਕਮੀਆਂ ਤੇ ਤਰੁੱਟੀਆਂ ਸਨ ਪਰ ਸੁਪਰੀਮ ਕੋਰਟ ਨੇ ਉਸ ਵੱਲ ਧਿਆਨ ਨਹੀਂ ਦਿੱਤਾ।

ਗੁਪਤਾ ਕਹਿੰਦਾ ਹੈ ਕਿ ਸਤਵੰਤ ਸਿੰਘ ਪਹਿਲੇ ਦਿਨ ਤੋਂ ਹੀ ਲੜਾਕੂ ਸੁਭਾਅ ਦਾ ਸੀ ਅਤੇ ਆਪਣੇ ਜੇਲ੍ਹ ਗਾਰਡ ਉੱਤੇ ਵੀ ਹਮਲਾ ਕਰ ਦਿੰਦਾ ਸੀ। ਕਈ ਵਾਰ ਉਹ ਕੋਰਟ 'ਚ ਲੜ ਵੀ ਪੈਂਦਾ ਸੀ ਤੇ ਜੱਜ ਇਸ ਗੱਲ ਤੋਂ ਬੜਾ ਭੈਅ ਖਾਂਦਾ ਸੀ। ਇਥੋਂ ਤਕ ਕਿ ਸਤਵੰਤ ਸਿੰਘ ਕਈ ਵਾਰ ਆਪਣੇ ਵਕੀਲ ਦਾ ਵੀ ਲਿਹਾਜ਼ ਨਹੀਂ ਸੀ ਕਰਦਾ। ਕੇਸ ਦੀ ਪੈਰਵਾਈ ਦੌਰਾਨ ਜਦੋਂ ਪੀ.ਐੱਨ. ਲੇਖੀ ਨੇ ਜਿਰ੍ਹਾ ਕੀਤਾ ਕਿ "ਸਤਵੰਤ ਸਿੰਘ ਬੇਕਸੂਰ ਹੈ ਤੇ ਜਿਹੜਾ ਕਤਲ ਹੋਇਆ ਹੈ ਉਹ ਇਹ ਇੱਕ ਅੰਤਰ-ਰਾਸ਼ਟਰੀ ਸਾਜਿਸ਼ ਹੈ।" ਤਾਂ ਸਤਵੰਤ ਸਿੰਘ ਇੱਕਦਮ ਬੋਲਿਆ ਕਿ "ਮੈਂ ਮਾਰਿਆਂ ਉਸ ਨੂੰ, ਮੈਨੂੰ ਨਹੀਂ ਪਤਾ ਇਹ ਇੱਦਾਂ ਕਿਉਂ ਕਹਿ ਰਹੇ ਨੇ ? ਬਸ, ਮੈਂ ਮਾਰਿਆ ਉਸ ਨੂੰ ।"

ਕਿਤਾਬ ਲਿਖਣ ਵਾਲ਼ੇ ਨੇ ਸਤਵੰਤ ਸਿੰਘ ਨੂੰ ਗੱਭਰੂ ਜਵਾਨ ਲਿਖਿਆ ਹੈ। ਸਮੇਂ ਦੇ ਨਾਲ਼-ਨਾਲ਼ ਸਤਵੰਤ ਸਿੰਘ ਦਾ ਗੁੱਸਾ ਠੰਢਾ ਪੈਂਦਾ ਗਿਆ ਤੇ ਜਿਹੜਾ ਆਪਣੇ ਸਕਿਓਰਟੀ ਗਾਰਡ 'ਤੇ ਵੀ ਹਮਲਾ ਕਰਨ ਤੋਂ ਨਹੀਂ ਝਿਜਕਦਾ ਸੀ, ਉਹ ਸਮੇਂ ਦੇ ਨਾਲ਼-ਨਾਲ਼ ਉਹਨਾਂ ਨਾਲ਼ ਗੱਲਾਂ ਅਤੇ ਫੁੱਟਬਾਲ ਵੀ ਖੇਡਣ ਲਗ ਪਿਆ। ਸਤਵੰਤ ਸਿੰਘ ਨੂੰ ਜਦੋਂ ਗ੍ਰਿਫ਼ਤਾਰ ਕੀਤਾ ਗਿਆ ਸੀ ਤਾਂ ਉਸ ਵੇਲ਼ੇ ਉਸ ਨੂੰ ਗੋਲ਼ੀਆਂ ਲੱਗੀਆਂ ਸਨ ਤੇ ਉਸ ਦਾ ਇਲਾਜ ਜੇਲ੍ਹ ਅੰਦਰ ਹੀ ਕੀਤਾ ਗਿਆ ਸੀ। ਉਸ ਦਾ ਕਮਰਾ ਜੇਲ੍ਹ ਦਾ ਸੈੱਲ ਘੱਟ ਅਤੇ ਹਸਪਤਾਲ ਜ਼ਿਆਦਾ ਲਗਦਾ ਸੀ।

ਇੱਕ ਨੌਜਵਾਨ ਲੱਖੀ ਰਾਮ ਉਸ ਦਾ ਖਾਣਾ ਬਣਾਉਂਦਾ ਸੀ। ਲੱਖੀ ਰਾਮ ਇੰਟੈਲੀਜੈਂਸੀ ਬਿਓਰੋ ਦਫ਼ਤਰ 'ਚ ਕੰਮ ਕਰਨ ਵਾਲ਼ੇ ਤੀਜੇ ਦਰਜ਼ੇ ਦੇ ਮੁਲਾਜ਼ਮ ਦਾ ਬੇਟਾ ਸੀ ਅਤੇ ਉਸ ਨੂੰ ਇਸ ਕਰਕੇ ਰੱਖਿਆ ਗਿਆ ਸੀ ਕਿ ਸਰਕਾਰ ਨੂੰ ਇਹ ਡਰ ਸੀ ਕਿ ਸਤਵੰਤ ਸਿੰਘ ਨੂੰ ਕੋਈ ਖਾਣੇ ਵਿੱਚ ਜ਼ਿਹਰ ਨਾ ਦੇ ਦੇਵੇ।

ਉਂਝ ਇਹਨਾਂ ਤਿੰਨਾਂ ਸਿੰਘਾਂ ਦੇ ਪਰਿਵਾਰਾਂ ਨੂੰ ਘਰੋਂ ਮੁਲਾਕਾਤ ਵਾਲ਼ੇ ਦਿਨ ਖਾਣਾ ਲਿਆਉਣ ਦੀ ਇਜਾਜ਼ਤ ਸੀ ਅਤੇ ਬਾਪੂ ਤਰਲੋਕ ਸਿੰਘ (ਸਤਵੰਤ ਸਿੰਘ ਦਾ ਪਿਤਾ) ਆਪਣੇ ਪੁੱਤਰ ਦੇ ਸੈੱਲ ਵਿੱਚ ਬਹਿ ਕੇ ਦੁਪਹਿਰ ਦਾ ਖਾਣਾ ਖਾਂਦਾ ਸੀ।

ਜੇਲ੍ਹਰ ਲਿਖਦਾ ਹੈ ਕਿ ਕੇਹਰ ਸਿੰਘ ਦੀ ਦਿੱਖ ਇੱਕ ਸਰਕਾਰੀ ਅਫ਼ਸਰ ਵਾਂਗ ਸੀ। ਉਸ ਦੀ ਸ਼ਖ਼ਸੀਅਤ 'ਚੋਂ ਸ਼ਾਂਤ ਅਤੇ ਸਾਦਾਪਨ ਝਲਕਦਾ ਸੀ ਅਤੇ ਉਹ ਕਦੇ ਵੀ ਸਾਡੀ ਲਈ ਸਮੱਸਿਆ ਨਹੀਂ ਬਣਿਆ। ਉਹ ਇੱਕ ਧਾਰਮਿਕ ਪ੍ਰਚਾਰਕ ਵਾਂਗ ਸੀ, ਉਹ ਜਾਂ ਤਾਂ ਧਾਰਮਿਕ ਕਿਤਾਬਾਂ ਪੜ੍ਹ ਕੇ ਸਮਾਂ ਗੁਜਾਰਦਾ ਸੀ ਜਾਂ ਫਿਰ ਬੈੱਡ 'ਤੇ ਆਰਾਮ ਕਰਦਾ ਸੀ।

ਸੁਨੀਲ ਗੁਪਤਾ, ਬਲਬੀਰ ਸਿੰਘ ਬਾਰੇ ਚੰਗੀ ਰਾਏ ਨਹੀਂ ਰੱਖਦਾ ਜੋ ਕਿ ਦਿੱਲੀ ਪੁਲੀਸ ਦਾ ਇੰਸਪੈਕਟਰ ਸੀ ਜਿਸ ਬਾਰੇ ਉਹ ਕਹਿੰਦਾ ਹੈ ਕਿ ਇਹ ਬੜਬੋਲਾ ਵਿਅਕਤੀ ਸੀ। ਕੇਹਰ ਸਿੰਘ ਦੇ ਸੈੱਲ ਦੇ ਨਾਲ਼ ਹੀ ਬਲਬੀਰ ਸਿੰਘ ਦਾ ਸੈੱਲ ਸੀ ਅਤੇ ਇਸ ਦੀ ਸਜ਼ਾ ਦਾ ਆਧਾਰ ਪੁਲੀਸ ਦੀ ਕਹਾਣੀ ਸੀ ਕਿ ਸਤੰਬਰ ਦੇ ਪਹਿਲੇ ਹਫ਼ਤੇ ਇਸ ਨੇ ਇੱਕ ਬਾਜ਼ ਵੇਖਿਆ ਜਿਸ ਨੇ ਇਸ ਨੂੰ ਇੰਦਰਾ ਗਾਂਧੀ ਦੇ ਕਤਲ ਦਾ ਸੰਕੇਤ ਦਿੱਤਾ।

ਗੁਪਤਾ ਨੂੰ ਲਗਦਾ ਹੈ ਕਿ ਬਲਬੀਰ ਸਿੰਘ ਦਾ ਆਪਣਾ ਬੜਬੋਲਾ ਰਵੱਈਆ ਹੀ ਇਸ ਦੀ ਸਜ਼ਾ ਦਾ ਕਾਰਨ ਬਣਿਆ ਪਰ ਸੁਪਰੀਮ ਕੋਰਟ ਨੇ ਟਰਾਇਲ ਕੋਰਟ ਵੱਲੋਂ ਬਲਬੀਰ ਸਿੰਘ ਨੂੰ ਦਿੱਤੀ ਫ਼ਾਂਸੀ ਦੀ ਸਜ਼ਾ ਰੱਦ ਕਰ ਦਿੱਤੀ ਜਿਸ ਤੋਂ ਇੰਟੈਲੀਜੈਂਸੀ ਬਿਓਰੋ ਵਾਲ਼ੇ ਬਹੁਤ ਔਖੇ ਸਨ।

ਜਿਵੇਂ-ਜਿਵੇਂ ਫ਼ਾਂਸੀ ਦੀ ਤਾਰੀਖ਼ ਨੇੜੇ ਆਉਂਦੀ ਗਈ, ਸਤਵੰਤ ਸਿੰਘ ਸ਼ਾਂਤ ਹੁੰਦਾ ਗਿਆ ਅਤੇ ਉਸ ਨੇ ਖਾਣਾ ਵੀ ਘੱਟ ਕਰ ਦਿੱਤਾ। ਕੇਹਰ ਸਿੰਘ ਦਾ ਪਰਿਵਾਰ ਉਸ ਦੀ ਜਾਨ ਬਚਾਉਣ ਲਈ ਹੱਥ-ਪੈਰ ਮਾਰਦਾ ਰਿਹਾ। ਪਰ ਸਤਵੰਤ ਸਿੰਘ ਨੇ ਕਿਹਾ ਕਿ "ਪਰਮਾਤਮਾ ਕੋਲ਼ ਹੀ ਇਹ ਅਧਿਕਾਰ ਹੈ ਕਿ ਉਹ ਮੇਰੇ ਬਾਰੇ ਅੰਤਿਮ ਫ਼ੈਸਲਾ ਕਰੇ।"

6 ਜਨਵਰੀ 1989 ਵਾਲ਼ੇ ਦਿਨ ਇਹ ਦੋਵੇਂ ਵਿਅਕਤੀ ਕਾਫ਼ੀ ਸ਼ਾਂਤ ਸਨ। ਨਿਤਨੇਮ ਕਰਨ ਤੋਂ ਬਾਅਦ ਕੇਹਰ ਸਿੰਘ ਨੇ ਫ਼ਾਂਸੀ ਅਹਾਤੇ ਵੱਲ ਜਾਣ ਲੱਗਿਆਂ ਜੇਲ੍ਹਰ ਨੂੰ ਕਿਹਾ ਕਿ "ਹੁਣ ਵੀ ਮੇਰੀ ਫ਼ਾਂਸੀ ਰੋਕਣ ਲਈ ਕੁਝ ਹੋ ਸਕਦਾ ਹੈ ?" ਪਰ ਸਤਵੰਤ ਸਿੰਘ ਨੇ ਕੁਝ ਨਹੀਂ ਕਿਹਾ।

ਜੇਲ੍ਹਰ ਲਿਖਦਾ ਹੈ ਕਿ ਸਤਵੰਤ ਸਿੰਘ ਅਤੇ ਕੇਹਰ ਸਿੰਘ ਨੇ ਫ਼ਾਂਸੀ ਦੇ ਤਖ਼ਤੇ 'ਤੇ ਝੂਲਣ ਤੋਂ ਪਹਿਲਾਂ 'ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ' ਦੇ ਜੈਕਾਰੇ ਗਜਾਏ।

ਗੁਪਤਾ ਨੇ ਲਿਖਿਆ ਹੈ ਕਿ ਮੈਨੂੰ ਇਹ ਆਖ਼ਰੀ ਦ੍ਰਿਸ਼ ਯਾਦ ਹੈ ਜਦੋਂ ਉਹਨਾਂ ਉੱਤੇ ਕਾਲ਼ਾ ਕੱਪੜਾ ਪਾਇਆ ਗਿਆ ਤੇ ਪਲ਼ਾਂ ਵਿੱਚ ਹੀ ਉਹ ਅੱਖਾਂ ਤੋਂ ਓਹਲੇ ਹੋ ਗਏ।

ਸਰਕਾਰ ਨੇ ਫ਼ੈਸਲਾ ਕੀਤਾ ਕਿ ਉਹਨਾਂ ਦੀਆਂ ਦੇਹਾਂ ਪਰਿਵਾਰਾਂ ਨੂੰ ਨਹੀਂ ਦਿੱਤੀਆਂ ਜਾਣਗੀਆਂ। ਉਹਨਾਂ ਦਾ ਜੇਲ੍ਹ ਨੰਬਰ ਤਿੰਨ ਵਿੱਚ ਸਸਕਾਰ ਕੀਤਾ ਗਿਆ। ਦਿੱਲੀ ਨਗਰ ਨਿਗਮ ਨੇ ਉਸ ਜਗ੍ਹਾ ਨੂੰ ਸ਼ਮਸ਼ਾਨ ਘਾਟ ਐਲਾਨ ਦਿੱਤਾ। ਅਗਲੇ ਦਿਨ ਜੇਲ੍ਹ ਅਧਿਕਾਰੀਆਂ ਨੇ ਅਸਥੀਆਂ ਪਾਉਣ ਲਈ ਪਰਿਵਾਰ ਨੂੰ ਵੀ ਡਿਪਟੀ ਜੇਲ੍ਹ ਸੁਪਰੀਟੈਂਡੈਂਟ ਦੇ ਨਾਲ਼ ਹਰਿਦੁਆਰ ਜਾਣ ਦੀ ਇਜਾਜ਼ਤ ਦੇ ਦਿੱਤੀ।

ਗੁਪਤਾ ਇਸ ਗੱਲ ਲਈ ਬੜਾ ਹੈਰਾਨ ਹੈ ਕਿ ਸਤਵੰਤ ਸਿੰਘ ਅਤੇ ਕੇਹਰ ਸਿੰਘ ਦੇ ਪਰਿਵਾਰ ਅਤੇ ਕੌਮ ਨੇ ਉਹਨਾਂ ਨੂੰ ਕਦੇ ਇਕੱਲਿਆ ਨਹੀਂ ਛੱਡਿਆ। ਉਹ ਲਿਖਦਾ ਹੈ ਕਿ ਕੌਮ ਸਤਵੰਤ ਸਿੰਘ ਤੇ ਕੇਹਰ ਸਿੰਘ ਦੇ ਮਕਸਦ ਨੂੰ ਆਪਣੇ ਨਾਲ਼ ਜੋੜ ਕੇ ਵੇਖਦੀ ਸੀ। ਕੌਮੀ ਸਮਰਥਨ ਉੱਤੇ ਹੈਰਾਨੀ ਵਿਖਾਉਂਦਿਆਂ ਜੇਲ੍ਹਰ ਨੇ ਲਿਖਿਆ ਹੈ ਕਿ ਕੌਮ ਅਤੇ ਪਰਿਵਾਰ ਇਹਨਾਂ ਦੇ ਨਾਲ਼ ਹਮੇਸ਼ਾਂ ਖੜ੍ਹੇ ਰਹੇ।

ਜੇਲ੍ਹਰ ਇਹ ਵੀ ਲਿਖਣਾ ਨਹੀਂ ਭੁੱਲਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਇਹਨਾਂ ਦੋਹਾਂ ਨੂੰ 'ਸ਼ਹੀਦ' ਦਾ ਰੁਤਬਾ ਦਿੱਤਾ ਗਿਆ ਹੈ।



ਫ਼ਾਂਸੀ ਦੇ ਤਖ਼ਤੇ 'ਤੇ ਖੜ੍ਹ ਕੇ ਸਤਵੰਤ ਸਿੰਘ ਅਤੇ ਕੇਹਰ ਸਿੰਘ ਨੇ 'ਬੋਲੇ ਸੋ ਨਿਹਾਲ' ਦਾ ਜੋ ਜੈਕਾਰਾ ਲਾਇਆ ਸੀ ਉਹ ਅੱਜ ਵੀ ਕੌਮ 'ਚ ਗੂੰਜਦਾ ਹੈ ਤੇ ਹਮੇਸ਼ਾਂ ਗੂੰਜਦਾ ਰਹੇਗਾ ਕਿਉਂਕਿ ਸਿੱਖ ਉਹਨਾਂ ਦੀ ਸ਼ਹਾਦਤ ਉੱਤੇ ਬੇਹੱਦ ਮਾਣ ਕਰਦੇ ਹਨ।

**- ਰਣਜੀਤ ਸਿੰਘ ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ)**
**ਮੋ : 88722-93883**

# ਡਾ: ਕੁਲਦੀਪ ਸਿੰਘ ਔਲਖ ਦੇ ਸਤਿਕਾਰਯੋਗ ਪਿਤਾ ਸ: ਸੁਖਦੇਵ ਸਿੰਘ ਔਲਖ ਨੂੰ ਵੱਖ-ਵੱਖ ਆਗੂਆਂ ਨੇ ਦਿੱਤੀਆਂ ਸ਼ਰਧਾਂਜਲੀਆਂ







**ਫ਼ਿਰੋਜ਼ਪੁਰ, 7 ਜਨਵਰੀ (ਮਨੋਹਰ ਲਾਲ) :—** ਡਾ: ਕੁਲਦੀਪ ਸਿੰਘ ਔਲਖ ਦੇ ਸਤਿਕਾਰਯੋਗ ਪਿਤਾ ਸ: ਸੁਖਦੇਵ ਸਿੰਘ ਔਲਖ ਰਿਟਾਇਰਡ ਅਸਿਸਟੈਂਟ ਅਫਸਰ ਡੀ.ਸੀ ਦਫਤਰ ਫ਼ਿਰੋਜ਼ਪੁਰ 29.12.2024 ਨੂੰ ਅਕਾਲ ਚਲਾਣਾ ਕਰ ਗਏ ਸੀ, ਦੀ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ ਅੱਜ ਗੁਰਦੁਆਰਾ ਬਾਬਾ ਰਾਮ ਲਾਲ ਮੱਲਵਾਲ ਰੋਡ ਫ਼ਿਰੋਜ਼ਪੁਰ ਸ਼ਹਿਰ ਵਿਖੇ ਪਾਇਆ ਗਿਆ। ਇਸ ਮੌਕੇ ਤੇ ਰਾਗੀ ਜਥਿਆਂ ਵੱਲੋਂ ਵੈਰਾਗਮਈ ਕੀਰਤਨ ਕੀਤਾ। ਇਸ ਮੌਕੇ ਤੇ ਵੱਖ—ਵੱਖ ਆਗੂਆਂ ਜਿਨ੍ਹਾਂ ਵਿਚ ਰਾਜਨੀਤਕ ਪਾਰਟੀਆਂ ਦੇ ਆਗੂ, ਧਾਰਮਿਕ ਆਗੂ, ਕਰਮਚਾਰੀ, ਪੱਤਰਕਾਰ, ਵਕੀਲ ਅਤੇ ਹੋਰ ਵੀ ਬਹੁਤ ਸਾਰੇ ਆਗੂਆਂ ਨੇ ਸ਼ਰਧਾਂਜਲੀਆਂ ਭੇਂਟ ਕੀਤੀਆਂ। ਇਸ ਮੌਕੇ ਤੇ ਵੱਖ—ਵੱਖ ਆਗੂਆਂ ਨੇ ਕਿਹਾ ਕਿ ਸ: ਸੁਖਦੇਵ ਸਿੰਘ ਔਲਖ ਇਕ ਬਹੁਤ ਹੀ ਵਧੀਆ ਇਨਸਾਨ ਸਨ, ਉਹ ਇਕ ਵਧੀਆ ਅਫਸਰ ਵਜੋਂ ਨੌਕਰੀ ਕੀਤੀ, ਉਹ ਹਮੇਸ਼ਾ ਆਪਣੀ ਨੌਕਰੀ ਦੌਰਾਨ ਹਮੇਸ਼ਾ ਪੂਰੇ ਟਾਈਮ ਸਿਰ ਆਉਣਾ ਅਤੇ ਲੋਕਾਂ ਦੇ ਕੰਮ ਇਮਾਨਦਾਰੀ ਨਾਲ ਕਰਨਾ, ਜਿਸ ਕਰਕੇ ਉਨ੍ਹਾਂ ਨੂੰ ਪੰਜ ਵਾਰ ਮਿਹਨਤੀ ਅਤੇ ਇਮਾਨਦਾਰ ਅਫਸਰ ਦੇ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਉਨ੍ਹਾਂ ਦਾ ਜੀਵਨ ਇਕ ਖੁੱਲੀ ਕਿਤਾਬ ਸੀ, ਉਨ੍ਹਾਂ ਦਾ ਘਾਟਾ ਕਦੇ ਵੀ ਪੂਰਾ ਨਹੀਂ ਹੋ ਸਕਦਾ ਅਤੇ ਉਨ੍ਹਾਂ ਦੇ ਦੋ ਬੇਟੇ ਡਾ: ਕੁਲਦੀਪ ਸਿੰਘ ਔਲਖ ਅਤੇ ਜ਼ਸਬੀਰ ਸਿੰਘ ਔਲਖ ਉਨ੍ਹਾਂ ਦੇ ਨਕਸ਼ੇ ਕਦਮਾਂ ਤੇ ਚਲਦੇ ਹੋਏ ਇਲਾਕੇ ਭਰ ਵਿਚ ਆਪਣੀ ਵਧੀਆ ਪਹਿਚਾਣ ਬਣਾਈ ਹੈ, ਅਸੀਂ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕਰਦੇ ਹਾਂ ਕਿ ਹੇ ਵਾਹਿਗੁਰੂ ਜੀ ਸ: ਸੁਖਦੇਵ ਸਿੰਘ ਔਲਖ ਨੂੰ ਆਪਣੇ ਚਰਨਾਂ ਵਿਚ ਅਸਥਾਨ ਦੇਣ, ਪਿਛੇ ਪਰਿਵਾਰ ਡਾ: ਕੁਲਦੀਪ ਸਿੰਘ ਔਲਖ, ਜ਼ਸਬੀਰ ਸਿੰਘ ਔਲਖ, ਸਤਿਕਾਰਯੋਗ ਮਾਤਾ ਧਰਮਪਤਨੀ ਸ੍ਰੀਮਤੀ ਪੂਰਨਜੀਤ ਕੌਰ, ਪੋਤਰੇ—ਪੋਤਰੀਆਂ, ਨੂੰਹਾਂ ਅਤੇ ਸ: ਸੁਖਦੇਵ ਸਿੰਘ ਔਲਖ ਦੇ ਦੋ ਭਰਾ ਤੇ ਤਿੰਨ ਭੈਣਾਂ ਨੂੰ ਸਾਕ ਸਬੰਧੀਆਂ, ਰਿਸ਼ਤੇਦਾਰਾਂ, ਮਿੱਤਰਾਂ ਦੋਸਤਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਅਖੀਰ ਵਿਚ ਸ਼੍ਰੋਮਣੀ ਅਕਾਲੀ ਦਲ ਮਾਨ ਦੇ ਜ਼ਿਲ੍ਹਾ ਪ੍ਰਧਾਨ ਸ: ਗੁਰਚਰਨ ਸਿੰਘ ਭੁੱਲਰ ਨੇ ਸਰਦਾਰ ਸੁਖਦੇਵ ਸਿੰਘ ਔਲਖ ਬਾਰੇ ਉਨ੍ਹਾਂ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਉਂਦਿਆਂ ਆਖਿਆ ਕਿ ਇਹੋ ਜਿਹੇ ਇਨਸਾਨ ਬਹੁਤ ਘੱਟ ਹੁੰਦੇ ਹਨ, ਉਨ੍ਹਾਂ ਸਾਰੀ ਜਿੰਦਗੀ ਇਮਾਨਦਾਰੀ ਨਾਲ ਨੌਕਰੀ ਕੀਤੀ ਅਤੇ ਕਦੇ ਵੀ ਰਿਸ਼ਵਤ ਨਹੀਂ ਲਈ ਅਤੇ ਉਹ ਮੇਰੇ ਗੁਰੂ ਹੀ ਸਨ, ਜਿਨ੍ਹਾਂ ਨੇ ਮੈਨੂੰ ਇਮਾਨਦਾਰੀ ਨਾਲ ਚੱਲਣਾ ਸਿਖਾਇਆ। ਉਹ ਉਨ੍ਹਾਂ ਮੈਨੂੰ ਸਿਖਾਇਆ ਅੱਜ ਉਨ੍ਹਾਂ ਦੀ ਬਦੌਲਤ ਹਾਂ।

# ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਖਾਲਸਾ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਦੇ ਛੋਟੇ ਭਰਾਤਾ ਭਾਈ ਜਗਤਾਰ ਸਿੰਘ ਰੋਡੇ ਨੂੰ ਕੀਤਾ ਪੁਲਿਸ ਨੇ ਉਨ੍ਹਾਂ ਦੇ ਘਰ ਵਿਚ ਕੀਤਾ ਨਜ਼ਰਬੰਦ



**ਫ਼ਿਰੋਜ਼ਪੁਰ, 7 ਜਨਵਰੀ (ਮਨੋਹਰ ਲਾਲ) :—** ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਖਾਲਸਾ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਦੇ ਛੋਟੇ ਭਰਾਤਾ ਭਾਈ ਜਗਤਾਰ ਸਿੰਘ ਰੋਡੇ ਨੂੰ ਉਨ੍ਹਾਂ ਦੇ ਘਰ ਵਿਚ ਕੀਤਾ ਨਜ਼ਰਬੰਦ। ਜਦ ਉਹ ਬੰਦੀ ਸਿੰਘਾਂ ਦੀ ਰਿਹਾਈ ਲਈ ਕੱਲ ਪਿੰਡ ਰੋਡੇ ਤੋਂ ਚੰਡੀਗੜ੍ਹ ਲਈ ਕਾਫਲਾ ਰਵਾਨਾ ਹੋਣਾ ਸੀ, ਪਰ ਉਸ ਨੂੰ ਨਾਕਾਮਯਾਬ ਬਣਾਉਣ ਲਈ ਪੰਜਾਬ ਸਰਕਾਰ ਦੇ ਦਬਾਅ ਹੇਠ ਉਨ੍ਹਾਂ ਨੂੰ ਪੁਲਿਸ ਵੱਲੋਂ ਉਨ੍ਹਾਂ ਦੇ ਘਰ ਹੀ ਨਜ਼ਰਬੰਦ ਕਰ ਲਿਆ, ਜਦ ਕਿ ਉਹ ਸਵੇਰੇ—ਸਵੇਰੇ ਗੁਰਦੁਆਰਾ ਸਾਹਿਬ ਜਾਂਦੇ ਹਨ, ਪਰ ਉਨ੍ਹਾਂ ਨੂੰ ਗੁਰਦੁਆਰਾ ਸਾਹਿਬ ਵੀ ਨਹੀਂ ਜਾਣ ਦਿੱਤਾ, ਜਿਸ ਦੀ ਪੁਰਜ਼ੋਰ ਸ਼ਬਦਾਂ ਵਿਚ ਨਿੰਦਿਆ ਕਰਦਿਆਂ ਭਾਈ ਰਣਜੀਤ ਸਿੰਘ ਲੰਗੇਆਣਾ ਨੇ ਕਿਹਾ ਕਿ ਕੇਂਦਰ ਸਰਕਾਰ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦਾ ਨਾਮ ਹੀ ਨਹੀਂ ਲੈ ਰਹੀ, ਜਦ ਕਿ 30—35 ਸਾਲਾਂ ਤੋਂ ਬੰਦੀ ਸਿੰਘ ਜੇਲ੍ਹਾਂ ਵਿਚ ਆਪਣੀ ਜਿੰਦਗੀ ਗੁਜਾਰ ਰਹੇ ਹਨ ਅਤੇ ਅਦਾਲਤ ਵੱਲੋਂ ਉਨ੍ਹਾਂ ਨੂੰ ਦਿੱਤੀ ਸਜਾ ਜ਼ੋ ਕਿ 15—20 ਸਾਲ ਤੋਂ ਪਹਿਲਾਂ ਹੀ ਭੁਗਤ ਲਈ ਹੈ, ਹਾਲਾਂ ਕਿ ਹੁਣ ਉਹ ਜੇਲ੍ਹਾਂ ਵਿਚ ਹੀ ਬੁੱਢੇ ਹੋ ਗਏ ਹਨ ਅਤੇ ਬਿਮਾਰ ਵੀ ਕਈ ਸਿੰਘ ਰਹਿੰਦੇ ਹਨ, ਇਸ ਕਰਕੇ ਭਾਈ ਜਗਗਜੀਤ ਸਿੰਘ ਰੋਡੇ ਕਾਫਲਾ ਲੈ ਕੇ ਜਾਣਾ ਸੀ, ਪਰ ਪੁਲਿਸ ਨੂੰ ਪਤਾ ਨਹੀਂ ਕਿਥੋਂ ਸੂਹ ਮਿਲ ਗਈ ਅਤੇ ਕਈ ਆਗੂਆਂ ਨੂੰ ਘਰਾਂ ਵਿਚ ਹੀ ਨਜ਼ਰਬੰਦ ਕੀਤਾ ਹੋਇਆ ਹੈ ਕਿ ਇਹ ਜਿਆਦਾ ਚੰਡੀਗੜ੍ਹ ਵਿਚ ਇਕੱਠ ਨਾ ਕਰ ਸਕਣ। ਮੈਂ ਕੇਂਦਰ ਸਰਕਾਰ ਨੂੰ ਕਹਿਣਾ ਚਾਹੁੰਦਾ ਹਾਂ ਕਿ ਉਹ ਜਲਦੀ ਤੋਂ ਜਲਦੀ ਬੰਦੀ ਸਿੰਘ ਰਿਹਾਅ ਕਰਨ।

ਨਵੇਂ ਵਰ੍ਹੇ ਦੇ ਆਗਾਜ਼ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਨੂੰ ਮੁੱਖ ਰਖਦਿਆਂ

# ਸ੍ਰੀ ਆਖੰਡ ਪਾਠ ਸਾਹਿਬ ਦੇ ਪਾਏ ਭੋਗ





**ਬਠਿੰਡਾ, 7 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਨਵੇਂ ਸਾਲ-2025 ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਨੂੰ ਮੁੱਖ ਰੱਖਦਿਆਂ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ, ਸਿਖਲਾਈ ਅਧੀਨ ਆਈਏਐਸ ਸ੍ਰੀ ਰਾਕੇਸ਼ ਕੁਮਾਰ ਮੀਨਾ, ਨਗਰ ਸੁਧਾਰ ਟਰਸਟ ਦੇ ਚੇਅਰਮੈਨ ਸ ਜਤਿੰਦਰ ਸਿੰਘ ਭੱਲਾ, ਚੇਅਰਮੈਨ ਸ਼ੂਗਰਫੈਡ ਪੰਜਾਬ ਸ. ਨਵਦੀਪ ਜੀਦਾ, ਜ਼ਿਲ੍ਹਾ ਯੋਜਨਾ ਬੋਰਡ ਦੇ ਚੈਅਰਮੈਨ ਸ੍ਰੀ ਅੰਮਿਤ ਲਾਲ ਅਗਰਵਾਲ, ਉਪ ਮੰਡਲ ਮੈਜਿਸਟ੍ਰੇਟ ਬਠਿੰਡਾ ਸ. ਬਲਕਰਨ ਸਿੰਘ ਤੋਂ ਇਲਾਵਾ ਅਧਿਕਾਰੀ ਤੇ ਕਰਮਚਾਰੀ ਆਦਿ ਸ਼ਾਮਲ ਹੋਏ। ਇਸ ਉਪਰੰਤ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਸਮੂਹ ਅਧਿਕਾਰੀਆਂ, ਕਰਮਚਾਰੀਆਂ ਅਤੇ ਬਠਿੰਡਾ ਵਾਸੀਆਂ ਨੂੰ ਨਵੇਂ ਸਾਲ 2025 ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸ਼ੁਭ ਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਵਰ੍ਹਾ ਲੋਕਾਂ ਲਈ ਖ਼ੁਸ਼ਹਾਲ, ਸਿਹਤਯਾਬ, ਤਰੱਕੀਆਂ ਅਤੇ ਸ਼ਾਂਤੀ ਭਰਿਆ ਹੋਵੇ। ਉਨ੍ਹਾਂ ਇਹ ਵੀ ਕਿਹਾ ਕਿ ਉਹ ਆਸ ਕਰਦੇ ਹਨ ਕਿ ਇਹ ਨਵਾਂ ਸਾਲ ਜ਼ਿਲ੍ਹੇ ਦੇ ਵਿਕਾਸ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰੇਗਾ। ਉਨ੍ਹਾਂ ਲੋਕ ਭਲਾਈ ਦੇ ਕੰਮਾਂ ਨਾਲ ਜੁੜੇ ਨੁਮਾਇੰਦਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਬਠਿੰਡਾ ਨੂੰ ਪੰਜਾਬ ਦਾ ਮੋਹਰੀ ਜ਼ਿਲ੍ਹਾ ਬਣਾਉਣ ਲਈ ਦ੍ਰਿੜ ਸੰਕਲਪ ਲੈਣ ਤਾਂ ਜੋ ਵਿਕਾਸ ਦਾ ਫ਼ਲ ਜ਼ਿਲ੍ਹਾ ਵਾਸੀਆਂ ਤੱਕ ਪਹੁੰਚ ਸਕੇ। ਡਿਪਟੀ ਕਮਿਸ਼ਨਰ ਨੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਨਵੇਂ ਵਰ੍ਹੇ ਦੌਰਾਨ ਵਿਕਾਸ ਅਤੇ ਤਰੱਕੀ ਨੂੰ ਯਕੀਨੀ ਬਣਾਉਣ ਲਈ ਪੂਰੇ ਜੋਸ਼ ਨਾਲ ਹੋਰ ਵੀ ਵਧੀਆ ਕੰਮ ਕਰਨ ਦਾ ਸੱਦਾ ਦਿੱਤਾ।

**ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਦਿੱਤੀ ਵਧਾਈ**

ਉਨ੍ਹਾਂ ਕਿਹਾ ਕਿ ਉਹ ਲੋਕ ਭਲਾਈ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪਹੁੰਚਾਉਣ ਲਈ ਨਿੱਜੀ ਤੌਰ ਤੇ ਸਮਰਪਣ ਦੀ ਭਾਵਨਾ ਨਾਲ ਆਪਣਾ ਕੰਮ ਕਰਨ। ਇਸ ਤੋਂ ਪਹਿਲਾਂ ਭਾਈ ਸੁੱਖਵਿੰਦਰ ਸਿੰਘ ਸਿੰਘਪੁਰਾ ਵਾਲਿਆਂ ਦੇ ਰਾਗੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਰਾਗੀ ਸਿੰਘਾਂ ਅਤੇ ਪਹੁੰਚੀਆਂ ਸਖਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਉਪਰੰਤ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਸ੍ਰੀ ਆਖੰਡ ਪਾਠ ਸਾਹਿਬ ਦੌਰਾਨ ਸ. ਰਾਜਵੀਰ ਸਿੰਘ ਮਾਨ, ਸ. ਗੁਰਸੇਵਕ ਸਿੰਘ, ਸ. ਲਾਲ ਸਿੰਘ, ਸ. ਬਲਬੀਰ ਸਿੰਘ, ਸ. ਦੀਦਾਰ ਸਿੰਘ, ਮਨਦੀਪ ਸਿੰਘ, ਗੁਰਪ੍ਰੀਤ ਸਿੰਘ, ਕੇਵਲ ਕ੍ਰਿਸ਼ਨ, ਮਹਿੰਦਰਪਾਲ ਸ਼ਰਮਾ ਆਦਿ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਆਪਣੀਆਂ ਸੇਵਾਵਾਂ ਨਿਭਾਈਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਮਹਾਨ ਵਿਸਾਲ ਨਗਰ ਕੀਰਤਨ ਦਾ ਗੁਰਦੁਆਰਾ ਹਵੇਲੀ ਸਾਹਿਬ ਚੰਨਣਕੇ ਪਹੁੰਚਣ 'ਤੇ ਕੀਤਾ

# ਨਿੱਘਾ ਸੁਆਗਤ : ਬਾਬਾ ਸੁਖਵੰਤ ਸਿੰਘ ਚੰਨਣਕੇ, ਪ੍ਰਧਾਨ ਲਖਵਿੰਦਰ ਸਿੰਘ





**ਚੌਕ ਮਹਿਤਾ, 7 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪਵਿੱਤਰ ਪਾਵਨ ਅਵਤਾਰ ਦਿਹਾੜੇ ਨੂੰ ਸਮਰਪਿਤ, ਗੁਰਦੁਆਰਾ ਬਾਬਾ ਚੰਨਣ ਜੀ ਚੰਨਣਕੇ ਤੋਂ ਮਹਾਨ ਵਿਸਾਲ ਨਗਰ ਕੀਰਤਨ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਨਗਰ ਕੀਰਤਨ ਆਰੰਭ ਕੀਤਾ ਗਿਆ। ਇਹ ਨਗਰ ਕੀਰਤਨ ਗੁਰਦੁਆਰਾ ਹਵੇਲੀ ਸਾਹਿਬ ਚੰਨਣਕੇ ਵਿੱਖੇ ਪਾਹੁੰਣ ਤੇ ਬਾਬਾ ਸੁਖਵੰਤ ਸਿੰਘ ਚੰਨਣਕੇ, ਪ੍ਰਧਾਨ ਲਖਵਿੰਦਰ ਸਿੰਘ ਯੋਗ ਅਗਵਾਈ ਹੇਠ ਨਿੱਘਾ ਸੁਆਗਤ ਕੀਤਾ ਗਿਆ। ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਾਸਤੇ ਸੁੰਦਰ ਰੁਮਾਲਾ ਸਾਹਿਬ ਫਲ ਫਰੂਟ ਦੀ ਟੋਕੜੀ ਭੇਟ ਕੀਤਾ ਅਤੇ ਪੰਜ ਪਿਆਰੇ ਸਾਹਿਬਾਨ ਨੂੰ ਸਿਰਪਾਉ ਦੇਕੇ ਸਨਮਾਨਿਤ ਕੀਤਾ। ਸੰਗਤਾਂ ਵਾਸਤੇ ਖੁੱਲੇ ਚਾਹ ਪਕੌੜਿਆਂ ਦੇ ਲੰਗਰ ਲਾਏ ਗਏ। ਅਤੇ ਫੁੱਲਾ ਦੀ ਵਰਖਾ ਕੀਤੀ ਗਈ। ਇਸ ਮੌਕੇ ਤੇ ਪ੍ਰਧਾਨ ਲਖਵਿੰਦਰ ਸਿੰਘ ਰੰਧਾਵਾ, ਬਾਬਾ ਸੁਖਵੰਤ ਸਿੰਘ ਚੰਨਣਕੇ, ਹਰਭਜਨ ਸਿੰਘ, ਚੇਅਰਮੈਨ ਰਾਜਵਿੰਦਰ ਸਿੰਘ ਰਾਜੂ, ਸਰਪੰਚ ਕੁਲਵਿੰਦਰ ਸਿੰਘ ਮਿੱਠਾ, ਮੈਂਬਰ ਰੂੜ ਸਿੰਘ, ਚੇਅਰਮੈਨ ਹਰਦੇਵ ਸਿੰਘ ਦੇਬਾ, ਕਿਰਪਾਲ ਸਿੰਘ ਢੱਲਾ, ਸਾਹਿਬ ਸਿੰਘ ਨੰਬਰਦਾਰ, ਹਰਜੀਤ ਸਿੰਘ ਸਾਹ, ਨਵ ਬਾਠ, ਅੰਗਰੇਜ ਸਿੰਘ ਥਾਣੇਦਾਰ, ਪ੍ਰਧਾਨ ਗੁਰਪ੍ਰੀਤ ਸਿੰਘ ਸਾਹ, ਆਦਿ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਚਾਇਨਾ ਡੋਰ ਦੀ ਵਿਕਰੀ ਕਰਨ ਅਤੇ ਖਰੀਦਣ ਵਾਲਿਆ ਖਿਲਾਫ ਸਖਤ ਕਾਰਵਾਈ ਹੋਵੇਗੀ : ਐਸ ਐਚ ਓ ਤੂਰ

ਧੂਰੀ ( ਰਣਜੀਤ ਸਿੰਘ ਪੇਧਨੀ ) ਲੋਹੜੀ ਦੇ ਤਿਓਹਾਰ ਮੌਕੇ ਪਤੰਗਬਾਜ਼ੀ ਲਈ ਬਜਾਰਾ ਵਿੱਚ ਗੈਰ ਕਾਨੂੰਨੀ ਢੰਗ ਨਾਲ ਵਿਕਣ ਵਾਲੀ ਚਾਇਨਾ ਡੋਰ ਦੀ ਵਿਕਰੀ ਕਰਨ ਅਤੇ ਖਰੀਦਣ ਵਾਲਿਆ ਖਿਲਾਫ ਸਖਤ ਕਾਨੂੰਨੀ ਕਾਰਵਾਈ ਹੋਵੇਗੀ। ਚਾਇਨਾ ਡੋਰ ਦਾ ਗੌਰਖ ਧੰਦਾ ਕਰਨ ਵਾਲਿਆ ਨੂੰ ਤਾੜਨਾ ਕਰਦਿਆ ਸ, ਜਸਵੀਰ ਸਿੰਘ ਤੂਰ ਐਸ, ਐਚ ਓ ਸਿਟੀ ਧੂਰੀ ਨੇ ਆਖਿਆ ਕਿ ਮਨੁੱਖੀ ਜਾਨਾਂ ਅਤੇ ਪਸ਼ੂ ਪੰਛੀਆ ਲਈ ਘਾਤਕ ਸਿੱਧ ਹੋ ਰਹੀ ਚਾਇਨਾ ਡੋਰ ਨਾਲ ਕਈ ਕੀਮਤੀ ਜਾਨਾਂ ਅਜਾਈ ਜਾ ਚੁੱਕੀਆਂ ਹਨ। ਉਹਨਾਂ ਚਾਇਨਾ ਡੋਰ ਦੀ ਵਿਕਰੀ ਕਰਨ ਵਾਲਿਆ ਨੂੰ ਆਖਿਆ ਕਿ ਉਹ ਆਪਣੀਆ ਹਰਕਤਾਂ ਤੋਂ ਬਾਜ ਆਉਣ ਨਹੀ ਤਾਂ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗਾ। ਉਨ੍ਹਾਂ ਨੇ ਬੱਚਿਆ ਦੇ ਮਾਪਿਆ ਨੂੰ ਅਪੀਲ ਕਰਦਿਆ ਕਿਹਾ ਕਿ ਉਹ ਆਪਣੇ ਬੱਚਿਆ ਨੂੰ ਆ ਚਾਇਨਾ ਡੋਰ ਦੀ ਵਰਤੋਂ ਤੋਂ ਸਖਤੀ ਨਾਲ ਰੋਕਣ। ਉਹਨਾਂ ਕਿਹਾ ਕਿ ਜੇਕਰ



ਕੋਈ ਵੀ ਦੁਕਾਨਦਾਰ ਚਾਇਨਾ ਡੋਰ ਦੀ ਵਿਕਰੀ ਕਰਦਾ ਪਾਇਆ ਗਿਆ ਤਾਂ ਲਿਹਾਜ ਨਹੀ ਹੋਵੇਗੀ । ਉੱਥੇ ਹੀ ਚਾਇਨਾ ਡੋਰ ਦੀ ਹੋਮ ਡਿਲਵਰੀ ਤੇ ਆਨਲਾਈਨ ਵਿਕਰੀ ਕਰਨ ਵਾਲਿਆ ਤੇ ਵੀ ਪ੍ਰਸ਼ਾਸਨ ਦੀਆ ਬਾਜ ਅੱਖ ਹੋਵੇਗੀ ਅਤੇ ਕਈ ਲੋਕ ਚੰਦ ਪੈਸਿਆ ਦੇ ਲਾਲਚ ਵਿੱਚ ਚਾਇਨਾ ਡੋਰ ਵੇਚ ਕੇ ਮਨੁੱਖੀ ਜਿੰਦਗੀ ਨੂੰ ਖਤਰੇ ਵਿੱਚ ਪਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪਟਵਾਰ ਯੂਨੀਅਨ ਦਾ ਕੈਲੰਡਰ ਡਿਪਟੀ ਕਮਿਸ਼ਨਰ ਨੇ ਕੀਤਾ ਜਾਰੀ



ਫ਼ਿਰੋਜ਼ਪੁਰ, 7 ਜਨਵਰੀ (ਮਨੋਹਰ ਲਾਲ) :— ਪਟਵਾਰ ਯੂਨੀਅਨ ਫ਼ਿਰੋਜ਼ਪੁਰ ਵੱਲੋਂ ਅੱਜ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਨਾਲ ਮੁਲਾਕਾਤ ਕੀਤੀ ਗਈ ਅਤੇ ਇਸ ਦੌਰਾਨ ਨਵੇਂ ਸਾਲ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਵੱਲੋਂ ਪਟਵਾਰ ਯੂਨੀਅਨ ਦੁਆਰਾ ਤਿਆਰ ਕੀਤਾ ਕੈਲੰਡਰ ਜਾਰੀ ਕੀਤਾ ਗਿਆ। ਇਸ ਮੌਕੇ ਵਿਚਾਰ ਸਾਂਝੇ ਕਰਦਿਆਂ ਡੀ.ਸੀ ਦੀਪਸ਼ਿਖਾ ਸ਼ਰਮਾ ਨੇ ਸਮੂਹ ਪਟਵਾਰੀਆਂ ਅਤੇ ਹਰ ਮੁਲਾਜ਼ਮ ਨੂੰ ਲੋਕ ਹਿੱਤ ਵਿਚ ਕਾਰਜ ਕਰਨ ਲਈ ਪ੍ਰੇਰਿਤ ਕੀਤਾ ਅਤੇ ਲੋਕ ਸਮੱਸਿਆਵਾਂ ਦੇ ਨਿਪਟਾਰੇ ਲਈ ਹਰ ਸੰਭਵ ਕੋਸ਼ਿਸ਼ ਕਰਨ ਦੀ ਅਪੀਲ ਕੀਤੀ। ਇਸ ਮੌਕੇ ਵਿਜੈ ਕੁਮਾਰ ਜ਼ਿਲ੍ਹਾ ਪ੍ਰਧਾਨ ਫ਼ਿਰੋਜ਼ਪੁਰ, ਅਭੈ ਧਵਨ ਜ਼ਿਲ੍ਹਾ ਜਨਰਲ ਸਕੱਤਰ ਫ਼ਿਰੋਜ਼ਪੁਰ, ਜਗਸੀਰ ਸਿੰਘ ਸੇਖਾਂ ਸੀਨੀਅਰ ਮੀਤ ਪ੍ਰਧਾਨ ਪੰਜਾਬ, ਅਨੀਲ ਕੁਮਾਰ ਪ੍ਰਧਾਨ ਤਹਿਸੀਲ ਫ਼ਿਰੋਜ਼ਪੁਰ, ਸੁਰਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਤਹਿਸੀਲ ਫ਼ਿਰੋਜ਼ਪੁਰ, ਰਮਨ ਕੁਮਾਰ ਖਜਾਨਚੀ, ਜ਼ਸਪਿੰਦਰ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਦਰ ਬਜ਼ਾਰ ਵਿੱਚ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਪਾਰੀਆਂ ਨੇ ਕੀਤੀ ਮਹਾਂਮਾਰੀ ਤੋਂ ਮੁਕਤੀ ਲਈ ਅਰਦਾਸ



**ਨਵੀਂ ਦਿੱਲੀ, 7 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- ਸਦਰ ਬਜ਼ਾਰ ਵਿੱਚ ਫੈਡਰੇਸ਼ਨ ਆਫ ਸਦਰ ਬਜ਼ਾਰ ਵਪਾਰ ਮੰਡਲ ਦੀ ਤਰਫੋਂ ਚੇਅਰਮੈਨ ਪਰਮਜੀਤ ਸਿੰਘ ਪੰਮਾ, ਪ੍ਰਧਾਨ ਸ਼੍ਰੀ ਰਾਕੇਸ਼ ਯਾਦਵ ਦੀ ਪ੍ਰਧਾਨਗੀ ਹੇਠ ਬੜੀ ਧੂਮ ਧਾਮ ਨਾਲ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ । ਪੰਮਾ ਅਤੇ ਰਾਕੇਸ਼ ਯਾਦਵ ਨੇ ਦੱਸਿਆ ਕਿ ਇਸ ਮੌਕੇ ਸੰਸਾਰ ਪੱਧਰ ਤੇ ਫੈਲ ਰਹੀਆਂ ਬਿਮਾਰੀਆਂ ਨੂੰ ਫੈਲਣ ਤੋਂ ਰੋਕਣ ਲਈ ਸਮੂਹ ਵਪਾਰੀਆਂ ਨੇ ਇਕਜੁੱਟ ਹੋ ਕੇ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਕੋਵਿਡ ਮਹਾਂਮਾਰੀ ਦੌਰਾਨ ਜਿਸ ਤਰ੍ਹਾਂ ਬਿਮਾਰੀ ਵਿਸ਼ਵ ਭਰ ਵਿੱਚ ਫੈਲੀ ਸੀ, ਉਸ ਤੋਂ ਸਾਨੂੰ ਪ੍ਰਮਾਤਮਾ ਦੀਆਂ ਅਰਦਾਸਾਂ ਅਤੇ ਕੀਰਤਨ ਦੁਆਰਾ ਹੀ ਮੁਕਤੀ ਮਿਲੀ ਸੀ। ਇਸ ਮੌਕੇ ਵਪਾਰੀਆਂ ਵੱਲੋਂ ਪ੍ਰਸ਼ਾਦ ਵੰਡਣ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਪਰਮਜੀਤ ਸਿੰਘ ਪੰਮਾ, ਰਾਕੇਸ਼ ਯਾਦਵ, ਕਮਲ ਕੁਮਾਰ, ਦੀਪਕ ਮਿੱਤਲ, ਵਰਿੰਦਰ ਆਰੀਆ ਕੁਲਦੀਪ ਸਿੰਘ, ਰਮੇਸ਼ ਸਚਦੇਵਾ, ਅਭੈ, ਸ਼ੇਖਰ ਕਟਾਰੀਆ ਸਮੇਤ ਕਈ ਵਪਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਸਤਵੰਤ ਸਿੰਘ, ਭਾਈ ਬੇਅੰਤ ਸਿੰਘ ਅਤੇ ਭਾਈ ਕੇਹਰ ਸਿੰਘ ਸਿੱਖ ਪੰਥ ਦੇ ਮਹਾਨ ਸ਼ਹੀਦ ਸਿੰਘ ਹਨ, ਉਨ੍ਹਾਂ ਦੀਆਂ ਯਾਦਗਾਰ ਮਨਾਉਂਣੀ ਅਤਿ ਜਰੂਰੀ: ਬੀਬੀ ਰਣਜੀਤ ਕੌਰ

ਨਵੀਂ ਦਿੱਲੀ 7 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਭਾਈ ਸਤਵੰਤ ਸਿੰਘ, ਭਾਈ ਬੇਅੰਤ ਸਿੰਘ ਅਤੇ ਭਾਈ ਕੇਹਰ ਸਿੰਘ ਸਿੱਖ ਪੰਥ ਦੇ ਮਹਾਨ ਸ਼ਹੀਦ ਸਿੰਘਾਂ ਵਿੱਚੋ ਹਨ । ਜਿਸ ਤਰ੍ਹਾਂ ਉਨ੍ਹਾਂ ਨੇ ਆਪਣਾ ਆਪ ਵਾਰਦਿਆਂ ਸਿੱਖ ਪੰਥ ਦੇ ਪਵਿੱਤਰ ਅਸਥਾਨਾਂ ਨੂੰ ਢਹਿ ਢੇਰੀ ਕਰਣ ਵਾਲੀ ਸਮੇਂ ਦੀ ਤਤਕਾਲੀ ਦੇਸ਼ ਦੀ ਪ੍ਰਧਾਨ ਮੰਤਰੀ ਨੂੰ ਆਪਣੇ ਹੱਥੀਂ ਸਜ਼ਾ ਦੇ ਕੇ ਪੰਥ ਦੀ ਮਹਾਨ ਮਰਿਆਦਾ ਦਾ ਪਾਲਣ ਕਰਦਿਆਂ ਕੌਮ ਦੀ ਦਸਤਾਰ ਮੁੜ ਸਿਰਾਂ ਤੇ ਸਜ਼ਾਈ ਸੀ ਉਨ੍ਹਾਂ ਦੀ ਸ਼ਹਾਦਤਾਂ ਨੂੰ ਕੇਸਰੀ ਸਲਾਮ ਕਰਨਾ ਹਰ ਸਿੱਖ ਦਾ ਫਰਜ਼ ਬਣ ਜਾਂਦਾ ਹੈ । ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮਹਿਲਾ ਵਿੰਗ ਦੇ ਮੁੱਖੀ ਬੀਬੀ ਰਣਜੀਤ ਕੌਰ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਕਿਹਾ ਕਿ 'ਸ਼ਹੀਦ' ਅਖਵਾਉਣ ਵਾਲੇ ਵਿਅਕਤੀ ਦਾ ਆਦਰਸ਼ ਇਕ ਸਾਕਾਰਾਤਮਕ ਨਿਸ਼ਾਨਾ ਹੁੰਦਾ ਹੈ। ਇਹ ਨੇਕ-ਨੀਤੀ ਉੱਤੇ ਅਧਾਰਿਤ ਹੁੰਦਾ ਹੈ ਅਤੇ ਇਸ ਦੀ ਪ੍ਰਾਪਤੀ ਵਿੱਚੋਂ ਲਾਹੇਵੰਦ ਸਿੱਟੇ ਨਿਕਲਣ ਦੀ ਆਸ ਹੁੰਦੀ ਹੈ, ਨਾਕਾਰਾਤਮਕ ਸਿੱਟੇ ਨਹੀਂ। ਨਿਸ਼ਾਨੇ ਤਾਂ ਅਪਰਾਧ ਜਗਤ ਵਿਚ ਸ਼ਾਮਲ ਲੋਕਾਂ ਦੇ ਵੀ ਹੁੰਦੇ ਹਨ ਪਰੰਤੂ ਉਹ ਆਦਰਸ਼ ਨਹੀਂ ਅਖਵਾ ਸਕਦੇ। 'ਸ਼ਹੀਦ' ਅਖਵਾਉਣ ਵਾਲੇ ਵਿਅਕਤੀ ਦਾ ਨਿਸ਼ਾਨਾ ਚੰਗਿਆਈ ਦੇ ਗੁਣ ਉੱਤੇ ਕੇਂਦ੍ਰਿਤ ਹੁੰਦਾ ਹੈ ਅਤੇ ਉਸ ਵਿਚ ਬਦੀ ਜਾਂ ਬੁਰਿਆਈ ਭਾਵ ਅਨੈਤਿਕਤਾ ਦਾ ਅੰਸ਼ ਦਾਖਲ ਨਹੀਂ ਹੋ ਸਕਦਾ। 'ਸ਼ਹੀਦ' ਅਖਵਾਉਣ ਵਾਲਾ ਵਿਅਕਤੀ ਆਪਣੇ ਆਦਰਸ਼ ਦੀ ਪ੍ਰਾਪਤੀ ਲਈ ਆਪਣੀ ਜਾਨ ਤੱਕ ਕੁਰਬਾਨ ਕਰ ਦਿੰਦਾ ਹੈ ਕਿਉਕਿ ਉਹ ਅਧਿਆਤਮਿਕ ਪੱਖ ਤੋਂ ਬਹੁਤ ਉੱਚਾ ਉੱਠ ਚੁੱਕਿਆ ਹੁੰਦਾ ਹੈ। ਜਿਸ ਨਾਲ ਉਸਨੂੰ ਮੌਤ ਦੇ ਸਾਹਮਣੇ ਹੋ ਕੇ ਵੀ ਕੋਈ ਭੈਅ ਨਹੀ ਆਉਂਦਾ। ਉਹ ਆਪਣੇ ਆਦਰਸ਼ ਦੀ ਪ੍ਰਾਪਤੀ ਲਈ ਜਿਉਂਦਾ ਹੈ ਅਤੇ ਓਸੇ ਲਈ ਮਰਦਾ ਹੈ। ਇੰਨ੍ਹਾ ਸਿੰਘਾਂ ਦੀ ਯਾਦ ਸਾਨੂੰ ਹਰ ਗੁਰੂਘਰ ਦੇ ਨਾਲ ਆਪਣੇ ਘਰਾਂ ਅੰਦਰ ਵੀਂ ਮਨਾਣੀ ਚਾਹੀਦੀ ਹੈ ਜਿਸ ਨਾਲ ਸਾਡੀ ਨਵੀਂ ਪੀੜੀ ਨੂੰ ਇੰਨ੍ਹਾ ਵਰਗੇ ਮਹਾਨ ਸ਼ਹੀਦ ਸਿੰਘ ਸੂਰਮਿਆਂ ਦਾ ਇਤਿਹਾਸ ਪਤਾ ਲਗਦਾ ਰਹੇ।



ਆਵਾਜ਼ਿ ਕੌਮ AWAZE QAUM International Newspaper & WEB TV

ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ

# ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਦਸਮ ਪਾਤਸ਼ਾਹ ਜੀ ਦਾ ਪ੍ਰਕਾਸ਼ ਪੁਰਬ









**ਨਵੀਂ ਦਿੱਲੀ, 7 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):** ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ 358ਵਾਂ ਪ੍ਰਕਾਸ਼ ਪੁਰਬ ਪਟਨਾ ਦੀ ਧਰਤੀ 'ਤੇ ਪ੍ਰਬੰਧਕ ਕਮੇਟੀ, ਸਾਧ ਸੰਗਤ ਵੱਲੋਂ ਬਿਹਾਰ ਸਰਕਾਰ ਦੇ ਸਹਿਯੋਗ ਨਾਲ ਮਨਾਇਆ ਗਿਆ ਜਿਸ ਵਿਚ ਦੇਸ਼-ਵਿਦੇਸ਼ ਤੋਂ ਹਜ਼ਾਰਾਂ ਲੋਕ ਮੱਥਾ ਟੇਕਣ ਲਈ ਪਹੁੰਚੇ। ਸੰਗਤਾਂ ਨੂੰ ਮੱਥਾ ਟੇਕਣ ਲਈ ਘੰਟਿਆਂ ਬੱਧੀ ਉਡੀਕ ਕਰਨੀ ਪਈ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਸਮੇਤ ਕਈ ਧਾਰਮਿਕ ਸ਼ਖ਼ਸੀਅਤਾਂ ਨੇ ਗੁਰਬਾਣੀ ਕੀਰਤਨ ਅਤੇ ਕਥਾ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ, ਇਸ ਮੌਕੇ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ, ਰਾਜਪਾਲ ਆਸਿਫ ਮੁਹੰਮਦ ਖਾਨ, ਉਪ ਮੁੱਖ ਮੰਤਰੀ ਸਮਰਾਟ ਚੌਧਰੀ ਅਤੇ ਵਿਜੇ ਕੁਮਾਰ ਸਿਨਹਾ, ਸਾਬਕਾ ਉਪ ਮੁੱਖ ਮੰਤਰੀ ਤੇਜਸਵੀ ਯਾਦਵ, ਮੇਅਰ ਰਸ਼ਮੀ ਚੰਦਰਵੰਸ਼ੀ, ਬਿਹਾਰ ਭਾਜਪਾ ਦੇ ਪ੍ਰਧਾਨ ਦਿਲੀਪ ਜੈਸਵਾਲ, ਨੰਦ ਕਿਸ਼ੋਰ ਯਾਦਵ, ਵਿਧਾਨ ਸਭਾ ਦੇ ਸਪੀਕਰ ਸਿਸਿਲ ਕੁਮਾਰ, ਅਭਿਸ਼ੇਕ ਕੁਮਾਰ, ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਸਮੇਤ ਕਈ ਪਤਵੰਤੇ ਦਰਸ਼ਨਾਂ ਲਈ ਪਹੁੰਚੇ। ਪ੍ਰਕਾਸ਼ ਪੁਰਬ ਮੌਕੇ ਅਯੁੱਧਿਆ ਦੀ ਰਾਮ ਜਨਮ ਭੂਮੀ ਦੇ ਟਰੱਸਟੀ ਪਰਮਾਨੰਦ ਜੀ, ਹਰਿਦੁਆਰ ਤੋਂ ਰਾਨੀਮਲ ਪੰਥ ਦੇ ਗਿਆਨਦੇਵ ਜੀ, ਦਿੱਲੀ ਗੁਰਦੁਆਰਾ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀ.ਕੇ., ਰਜਿੰਦਰ ਸਿੰਘ ਚੱਢਾ, ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਇੰਦਰਜੀਤ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ, ਮੀਤ ਪ੍ਰਧਾਨ ਗੁਰਵਿੰਦਰ ਸਿੰਘ, ਸਕੱਤਰ ਹਰਬੰਸ ਸਿੰਘ, ਮੈਂਬਰ ਮਹਿੰਦਰਪਾਲ ਸਿੰਘ ਢਿੱਲੋਂ, ਸ. ਹਰਪਾਲ ਸਿੰਘ ਜੌਹਲ, ਮੀਡੀਆ ਇੰਚਾਰਜ ਸੁਦੀਪ ਸਿੰਘ, ਸਵਮਨ ਸਿੰਘ ਸੋਹੀ, ਸੰਨੀ ਸੋਹੀ ਨੇ ਸਾਰੇ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਅਤੇ ਸਿਰੋਪਾਓ ਭੇਂਟ ਕਰਕੇ ਜੀ ਆਇਆਂ ਨੂੰ ਕਿਹਾ। ਪ੍ਰਬੰਧਕ ਕਮੇਟੀ ਨੇ ਗੋਬਿੰਦ ਪ੍ਰਕਾਸ਼ ਮੈਗਜ਼ੀਨ ਨੂੰ ਡਿਜੀਟਾਈਜ਼ ਕਰਦੇ ਹੋਏ ਫੈਸਲਾ ਕੀਤਾ ਹੈ ਕਿ ਹੁਣ ਹਰ ਮਹੀਨੇ ਇਹ ਮੈਗਜ਼ੀਨ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਭੇਜਿਆ ਜਾਵੇਗਾ ਤਾਂ ਜੋ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਤਖ਼ਤ ਸਾਹਿਬ ਵਿਖੇ ਹੋ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਮਿਲ ਸਕੇ। ਇਸ ਦੇ ਨਾਲ ਹੀ ਕਮੇਟੀ ਵੱਲੋਂ ਇੱਕ ਕੈਲੰਡਰ ਵੀ ਜਾਰੀ ਕੀਤਾ ਗਿਆ, ਜੋ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਜਾਰੀ ਕੀਤਾ ਗਿਆ। ਕਮੇਟੀ ਨੇ ਸਟੇਜ ਤੋਂ ਇੱਕ ਜੰਤਰੀ ਵੀ ਜਾਰੀ ਕੀਤੀ ਜੋ ਮਨਜੀਤ ਸਿੰਘ ਦਿੱਲੀ ਵੱਲੋਂ ਤਿਆਰ ਕੀਤੀ ਗਈ ਹੈ।

ਸੁਖਬੀਰ ਸਿਓ ਬਾਦਲ ਅਕਾਲ ਤਖ਼ਤ ਸਾਹਿਬ ਤੋਂ ਭਗੌੜੇ, ਕਹਿੰਦੇ ਗਲਤ ਸੁਣਾਈ ਸਜ਼ਾ ਜਥੇਦਾਰ ਜੀ ਨੇ

# ਨਹੀਂ ਬਖਸ਼ੇਗੀ ਬਾਦਲਕਿਆਂ ਨੂੰ ਸਿੱਖ ਕੌਮ : ਭਾਈ ਵਿਰਸਾ ਸਿੰਘ ਖਾਲਸਾ

ਜੰਡਿਆਲਾ ਗੁਰੂ 7 ਜਨਵਰੀ ( ਕੁਲਵੰਤ ਸਿੰਘ ਵਿਰਦੀ) ਅੱਜ ਸਿੱਖ ਕੌਮ ਦੀ ਸੁਪਰੀਮ ਪਾਵਰ ਜਥੇਦਾਰ ਅਕਾਲ ਤਖ਼ਤ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਦੋ ਦਸੰਬਰ ਨੂੰ ਅਕਾਲ ਤਖ਼ਤ ਦੀ ਫਸੀਲ ਤੋਂ ਬਾਦਲਾਂ ਵਿਰੁੱਧ ਸੁਣਾਏ ਹੁਕਮਾਂ ਨੂੰ ਇੰਨ ਬਿੰਨ ਲਾਗੂ ਕਰੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਅਕਾਲੀ ਦਲ ਬਾਦਲ, ਉਨ੍ਹਾਂ ਇਹ ਵੀ ਕਿਹਾ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ ਸਬੰਧੀ ਇਨਕੁਆਰੀ ਸ਼੍ਰੋਮਣੀ ਅਕਾਲੀ ਦਲ ਨੂੰ ਨਹੀਂ ਹੱਕ ਅਤੇ ਇਸ ਸਬੰਧੀ ਉਨ੍ਹਾਂ ਅਕਾਲ ਤਖ਼ਤ ਸਾਹਿਬ ਤੋਂ ਕਮੇਟੀ ਬਣਾਉਣ ਦਾ ਐਲਾਨ ਕੀਤਾ ਹੈ ਤੇ ਕਿਹਾ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਲੱਗੇ ਦੋਸ਼ਾਂ ਦੀ ਇਨਕੁਆਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਵਾਲੀ ਕਮੇਟੀ ਕਰੇਗੀ,ਦੂਜੇ ਪਾਸੇ ਪੰਥ ਦੋਖੀ ਸੁਖਬੀਰ ਸਿਓ ਬਾਦਲ ਫਿਰ ਪ੍ਰਧਾਨ ਬਣਨ ਦੀ ਖ਼ਾਹਸ਼ ਨਾਲ ਇਹ ਕਹਿ ਰਹੇ ਹਨ ਕਿ ਅਸੀਂ ਕੋਈ ਗੁਨਾਹ ਕੀਤਾ ਹੀ ਨਹੀਂ, ਮੈਂ ਤਾਂ ਸਿਰਫ ਇਸ ਕਰਕੇ ਝੂਠੇ ਗੁਨਾਹਾਂ ਨੂੰ ਅਕਾਲ ਤਖ਼ਤ ਸਾਹਿਬ ਅੱਗੇ ਪ੍ਰਵਾਨ ਕੀਤਾ ਸੀ ਕਿ ਸ਼ਾਇਦ ਕੌਮ ਮੈਨੂੰ ਮੁਵਾਫ ਕਰ ਦੇਵੇਗੀ ਤੇ ਮੈਨੂੰ ਮੁਖ ਮੰਤਰੀ ਬਣਨ ਦਾ ਮੌਕਾ ਦੇ ਦੇਵੇਗੀ, ਪਰ ਅਜਿਹਾ ਕੁਝ ਹੁੰਦਾ ਮੈਨੂੰ ਨਜ਼ਰ ਨਹੀਂ ਆ ਰਿਹਾ, ਇਸ ਕਰਕੇ ਜਥੇਦਾਰ ਸਾਹਿਬ ਮੇਰੇ ਅਸਤੀਫੇ ਨੂੰ ਪ੍ਰਵਾਨ ਕਰਨ ਦੀ ਗੱਲ ਨਾਂ ਕਰਨ, ਸਾਡੇ ਵੱਲੋਂ ਸਿੱਖ ਕੌਮ ਤੇ ਸਿੱਖ ਪੰਥ ਜਾਵੇ ਢੱਠੇ ਖੂਹ'ਚ ਮੈਂ ਤਾਂ ਪ੍ਰਧਾਨ ਬਣਿਆ ਹੀ ਰਹਿਣਾ ਵਾ ਅਤੇ ਇਸ ਸਬੰਧੀ ਅਸੀਂ ਤਾਂ ਮਾਘੀ ਤੇ ਕਾਨਫਰੰਸ ਵੀ ਕਰਾਂਗੇ, ਇਥੇ ਹੀ ਬਸ ਨਹੀਂ ਨਹੀਂ ਨਵੇਂ ਬਣ ਰਹੇ ਅਕਾਲੀ ਦਲ ਤੇ ਉਨ੍ਹਾਂ ਇਤਰਾਜ ਜਿਤਾਇਆ ਹੈ,ਬਾਦਲ ਦੇ ਇਸ ਫੈਸਲੇ ਨੇ ਦੇਸ਼ਾਂ ਵਿਦੇਸ਼ਾਂ ਵਿਚ ਵੱਸ ਰਹੀਆਂ ਸਿੱਖ ਸੰਗਤਾਂ ਦੇ ਧਰਮੀ ਹਿਰਦਿਆਂ ਨੂੰ ਵਲੂੰਧਰੇ ਕੇ ਰੱਖ ਦਿੱਤਾ ਹੈ ਅਤੇ ਉਹ ਦੁਖੀ ਹੋ ਕੇ ਸਿੱਖ ਪੰਥ ਤੋਂ ਮੰਗ ਕਰ ਰਹੇ ਹਨ ਕਿ ਸਰਬੱਤ ਖਾਲਸਾ ਬੁਲਾ ਕੇ ਬਾਦਲਕਿਆਂ ਦਾ ਬਾਈਕਾਟ ਕੀਤਾ ਜਾਵੇ ਅਤੇ ਜਥੇਦਾਰ ਸਾਹਿਬਾਨ ਵੱਲੋਂ ਕੀਤੇ ਹੁਕਮਾਂ ਨੂੰ ਇੰਨ ਬਿੰਨ ਲਾਗੂ ਕਰਨ ਤੱਕ ਬਾਦਲਕਿਆਂ ਨੂੰ ਮੂੰਹ ਨਾ ਲਾਇਆ ਜਾਵੇ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਬਾਦਲਕਿਆਂ ਵੱਲੋਂ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਕੀਤੇ ਹੁਕਮਾਂ ਨੂੰ ਟਿੱਚ ਸਮਝਦਿਆਂ ਮਾਘੀ ਤੇ ਕਾਨਫਰੰਸ ਕਰਨ ਵਾਲੇ ਐਲਾਨ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦੀ ਹੈ ਉਥੇ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੂੰ ਬੇਨਤੀ ਕਰਦੀ ਹੈ ਕਿ ਉਹ ਨਿਹੰਗ ਸਿੰਘ ਜਥੇਬੰਦੀਆਂ ਨੂੰ ਹੁਕਮ ਕਰਨ ਕਿ ਉਹ ਘੌੜਿਆ ਨਾਲ ਬੰਨ੍ਹ ਕੇ ਲਿਆਉਣ ਤੇ ਅਕਾਲ ਤਖ਼ਤ ਤੇ ਇਸ ਨੂੰ ਬੰਨਿਆ ਜਾਵੇ ਤੇ ਕੋਰੜੇ ਮਾਰੇ ਤਾਂ ਕਿ ਅੱਗੇ ਤੋਂ ਕੋਈ ਪੰਥਕ ਅਖਵਾਉਣ ਵਾਲਾ ਅਖੌਤੀ ਅਕਾਲੀ ਜਥੇਦਾਰ ਸਾਹਿਬ ਜੀ ਵੱਲੋਂ ਕੀਤੇ ਹੁਕਮਾਂ ਨੂੰ ਮੰਨਣ ਤੋਂ ਇਨਕਾਰ ਕਰਨ ਦੀ ਜੁਰਅਤ ਨਾ ਕਰ ਸਕੇ , ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਗਿਆਨੀ ਰਘਬੀਰ ਸਿੰਘ ਜੀ ਦੇ ਹੁਕਮਾਂ ਵਿਰੁੱਧ ਬਾਦਲਕਿਆਂ ਵੱਲੋਂ ਮਾਘੀ ਤੇ ਕਾਨਫਰੰਸ ਕਰਨ ਦੀ ਨੀਤੀ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਭਾਈ ਖਾਲਸਾ ਨੇ ਕਿਹਾ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਬਾਦਲਾ ਵਿਰੁੱਧ ਦੋ ਦਸੰਬਰ ਨੂੰ ਅਕਾਲ ਤਖ਼ਤ ਦੀ ਫਸੀਲ ਤੋਂ ਕੀਤੇ ਹੁਕਮਾਂ ਨੂੰ ਇੰਨ ਬਿੰਨ ਲਾਗੂ ਕੀਤਾ ਜਾਵੇ ਪਰ ਸੁਖਬੀਰ ਦੀ ਕੁਰਸੀ ਬਚਾਉਣ ਲਈ ਅਕਾਲੀ ਦਲ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬੁਰੀ ਤਰ੍ਹਾਂ ਅਸਫਲ ਸਿੱਧ ਹੋਈ ਹੈ ਅਤੇ ਜਥੇਦਾਰ ਦੇ ਹੁਕਮਾਂ ਤੋਂ ਬਾਗੀ ਹੋ ਕੇ ਮਾਘੀ ਕਾਨਫਰੰਸ ਕੀਤੀ ਜਾ ਰਹੀ ਹੈ, ਜੋਂ ਸਿੱਖ ਕੌਮ ਕਦੇ ਬਰਦਾਸ਼ਤ ਨਹੀਂ ਕਰੇਗੀ ਅਤੇ ਇਸ ਦਾ ਢੁੱਕਵਾਂ ਜਵਾਬ ਦੇਣ ਲਈ ਕੋਈ ਵਿਸ਼ੇਸ਼ ਰਣਨੀਤੀ ਤਿਆਰ ਕੀਤੀ ਜਾਵੇਗੀ ਜਿਸ ਨਾਲ ਬਾਦਲਕਿਆਂ ਦੀ ਰਹਿਦੀ ਖੂੰਹਦੀ ਸ਼ਾਖ਼ ਵੀ ਖ਼ਤਮ ਹੋ ਜਾਵੇਗੀ, ਭਾਈ ਖਾਲਸਾ ਨੇ ਕਿਹਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਬਾਦਲਕਿਆਂ ਵੱਲੋਂ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋਣ ਵਾਲੀ ਨੀਤੀ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦੀ ਹੈ ਅਤੇ ਜਥੇਦਾਰ ਸਾਹਿਬ ਜੀ ਨੂੰ ਬੇਨਤੀ ਕਰਦੀ ਹੈ ਇੱਕ ਸਾਲ ਵਿੱਚ ਇਤਿਹਾਸਕ ਗੁਰਦੁਆਰਿਆਂ ਵਿੱਚੋਂ ਕਰੋੜਾਂ ਰੁਪਏ ਲੈਣ ਵਾਲੀਆਂ ਨਿਹੰਗ ਸਿੰਘ ਜਥੇਬੰਦੀਆਂ ਨੂੰ ਹੁਕਮ ਕਰਨ ਕਿ ਸੁਖਬੀਰ ਘੌੜਿਆ ਨਾਲ ਬੰਨ੍ਹ ਕੇ ਅਕਾਲ ਤਖ਼ਤ ਲਿਆਉਣ ਤੇ ਮਹਾਰਾਜਾ ਰਣਜੀਤ ਸਿੰਘ ਵਾਲੀ ਸਜ਼ਾ ਕੋਰੜੇ ਮਾਰੇ ਜਾਣ ਦੇ ਨਾਲ ਨਾਲ ਸਮੁੱਚੇ ਸਿੱਖ ਪੰਥ ਨੂੰ ਅਪੀਲ ਕਰਦੀ ਹੈ ਕਿ ਸਰਬੱਤ ਖਾਲਸਾ ਬੁਲਾ ਕੇ ਬਾਦਲਕਿਆਂ ਦਾ ਮੁਕੰਮਲ ਬਾਈਕਾਟ ਕੀਤਾ ਜਾਵੇ ਅਤੇ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਨੂੰ ਹਰ ਹੀਲੇ ਬਹਾਲ ਰੱਖਣ ਦੀ ਲੋੜ ਤੇ ਜ਼ੋਰ ਦਿੱਤਾ ਜਾਵੇ, ਇਸ ਮੌਕੇ ਤੇ ਭਾਈ ਖਾਲਸਾ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਖਾਲਸਾ ਤੇ ਭਾਈ ਸੁਰਜੀਤ ਸਿੰਘ ਕਮਾਲਕੇ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਜਗਜੀਤ ਸਿੰਘ ਸੈਦੇਸਾਹ ਵਾਲਾ ਭਾਈ ਬਲਕਾਰ ਸਿੰਘ ਦਾਰੇਵਾਲ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਭਾਈ ਇੰਦਰਜੀਤ ਸਿੰਘ ਕਾਉਂਕੇ, ਭਾਈ ਜਸਬੀਰ ਸਿੰਘ ਚੌਕੀਮਾਨ ਤੇ ਭਾਈ ਬਲਵਿੰਦਰ ਸਿੰਘ ਖਡੂਰ ਸਾਹਿਬ ਆਦਿ ਆਗੂ ਹਾਜਰ ਸਨ।



# ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਤੇ ਤਖ਼ਤ ਪਟਨਾ ਸਾਹਿਬ ਪਹੁੰਚੇ ਨਿਹੰਗ ਸਿੰਘ ਫ਼ੌਜਾਂ ਦੇ ਜਥੇਦਾਰ ਸਾਹਿਬਾਨ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 7 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਹਰ ਸਾਲ ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਅਕਾਲ ਪੁਰਖ ਦੀਆਂ ਲਾਡਲੀਆਂ ਨਿਹੰਗ ਸਿੰਘ ਫ਼ੌਜਾਂ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਵਾਲੀ ਮਰਯਾਦਾ ਤਹਿਤ ਨਿਹੰਗ ਸਿੰਘ ਜਥੇਬੰਦੀਆਂ ਦੇ ਆਗੂਆਂ ਵੱਲੋਂ ਆਪਣੀਆਂ ਫ਼ੌਜਾਂ ਸਮੇਤ ਸਾਰੇ ਧਾਰਮਿਕ ਸਮਾਗਮਾਂ'ਚ ਹਾਜ਼ਰੀ ਲਵਾਈ, ਪਰਸੋਂ ਉਨ੍ਹਾਂ ਵੱਲੋਂ ਗੁਰਦੁਆਰਾ ਸਾਹਿਬ ਤੋਂ ਇੱਕ ਸਜਾਏ ਵਿਸ਼ਾਲ ਨਗਰ ਕੀਰਤਨ ਵਿੱਚ ਹਾਜ਼ਰੀ ਤੇ ਕੱਲ੍ਹ ਧਾਰਮਿਕ ਦੀਵਾਨ ਦੀਆਂ ਹਾਜ਼ਰੀਆਂ ਲਵਾਈਆਂ ਤੇ ਕਲਗੀਧਰ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਗਈਆਂ, ਇਹਨਾਂ ਸਾਰੀਆਂ ਨਿਹੰਗ ਸਿੰਘ ਫ਼ੌਜਾਂ ਦੀ ਅਗਵਾਈ ਸ਼ਹੀਦ ਬਾਬਾ ਜੀਵਨ ਸਿੰਘ ਤਰਨਦਲ ਦੇ ਮੁੱਖੀ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਕਰ ਰਹੇ, ਇਥੇ ਸਾਰੇ ਨਿਹੰਗ ਸਿੰਘ ਜਥੇਬੰਦੀਆਂ ਦੇ ਆਗੂਆਂ ਦਾ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਜਥੇਦਾਰ ਬਲਦੇਵ ਸਿੰਘ ਵੱਲਾ ਨਾਲ ਗੱਲਬਾਤ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਭਾਈ ਖਾਲਸਾ ਨੇ ਦੱਸਿਆ ਇਸ ਤੇ ਉਨ੍ਹਾਂ ਨਾਲ ਜਥੇਦਾਰ ਸਤਨਾਮ ਸਿੰਘ ਪ੍ਰਧਾਨ ਖਾਪੜਖੇੜੀ, ਜਥੇਦਾਰ ਬਾਬਾ ਹਰਜਿੰਦਰ ਸਿੰਘ ਮੁਕਤਸਰ ਸਾਹਿਬ, ਜਥੇਦਾਰ ਬਲਬੀਰ ਸਿੰਘ, ਜਥੇਦਾਰ ਤਰਸੇਮ ਸਿੰਘ ਰੰਘੜਨੰਗਲ ਤੋਂ ਇਲਾਵਾ ਸੈਂਕੜੇ ਜਥੇਦਾਰ ਤੇ ਅਕਾਲ ਪੁਰਖ ਦੀਆਂ ਲਾਡਲੀਆਂ ਨਿਹੰਗ ਫੌਜ਼ਾਂ ਹਾਜਰ ਸਨ।

# ਖੇਡਾਂ 'ਚ ਚੰਗਾ ਖੇਡਣ ਵਾਲੇ ਖਿਡਾਰੀਆਂ ਨੂੰ ਮਾਨ ਸਰਕਾਰ ਦੇ ਰਹੀ ਹੈ ਸਨਮਾਨ ਚੇਅਰਮੈਨ ਘੁੱਲੀ





ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਦੇ ਲਈ ਖੇਡਾਂ ਵੱਲ ਉਤਸ਼ਾਹਤ ਕਰਨ ਦੇ ਵਿਸ਼ੇਸ਼ ਉਪਰਾਲੇ ਕਰ ਰਹੇ ਹਨ। ਸੂਬੇ ਦੀ ਮਾਨ ਸਰਕਾਰ ਵੱਲੋਂ ਖੇਡਾਂ ਵਿੱਚ ਚੰਗਾ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਕਰੋੜਾਂ ਦੇ ਇਨਾਮ ਦੇ ਕੇ ਨਿਵਾਜਿਆ ਜਾ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਧੂਰੀ ਕੈਂਪਸ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਅੱਜ ਉਹ ਪਿੰਡ ਢਢੋਗਲ ਵਿਖੇ ਸਰਪੰਚ ਜਸਬੀਰ ਦਾਸ ਦੀ ਅਗਵਾਈ ਹੇਠ ਕਰਵਾਏ ਗਏ ਕ੍ਰਿਕਟ ਟੂਰਨਾਮੈਂਟ ਵਿੱਚ ਨੌਜਵਾਨਾਂ ਦਾ ਹੌਸਲਾ ਅਫਜਾਈ ਕਰਨ ਦੇ ਲਈ ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਸਨ । ਇਸ ਮੌਕੇ ਪੰਚਾਇਤ ਯੂਨੀਅਨ ਬਲਾਕ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਗੁਰਮੇਲ ਸਿੰਘ ਬੁਰਜ ਗੌਹਰਾ, ਗੁਰਪ੍ਰੀਤ ਸਿੰਘ ਬੁਰਜ ਗੌਹਰਾ, ਬਾਬਾ ਆਤਮਾ ਸਿੰਘ, ਆਪ ਆਗੂ ਬੱਗਾ ਸਿੰਘ ਤੋਲਾਵਾਲ, ਆਪ ਆਗੂ ਭਿੰਦਾ ਵਿਰਕ, ਸਰਪੰਚ ਕਰਮਜੀਤ ਸਿੰਘ, ਸਰਪੰਚ ਸੁਖਦੀਪ ਸਿੰਘ ਹਾਜ਼ਰ ਸਨ।

# ਸ਼ਹਿਰ ਅੰਦਰ ਵਧ ਰਿਹਾ ਚੋਰੀਆਂ ਦਾ ਰੁਝਾਨ ਚਿੰਤਾ ਦਾ ਵਿਸ਼ਾ ਪੰਮਾ ਬਾਠ



**ਧੂਰੀ ( ਰਣਜੀਤ ਸਿੰਘ ਪੇਧਨੀ)**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਦੇ ਹਲਕੇ ਧੂਰੀ ਸ਼ਹਿਰ ਅੰਦਰ ਪਿਛਲੇ ਹਫਤੇ ਤੋਂ ਚੋਰੀਆਂ ਦਾ ਸਿਲਸਿਲਾ ਦਿਨੋ ਦਿਨ ਵੱਧਦਾ ਜਾ ਰਿਹਾ ਹੈ। ਇੱਕ ਰਾਤ ਵਿੱਚ ਕਈ ਕਈ ਚੋਰੀਆਂ ਹੋ ਰਹੀਆਂ ਹਨ ,ਦਿਨ ਦਿਹਾੜੇ ਲੁੱਟਾਂ ਖੂਹਾਂ ਕਰਨ ਵਾਲੇ ਚੋਰਾਂ ਦੇ ਹੌਸਲੇ ਬੁਲੰਦ ਹਨ, ਜੋ ਕਿ ਇੱਕ ਚਿੰਤਾ ਦਾ ਵਿਸ਼ਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਧੂਰੀ ਦੇ ਉੱਘੇ ਸਮਾਜ ਸੇਵੀ ਪ੍ਰੋਪਰਟੀ ਡੀਲਰ ਐਸੋਸੀਏਸ਼ਨ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਹਨਾਂ ਕਿਹਾ ਕਿ ਸ਼ਹਿਰ ਦੇ ਅੰਦਰ ਕੋਈ ਵੀ ਵਿਅਕਤੀ ਸ਼ੇਫ ਨਹੀਂ ਹੈ ਚੋਰੀ ਕਰਨ ਵਾਲਿਆਂ ਦੇ ਹੌਸਲੇ ਇੰਨੇ ਕੁ ਵਧੇ ਹੋਏ ਹਨ ਕਿ ਉਹ ਲੱਗੇ ਹੋਏ ਸੀਸੀਟੀਵੀ ਕੈਮਰਿਆਂ ਦੀ ਵੀ ਪਰਵਾਹ ਨਾ ਕਰਦੇ ਹੋਏ ਲੁੱਟਾਂ ਅਤੇ ਕੁੱਟ ਮਾਰ ਲੁੱਟਾਂ ਅਤੇ ਕੁੱਟ ਮਾਰ ਕਰਨ ਤੋਂ ਵੀ ਗਰੇਜ ਨਹੀਂ ਆਉਂਦੇ।

### ਗੁਰਦੁਆਰਾ ਗੁਰੂਆਨਾ ਸਾਹਿਬ ਤੋਂ ਮਹਾਨ ਨਗਰ ਕੀਰਤਨ ਚੌਂਕ ਮਹਿਤਾ ਵਿਖੇ ਪਹੁੰਚਣ 'ਤੇ

# ਦਮਦਮੀ ਟਕਸਾਲ ਵੱਲੋਂ ਕੀਤਾ ਨਿੱਘਾ ਸੁਆਗਤ






**ਚੌਂਕ ਮਹਿਤਾ, 7 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂਆਨਾ ਸਾਹਿਬ ਜੀ ਤੋਂ ਮਹਾਨ ਨਗਰ ਕੀਰਤਨ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਵਿਸਾਲ ਮਹਾਨ ਨਗਰ ਕੀਰਤਨ ਕੱਢਿਆ ਗਿਆ। ਚੌਂਕ ਮਹਿਤਾ ਗੁਰਦੁਆਰਾ ਹਰਿਗੋਬਿੰਦ ਸਾਹਿਬ ਵਿੱਖੇ ਪਾਹੁੰਣ ਤੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆ ਵੱਲੋਂ ਤਰਨਾ ਦਲ ਚੌਂਕ ਮਹਿਤਾ ਦੇ ਜਥੇਦਾਰ ਬਾਬਾ ਅਜੀਤ ਸਿੰਘ ਜੀ ਵੱਲੋਂ ਗੁਦੁਆਰਾ ਸ੍ਰੀ ਹਰਿਗੋਬਿੰਦ ਸਾਹਿਬ ਚੌਂਕ ਮਹਿਤਾ ਦੇ ਹੈਡ ਗ੍ਰੰਥੀ ਭਾਈ ਜਸਵੰਤ ਸਿੰਘ ਅਤੇ ਪੱਪੂ ਸੇਠ ਵੱਲੋਂ ਨਿੱਘਾ ਸੁਆਗਤ ਕੀਤਾ ਗਿਆ, ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਲਈ ਸੁੰਦਰ ਰੁਮਾਲਾ ਸਾਹਿਬ ਭੇਂਟ ਕੀਤਾ ਗਿਆ।ਅਤੇ ਪੰਜ ਪਿਆਰੇ ਸਾਹਿਬਾਨਾਂ ਨੂੰ ਸਿਰਪਾਉ ਦੇਕੇ ਸਨਮਾਨਿਤ ਕੀਤਾ। ਅਤੇ ਸੰਗਤਾਂ ਲਈ ਖੁੱਲਾ ਲੰਗਰ ਲਾ ਗਿਆ। ਇਸ ਮੌਕੇ ਤੇ ਸੇਠ ਪੱਪੂ ਜੀ , ਹੈਡ ਗ੍ਰੰਥੀ ਭਾਈ ਜਸਵੰਤ ਸਿੰਘ,ਜਥੇਦਾਰ ਹਰਗੋਪਾਲ ਸਿੰਘ ਆਦਿ ਸੰਗਤਾਂ ਹਾਜ਼ਰ ਸਨ।




### ਡਿਜ਼ੀਟਲ ਵਿੱਤੀ ਸ਼ਾਖਰਤਾ ਲਈ ਮਹਿਲਾ ਸੂਖਮ ਉਦਮੀਆਂ ਦੀ ਮਜ਼ਬੂਤੀ ਵਜੋਂ

# ਪਿੰਡ ਸਤੌਜ ਤੋਂ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ



**ਸਤੌਜ/ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਨੇ ਮਹਿਲਾ ਸਸ਼ਕਤੀਕਰਨ ਦੀ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਪੁਲਾਂਘ ਪੁੱਟੀ ਹੈ।ਸੰਗਰੂਰ ਪ੍ਰਸ਼ਾਸਨ ਨੇ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦੇ ਸਹਿਯੋਗ ਨਾਲ ਡਿਜ਼ੀਟਲ ਵਿੱਤੀ ਸ਼ਾਖਰਤਾ ਲਈ ਮਹਿਲਾ ਸੂਖਮ ਉਦਮੀਆਂ ਦੀ ਮਜ਼ਬੂਤੀ ਵਜੋਂ ਪਿੰਡ ਸਤੌਜ ਤੋਂ ਪਾਇਲਟ ਪ੍ਰੋਜੈਕਟ ਆਰੰਭਿਆ ਹੈ ਜਿਸ ਦਾ ਆਗਾਜ਼ ਅੱਜ ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਦੀ ਮੌਜੂਦਗੀ ਵਿੱਚ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਮਾਤਾ ਹਰਪਾਲ ਕੌਰ ਅਤੇ ਭੈਣ ਮਨਪ੍ਰੀਤ ਕੌਰ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਪਹਿਲ ਪ੍ਰੋਜੈਕਟ ਨਾਲ ਜੁੜੀਆਂ ਉੱਦਮੀ ਔਰਤਾਂ ਨੂੰ ਆਪਣੇ ਵਪਾਰ ਦਾ ਪੱਧਰ ਉੱਚਾ ਚੁੱਕਣ ਦੇ ਸਮਰੱਥ ਬਣਾਉਣ ਲਈ ਗੁਰਮੁਖੀ ਭਾਸ਼ਾ ਵਿੱਚ ਤਿਆਰ ਮੋਬਾਈਲ ਐਪਲੀਕੇਸ਼ਨ 'ਮੇਰਾਬਿੱਲਜ਼ ਐਪ' ਲਾਂਚ ਕੀਤੀ ਗਈ ਜਿਸ ਨਾਲ ਇਨ੍ਹਾਂ ਔਰਤਾਂ ਨੂੰ ਆਪਣਾ ਹਿਸਾਬ ਕਿਤਾਬ ਰੱਖਣ ਵਿਚ ਮਦਦ ਮਿਲੇਗੀ। ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਵਿੱਚ ਪੇਂਡੂ ਔਰਤਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ 3741 ਸਵੈ ਸਹਾਇਤਾ ਸਮੂਹ ਕਾਰਜਸ਼ੀਲ ਹਨ ਅਤੇ ਇਨ੍ਹਾਂ ਗਰੁੱਪਾਂ ਦੀਆਂ ਮਹਿਲਾ ਮੈਂਬਰ ਵੱਖ-ਵੱਖ ਉਤਪਾਦ ਆਪਣੇ ਹੱਥੀਂ ਤਿਆਰ ਕਰਕੇ ਵਿਕਰੀ ਕਰਦੇ ਹਨ ਅਤੇ ਪ੍ਰਸ਼ਾਸਨ ਦੀ ਮਦਦ ਨਾਲ ਬੈਂਕਾਂ ਤੋਂ ਸਮੇਂ ਸਮੇਂ 'ਤੇ ਕਰਜ਼ੇ ਹਾਸਲ ਕਰਕੇ ਆਪਣੇ ਵਿੱਤੀ ਹਾਲਾਤ ਨੂੰ ਮਜ਼ਬੂਤ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਵੱਲੋਂ ਨਾਰੀ ਸ਼ਕਤੀ ਦੀ ਮਜ਼ਬੂਤੀ ਤਹਿਤ ਸੀ.ਐਸ.ਆਰ ਤਹਿਤ ਪਹਿਲੇ ਪੜਾਅ ਵਜੋਂ ਜ਼ਿਲ੍ਹਾ ਸੰਗਰਰ ਦੀਆਂ ਕਰੀਬ 5 ਹਜ਼ਾਰ ਪੇਂਡੂ ਔਰਤਾਂ ਨੂੰ 'ਮੇਰਾਬਿੱਲਜ਼ ਐਪ' ਨਾਲ ਜੋੜਨ ਲਈ ਡਿਜ਼ੀਟਲ ਵਿੱਤੀ ਸਾਖਰਤਾ ਪ੍ਰੋਜੈਕਟ ਲਾਗੂ ਕੀਤਾ ਗਿਆ ਹੈ ਜਿਸ ਤਹਿਤ ਔਰਤਾਂ ਨੂੰ ਆਨਲਾਈਨ ਪ੍ਰਣਾਲੀ ਨਾਲ ਜੋੜ ਕੇ ਸਮੇਂ ਦਾ ਹਾਣੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮੋਬਾਇਲ ਐਪ ਨੂੰ ਔਰਤਾਂ ਦੇ ਵਿਸ਼ਾਲ ਹਿੱਤਾਂ ਦੇ ਸਨਮੁੱਖ ਤਿਆਰ ਕੀਤਾ ਗਿਆ ਹੈ।

**ਡੀ.ਸੀ. ਸੰਦੀਪ ਰਿਸ਼ੀ ਦੀ ਮੌਜੂਦਗੀ ਵਿੱਚ ਮਾਤਾ ਹਰਪਾਲ ਕੌਰ ਤੇ ਮਨਪ੍ਰੀਤ ਕੌਰ ਨੇ ਕੀਤੀ ਸ਼ੁਰੂਆਤ**

ਸਮਾਗਮ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਭੈਣ ਮਨਪ੍ਰੀਤ ਕੌਰ ਨੇ ਕਿਹਾ ਕਿ ਪਿੰਡਾਂ ਦੀਆਂ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਦੀ ਦਿਸ਼ਾ ਵਿੱਚ ਇਹ ਇੱਕ ਅਹਿਮ ਉਪਰਾਲਾ ਹੈ ਅਤੇ ਵੱਧ ਤੋਂ ਵੱਧ ਔਰਤਾਂ ਨੂੰ ਇਸ ਦਾ ਲਾਭ ਉਠਾਉਣਾ ਚਾਹੀਦਾ ਹੈ।

ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦੇ ਵਾਈਸ ਚੇਅਰਮੈਨ ਸ਼੍ਰੀ ਸਚਿਤ ਜੈਨ ਨੇ ਦੱਸਿਆ ਕਿ ਮਹਿਲਾ ਸੂਖਮ ਉਦਮੀਆਂ ਨੂੰ ਆਪਣੇ ਵਪਾਰ ਦੇ ਵਿਸਥਾਰ 'ਚ ਸਮਰੱਥ ਬਣਾਉਣ ਲਈ ਇਹ ਉਪਰਾਲਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸਤੌਜ ਵਿੱਚ ਉਨ੍ਹਾਂ ਦੀ ਕੰਪਨੀ ਵੱਲੋਂ ਕੁਝ ਹੋਰ ਨਿਵੇਕਲੀਆਂ ਪਹਿਲਕਦਮੀਆਂ ਵੀ ਕੀਤੀਆਂ ਜਾ ਰਹੀਆਂ ਹਨ ਜਿਸ ਤਹਿਤ ਪੰਜਾਬ ਸਰਕਾਰ ਕੋਲੋਂ ਸਤੌਜ ਜਾਂ ਨੇੜਲੇ ਪਿੰਡਾਂ ਵਿੱਚ ਮੀਆਂ ਵਾਕੀ ਜੰਗਲ ਤਿਆਰ ਕਰਨ ਲਈ ਲਗਭਗ 20 ਏਕੜ ਜ਼ਮੀਨ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸਤੌਜ ਵਿੱਚ ਈ-ਕਲਾਸਰੂਮ, ਹੁਨਰ ਵਿਕਾਸ ਕੇਂਦਰ, ਸਿਲਾਈ ਕੇਂਦਰ ਵੀ ਸਥਾਪਤ ਕੀਤਾ ਜਾਵੇਗਾ ਤਾਂ ਜੋ ਇਥੇ ਵੱਧ ਤੋਂ ਵੱਧ ਸਵੈ ਰੁਜ਼ਗਾਰ ਨੂੰ ਵੱਧ ਤੋਂ ਵੱਧ ਹੁੰਗਾਰਾ ਦਿੱਤਾ ਜਾ ਸਕੇ। ਸਮਾਗਮ ਦੌਰਾਨ ਮੇਰਾਬਿੱਲਸ ਐਪ ਦੇ ਸੀ.ਈ.ਓ ਪੀਆ ਬਹਾਦੁਰ ਨੇ ਵੀ ਸੰਬੋਧਨ ਕੀਤਾ। ਇਸ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਅਤੇ ਗ੍ਰਾਮ ਪੰਚਾਇਤ ਦੀ ਤਰਫੋਂ ਵੱਖ-ਵੱਖ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ।

ਅਖੀਰ ਵਿੱਚ ਮਾਤਾ ਹਰਪਾਲ ਕੌਰ, ਮਨਪ੍ਰੀਤ ਕੌਰ ਸਮੇਤ ਹੋਰ ਸ਼ਖ਼ਸੀਅਤਾਂ ਨੇ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਵੱਲੋਂ ਗਿੱਲਾ ਤੇ ਸੁੱਕਾ ਕੂੜਾ ਇਕੱਤਰ ਕਰਨ ਲਈ ਮੁਹੱਈਆ ਕਰਵਾਏ ਗਏ 10 ਈ-ਰਿਕਸ਼ਾ ਵੀ ਝੰਡੀ ਦਿਖਾ ਕੇ ਰਵਾਨਾ ਕੀਤੇ ਗਏ। ਉਨ੍ਹਾਂ ਨੇ ਸਵੈ ਸਹਾਇਤਾ ਸਮੂਹਾਂ ਦੁਆਰਾ ਕੀਤੇ ਗਏ ਸਮਾਨ ਦੇ ਸਟਾਲਾਂ ਦਾ ਵੀ ਨਿਰੀਖਣ ਕੀਤਾ ਅਤੇ ਮਹਿਲਾ ਸੂਖਮ ਉਦਮੀਆਂ ਦੀ ਮਿਹਨਤ ਦੀ ਸ਼ਲਾਘਾ ਕੀਤੀ।

ਸਮਾਗਮ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸੁਖਚੈਨ ਸਿੰਘ ਪਾਪੜਾ, ਐਸ.ਡੀ.ਐਮ ਪ੍ਰਮੋਦ ਸਿੰਗਲਾ, ਵੀ.ਐਸ.ਐਸ.ਐਲ ਤੋਂ ਅਮਿਤ ਧਵਨ ਅਤੇ ਹਰਨੇਕ ਸਿੰਘ, ਸਰਪੰਚ ਸਤੌਜ ਹਰਬੰਸ ਸਿੰਘ, ਡੀ.ਪੀ.ਐਮ ਸੌਰਭ ਬਾਂਸਲ ਸਮੇਤ ਵੱਡੀ ਗਿਣਤੀ ਵਿੱਚ ਹੋਰ ਸ਼ਖਸੀਅਤਾਂ ਤੇ ਪਿੰਡ ਵਾਸੀ ਮੌਜੂਦ ਸਨ।

# ਪੀਡਬਲਿਊਡੀ ਦੇ ਆਊਟ ਸੋਰਸ ਮੁਲਾਜ਼ਮ ਨਾਲ ਸਰਕਾਰ ਨੇ ਕੀਤਾ ਧੱਕਾ



**ਚੌਂਕ ਮਹਿਤਾ, 7 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੀਡਬਲਿਊਡੀ ਦੇ ਆਊਟ ਸੋਰਸ ਮੁਲਾਜ਼ਮ ਨਾਲ ਸਰਕਾਰ ਨੇ ਕੀਤਾ ਧੱਕਾ ਇਹ ਮੁਲਾਜ਼ਮ ਲੰਬੇ ਸਮੇਂ ਤੋਂ ਬਿਜਲੀ ਨਾਲ ਸੰਬੰਧਿਤ ਸੇਵਾਵਾਂ ਨਿਭਾ ਰਹੇ ਸੀ ਸ੍ਰੀ ਗੁਰੂ ਨਾਨਕ ਦੇਵ ਹਸਪਤਾਲ ਵਿੱਚ ਅਤੇ ਮੈਡੀਕਲ ਕਾਲਜ ਵਿੱਚ ਇਹਨਾਂ ਮੁਲਾਜ਼ਮਾਂ ਦੀਆਂ ਮੰਗਾਂ ਮਸਲੇ ਹੱਲ ਕਰਨ ਦੀ ਬਜਾਏ ਇਹਨਾਂ ਮੁਲਾਜ਼ਮਾਂ ਨੂੰ ਟਰਮੀਨੇਟ ਕਰਾ ਦਿੱਤਾ ਗਿਆ ਹਸਪਤਾਲ ਅਤੇ ਮੈਡੀਕਲ ਕਾਲਜ ਦੀ ਮੈਨੇਜਮੈਂਟ ਨੇ ਰਲ ਕੇ ਪੀਡਬਲੂਡੀ ਦੀ ਮੈਨਜਮੈਂਟ ਦੇ ਅਫਸਰਾਂ ਨਾਲ ਰਲ ਕੇ ਆਊਟਸੋਰਸ ਮੁਲਾਜ਼ਮ ਨਾਲ ਕੀਤਾ ਧੱਕਾ ਇਹਨਾਂ ਮੁਲਾਜ਼ਮਾਂ ਦੀਆਂ ਤਨਖਾਹਾਂ ਦੇ ਫੰਡਾਂ ਦੇ ਵਿੱਚੋਂ ਵੀ ਮਾਰੇ ਅਫਸਰਾਂ ਨੇ ਰਲ ਮਿਲ ਕੇ ਮਾਰੇ ਡਾਕੇ ਇਹ ਮੁਲਾਜ਼ਮ ਤਾਂ ਕਹਿੰਦੇ ਸਾਨੂੰ ਕਰੋਨਾ ਕਾਲ ਟਾਈਮ ਦੇ ਏਰੀਅਲ ਬਕਾਏ ਤੱਕ ਨਹੀਂ ਮਿਲੇ ਅਸੀਂ ਇਹਨਾਂ ਫੰਡਾਂ ਦੀ ਮੰਗ ਕੀਤੀ ਤੇ ਹਸਪਤਾਲ ਅਤੇ ਪੀਡਬਲਿਊਡੀ ਦੀ ਮੈਨੇਜਮੈਂਟ ਨੇ ਰਲ ਕੇ ਸਾਨੂੰ ਨੌਕਰੀ ਤੋਂ ਹੀ ਬਾਹਰ ਕਰ ਦਿੱਤਾ ਗਿਆ ਸਰਕਾਰ ਨੂੰ ਚਾਹੀਦਾ ਸੀ ਇਹਨਾਂ ਮੰਗਾਂ ਮਸਲਿਆਂ ਦਾ ਹੱਲ ਕਰਨ ਹਸਪਤਾਲ ਅਤੇ ਮੈਡੀਕਲ ਕਾਲਜ ਅਤੇ ਪੀਡਬਲਿਊਡੀ ਦੀ ਮੈਨੇਜਮੈਂਟ ਨੂੰ ਨੱਥ ਪਾਉਣੀ ਚਾਹੀਦੀ ਸੀ ਇਹ ਕਈ ਸਾਲਾਂ ਤੋਂ ਅਫਸਰ ਧੱਕੇਸ਼ਾਹੀ ਕਰ ਰਹੇ ਨੇ ਸਰਕਾਰ ਕਿਉਂ ਨਹੀਂ ਇਨਾ ਅਫਸਰਾਂ ਉੱਤੇ ਕਾਰਵਾਈ ਕਰਦੀ ਇਹ ਤਾਂ ਪਹਿਲੀਆਂ ਸਰਕਾਰਾਂ ਨਾਲੋਂ ਵੀ ਨਿਕੰਮੀ ਸਰਕਾਰ ਹੈ। ਜੋ ਕੀ ਮੰਗਾਂ ਮਸਲੇ ਹੱਲ ਕਰਨ ਦੀ ਬਜਾਏ ਇਹਨਾਂ ਮੁਲਾਜ਼ਮਾਂ ਨੂੰ ਨੌਕਰੀ ਤੋਂ ਹੀ ਬਾਹਰ ਕਰ ਦਿੱਤਾ ਗਿਆ ਪਰ ਇਸ ਫੈਸਲੇ ਦੀ ਨਿਖੇਦੀ ਕਰਦੇ ਹੈ ਭਾਰਤੀ ਜਥੇਬੰਦੀਆਂ ਠੇਕਾ ਸੰਘਰਸ਼ ਮੋਰਚਾ ਅਤੇ ਕਿਸਾਨ ਯੂਨੀਅਨ ਬੀਕੇਯੂ ਏਕਤਾ ਉਗਰਾਹਾਂ ਦੇ ਪ੍ਰਧਾਨ ਕਸ਼ਮੀਰ ਸਿੰਘ ਧਨਾਈ ਡਾਕਟਰ ਪਰਮਿੰਦਰ ਸਿੰਘ ਟੀਸੀਯੂਐਲ ਯੂਨੀਅਨ ਦੇ ਪ੍ਰਧਾਨ ਮਲਕੀਤ ਸਿੰਘ ਸਿੰਸਰਾ ਅਤੇ ਪੀਡਬਲਿਊਡੀ ਯੂਨੀਅਨ ਪੰਜਾਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਗਗਨ ਜੀ ਇਸ ਮੋਰਚੇ ਦੀ ਡਟਵੀਂ ਹਮਾਇਤ ਕਰਦੇ ਹਾ ਇਸ ਸਮੇਂ ਹਾਜ਼ਰ ਸਾਥੀ ਹਰਮਿੰਦਰ ਸਿੰਘ,ਧਰਮਵੀਰ ਸਿੰਘ ਕੁਲਵੰਤ ਸਿੰਘ, ਬਖਸ਼ੀਸ਼ ਸਿੰਘ ਜਸਵਿੰਦਰ ਸਿੰਘ ਝੰਡੇਰ, ਜਗਜੀਤ ਸਿੰਘ,ਮਨਜੀਤ ਸਿੰਘ, ਸੰਦੀਪ ਸਿੰਘ, ਕੁਲਦੀਪ ਸਿੰਘ ਭਲਵਾਨ, ਸੰਜੇ ਨਰੇਸ਼ ਬਾਬਾ ਕੁਲਵੰਤ ਸਿੰਘ, ਸੇਵਾ ਸਿੰਘ ਮਲਕੀਤ ਸਿੰਘ, ਬਲਵਿੰਦਰ ਸਿੰਘ ਯੂਸਫ ਸ਼ਾਮ ਸੁੰਦਰ ਇਸ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

### ਗੁਰਦੁਆਰਾ ਬਾਬਾ ਸ਼ਾਮ ਸਿੰਘ ਮੋਰੀਗੇਟ ਵਿਖੇ

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ





**ਜੰਡਿਆਲਾ ਗੁਰੂ, 7 ਜਨਵਰੀ ( ਕੁਲਵੰਤ ਸਿੰਘ ਵਿਰਦੀ)**-ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਲੈਕੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਵਲੋਂ ਧਾਰਮਿਕ ਸਮਾਗਮ ਕਰਵਾਏ ਜਾ ਰਹੇ, ਜਿਸ ਦੇ ਚੱਲਦਿਆਂ ਗੁਰਦੁਆਰਾ ਬਾਬਾ ਸ਼ਾਮ ਸਿੰਘ ਮੋਰੀਗੇਟ ਜੰਡਿਆਲਾ ਗੁਰੂ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਿੰਨ ਰੋਜ਼ ਤੋਂ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ ਸਨ ਬੀਤੇ ਦਿਨ 6 ਜਨਵਰੀ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਭੋਗ ਤੋਂ ਉਪਰੰਤ ਕੀਰਤਨ ਦਰਬਾਰ ਕਰਵਾਇਆ ਗਿਆ, ਜਿਸ ਵਿਚ ਗੁਰਦੁਆਰਾ ਸਾਹਿਬ ਜੀ ਦੇ ਹਜ਼ੂਰੀ ਰਾਗੀ ਜਥਾ ਭਾਈ ਹਰਭਜਨ ਸਿੰਘ ਅਤੇ ਭਾਈ ਸਰਬਜੀਤ ਸਿੰਘ ਨੇ ਕੀਰਤਨ ਦੀ ਹਾਜ਼ਰੀ ਲਵਾਈ ਤੇ ਸੰਗਤਾਂ ਨੂੰ ਧੁਰ ਕੀ ਬਾਣੀ ਇਲਾਹੀ ਗੁਰਬਾਣੀ ਦੇ ਰਸਭਿੰਨੇ ਸ਼ਬਦ ਕੀਰਤਨ ਕਰਕੇ ਨਿਹਾਲ ਕੀਤਾ ਅਤੇ ਸਮਾਪਤੀ ਮੌਕੇ ਗੁਰੂ ਘਰ ਦੇ ਗ੍ਰੰਥੀ ਸਿੰਘ ਸਾਹਿਬ ਜੀ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਅਰਦਾਸ ਉਪਰੰਤ ਪਾਵਨ ਹੁਕਮਨਾਮਾ ਉਚਾਰਨ ਕੀਤਾ ਗਿਆ ਉਪਰੰਤ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਕੜਾਹ ਪ੍ਰਸ਼ਾਦ ਦੀ ਦੇਗ. ਵਰਤਾਈ ਗਈ ਅਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੀ ਚਲਾਈ ਗਈ ਪੰਗਤ ਮਰਿਆਦਾ ਚ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

### ਕਬੱਡੀ ਫੈਡਰੇਸ਼ਨ ਦੇ ਮੁਕਾਬਲੇ ਪਿੰਡ ਮੌਲੀ ਵਿਖੇ

# ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਾਰੀ ਪੰਜਾਬ ਪ੍ਰਧਾਨ ਅਤੇ ਭਾਈ ਰਜਿੰਦਰ ਸਿੰਘ ਜੀ ਰਾਜਾ ਵਿਸ਼ੇਸ਼ ਤੌਰ ਤੇ ਪਹੁੰਚੇ






**(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)** ਮਿਤੀ 4 ਜਨਵਰੀ ਨੂੰ ਅੰਡਰ 14 ਮੇਜਰ ਦੀ ਕਬੱਡੀ ਫੈਡਰੇਸ਼ਨ ਦੇ ਮੁਕਾਬਲੇ ਪਿੰਡ ਮੌਲੀ ਵਿਖੇ ਕਰਵਾਏ ਗਏ ਜਿਸ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਵਿਸ਼ੇਸ਼ ਤੌਰ ਤੇ ਹਾਜਰ ਹੋਏ ਅਤੇ ਫੈਡਰੇਸ਼ਨ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਭਾਈ ਰਜਿੰਦਰ ਸਿੰਘ ਜੀ ਰਾਜਾ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਇੰਟਰਨੈਸ਼ਨਲ ਪੰਥਕ ਦਲ, ਲੱਖਨ ਸਿੰਘ ਕਬੱਡੀ ਕੋਚ, ਗੁਰਮੁੱਖ ਸਿੰਘ ਕਬੱਡੀ ਕੋਚ, ਚੇਅਰਮੈਨ ਹਾਕਮ ਸਿੰਘ ਜੀ ਟੋਨਾ ਬਰਾੜ, ਜਨਰਲ ਸਕੱਤਰ ਟੋਨੀ ਸੰਧੂ ਰੁੜਕਾ ਕਲਾ, ਗੁਰਪਾਲ ਸਿੰਘ ਪਾਲਾ ਮੌਲੀ, ਵਾਈਸ ਪ੍ਰਧਾਨ ਸੱਜਣ ਸਿੰਘ ਸੰਤੂ ਨੰਗਲ, ਮਨਜੀਤ ਸਿੰਘ ਖੋਖਰ ਫੌਜੀਆਂ, ਕਾਕਾ ਕਲੇਰ, ਬਾਊ ਔਲਖ, ਅਵਤਾਰ ਸਿੰਘ ਤਾਰੀ ਬਠਿੰਡਾ, ਕੁਲਵਿੰਦਰ ਸਿੰਘ ਕਾਲਾ ਸਰਪੰਚ ਅਠੌਲੀ, ਨਿੱਕਾ ਭਾਣੋਕੀ ਮਨਪ੍ਰੀਤ ਜਗਤਪੁਰੀਆ ਆਦਿਕ ਹੋਰ ਮੋਹਤਵਰ ਸੱਜਣ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਗ੍ਰੰਥ ਸਾਹਿਬ ਵਲੋਂ ਦਿੱਤੇ ਉਪਦੇਸ਼ ਤੇ ਚੱਲਣਾ ਚਾਹੀਦੈ : ਚੇਅਰਮੈਨ ਬੱਲ



**ਚੌਕ ਮਹਿਤਾ, 7 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 358 ਵੇਂ ਪ੍ਰਕਾਸ਼ ਪੁਰਬ ਮੌਕੇ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਚੇਅਰਮੈਨ ਸ੍ਰ ਮਲਕੀਤ ਸਿੰਘ ਬੱਲ ਗੁਰਦਆਰਾ ਸ੍ਰੀ ਹਰਿਮੰਦਰ ਸਾਹਿਬ ਪਟਨਾ ਵਿਖੇ ਨਤਮਸਤਕ ਹੋਏ ਇਸ ਮੌਕੇ ਚੇਅਰਮੈਨ ਬੱਲ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਧਰਮ ਅਤੇ ਮਨੁੱਖਤਾ ਦੀ ਰਾਖੀ ਲਈ ਆਪਣਾ ਸਾਰਾ ਪਰਿਵਾਰ ਹੀ ਕੁਰਬਾਨ ਕਰ ਦਿੱਤਾ ਜਿਨ੍ਹਾਂ ਦੀ ਬਹਾਦਰੀ ਤੇ ਸਬਰ ਦੀ ਮਿਸਾਲ ਕਿਧਰੇ ਨਹੀਂ ਮਿਲਦੀ ਉਨਾ ਕਿਹਾ ਕਿ ਸਾਨੂੰ ਸਾਰਿਆ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਲੋ ਦਿੱਤੇ ਉਪਦੇਸ਼ ਤੇ ਚੱਲ ਕੇ ਗੁਰੂ ਘਰ ਵਿੱਚ ਵੱਧ ਤੋਂ ਵੱਧ ਸੇਵਾ ਕਰਨੀ ਚਾਹੀਦੀ ਹੈ ਚੇਅਰਮੈਨ ਬੱਲ ਨੇ ਦੇਸ਼ ਵਿਦੇਸ਼ ਚ ਵਸਦੀ ਸਮੂਹ ਸੰਗਤ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਇਸ ਮੌਕੇ ਗੁਰਦਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ ਜਗਜੋਤ ਸਿੰਘ ਸੋਹੀ ਵਲੋ ਚੇਅਰਮੈਨ ਮਲਕੀਤ ਸਿੰਘ ਬੱਲ ਨੂੰ ਸਨਮਾਨਿਤ ਕੀਤਾ ਗਿਆ।।

ਆਵਾਜ਼ਿ ਕੌਮ AWAZE QAUM International Newspaper & WEB TV

# ਚਾਈਨਾ ਡੋਰ ਸਭ ਤੋਂ ਵਧੇਰੇ ਖਤਰਨਾਕ: ਗੁਰਿੰਦਰ ਸਿੰਘ ਮੱਟੂ



**ਚੌਕ ਮਹਿਤਾ, 7 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਣ ਧੀਆਂ 'ਤੇ ਸਮਾਜ ਭਲਾਈ ਸੋਸਾਇਟੀ ਅੰਮ੍ਰਿਤਸਰ ਦੇ ਪ੍ਰਧਾਨ ਅਤੇ ਪ੍ਰਸਿੱਧ ਸਮਾਜ ਸੇਵਕ ਗੁਰਿੰਦਰ ਸਿੰਘ ਮੱਟੂ ਣੇ ਕਿਹਾ ਕੇ ਚਾਈਨਾ ਡੋਰ ਸਿਰਫ਼ ਇਨਸਾਨਾਂ ਲਈ ਹੀ ਨਹੀ ਸਗੋ ਜਾਨਵਰਾਂ ਅਤੇ ਪੰਛੀਆਂ ਲਈ ਵੀ ਵਧੇਰੇ ਖ਼ਤਰਨਾਕ ਹੈ। ਪ੍ਰਸ਼ਾਸਨ ਵੱਲੋਂ ਇਸ 'ਤੇ ਪਾਬੰਧੀ ਦੇ ਬਾਵਜੂਦ ਇਸ ਦੀ ਵਿਕਰੀ ਅੰਨ੍ਹੇਵਾਹ ਜਾਰੀ ਹੈ। ਇਸ ਚਾਈਨਾ ਡੋਰ ਨਾਲ ਜ਼ਿਆਦਾ ਤਰ ਬੱਚੇ ਅਤੇ ਨੌਜਵਾਨ ਪਤੰਗ ਉਡਾ ਰਹੇ ਹਨ। ਨਾਈਲੋਨ ਦੀ ਬਣੀ ਡੋਰ ਹੁੰਦੀ ਹੈ ਜਿਸ ਉੱਪਰ ਲੋਹੇ ਦਾ ਬੁਰਾਦਾ ਚੜਾ ਦਿੱਤਾ ਜਾਂਦਾ ਹੈ। ਇਸ ਕਾਰਨ ਇਹ ਆਸਾਨੀ ਨਾਲ ਨਹੀ ਟੁੱਟਦੀ। ਇਸ ਕਾਰਨ ਇਹ ਪਸ਼ੂਆਂ, ਪੰਛੀਆਂ ਅਤੇ ਲੋਕਾਂ ਲਈ ਹੋਰ ਵੀ ਖਤਰਨਾਕ ਹੋ ਜਾਂਦੀ ਹੈ। ਅਸਮਾਨ ਵਿੱਚ ਉੱਡਦੇ ਪੰਛੀ ਇਸ ਵਿਚ ਫਸ ਕੇ ਬੁਰੀ ਤਰ੍ਹਾਂ ਜ਼ਖ਼ਮੀ ਹੋ ਰਹੇ ਹਨ। ਏਨਾ ਹੀ ਨਹੀਂ ਇਸ ਡੋਰ ਕਾਰਨ ਪਿਛਲੇ ਕੁਝ ਸਮੇਂ 'ਚ ਜ਼ਿਲ੍ਹੇ 'ਚ ਕਈ ਘਟਨਾਵਾਂ ਸਾਹਮਣੇ ਆ ਚੁੱਕੀਆਂ ਹਨ। ਇਸ ਡੋਰ ਕਾਰਨ ਕਈ ਲੋਕ ਗੰਭੀਰ ਜ਼ਖਮੀ ਹੋ ਗਏ ਹਨ। ਬਿਜਲੀ ਦੇ ਝਟਕੇ ਦਾ ਵੀ ਖਤਰਾ ਹੁੰਦਾ ਹੈ, ਜਦੋ ਇਹ ਡੋਰ ਬਿਜਲੀ ਦੀਆ ਤਾਰਾ ਦੇ ਸੰਪਰਕ ਵਿੱਚ ਆਉਂਦੀ ਹੈ, ਤਾਂ ਇਹ ਬਿਜਲੀ ਦੇ ਝਟਕੇ ਦਾ ਕਾਰਨ ਬਣਦੀ ਹੈ, ਜਿਸ ਨਾਲ ਮੌਤ ਵੀ ਹੋ ਸਕਦੀ ਹੈ। ਇਸ ਦੇ ਬਾਵਜੂਦ ਇਸ ਦੀ ਵਰਤੋਂ ਕਈ ਸਾਲਾ ਤੋਂ ਜਾਰੀ ਹੈ। ਭਾਵੇਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਾਈਨਾ ਡੋਰ ਦਾ ਬਾਈਕਾਟ ਕਰਨ ਅਤੇ ਸਾਧਾਰਨ ਡੋਰ ਦੀ ਵਰਤੋਂ ਕਰਨ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਪਰ ਇਹ ਯਤਨ ਸਫ਼ਲ ਹੁੰਦੇ ਨਜ਼ਰ ਨਹੀਂ ਆ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

# ਖ਼ਾਲਸਾ ਗਲੋਬਲ ਰੀਚ ਫ਼ਾਊਂਡੇਸ਼ਨ ਵੱਲੋਂ ਖ਼ਾਲਸਾ ਕਾਲਜ ਵੂਮੈਨ ਅਤੇ ਗਰਲਜ਼ ਸੀ: ਸੈਕੰ: ਸਕੂਲ ਨੂੰ ਸਹਾਇਤਾ ਵਜੋਂ ਚੈਕ ਕੀਤਾ ਭੇਂਟ

**ਅੰਮ੍ਰਿਤਸਰ, 7 ਜਨਵਰੀ (ਆਵਾਜ਼ਿ ਕੌਮ ਬਿਊਰੋ)**—ਖਾਲਸਾ ਗਲੋਬਲ ਰੀਚ ਫਾਊਂਡੇਸ਼ਨ (ਅਮਰੀਕਾ) ਵੱਲੋਂ ਖਾਲਸਾ ਕਾਲਜ ਫ਼ਾਰ ਵੂਮੈਨ ਅਤੇ ਖ਼ਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀਆਂ ਹੋਣਹਾਰ ਅਤੇ ਜ਼ਰੂਰਤਮੰਦ ਬੱਚੀਆਂ ਦੀ ਸਹਾਇਤਾ ਲਈ ਕ੍ਰਮਵਾਰ 5 ਅਤੇ 1 ਲੱਖ ਦਾ ਚੈਕ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੂੰ ਭੇਂਟ ਕੀਤਾ ਗਿਆ। ਸ: ਛੀਨਾ ਨੇ ਕੌਂਸਲ ਦੇ ਜੁਆਇੰਟ ਸਕੱਤਰ ਸ: ਗੁਨਬੀਰ ਸਿੰਘ ਦੀ ਮੌਜੂਦਗੀ 'ਚ ਫਾਊਂਡੇਸ਼ਨ ਦੇ ਕੋਆਰਡੀਨੇਟਰ ਡਾ. ਸਰਬਜੀਤ ਸਿੰਘ ਹੁਸ਼ਿਆਰ ਨਗਰ ਦੁਆਰਾ ਭੇਂਟ ਕੀਤੇ ਉਕਤ ਚੈਕਾਂ ਨੂੰ ਮੌਕੇ 'ਤੇ ਹੀ ਖ਼ਾਲਸਾ ਯੂਨੀਵਰਸਿਟੀ ਦੇ ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ ਅਤੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਪੁਨੀਤ ਕੌਰ ਨਾਗਪਾਲ ਨੂੰ ਸੌਂਪ ਦਿੱਤਾ ਗਿਆ। ਇਸ ਮੌਕੇ ਸ: ਛੀਨਾ ਨੇ ਯੋਗ ਵਿਦਿਆਰਥਣਾਂ ਲਈ ਰਾਹਤ ਵਜੋਂ ਦਿੱਤੇ ਗਏ ਉਕਤ ਚੈਕ ਸਬੰਧੀ ਗੱਲਬਾਤ ਕਰਦਿਆਂ ਕਿਹਾ ਕਿ ਯੂ. ਐਸ. ਏ. ਤੋਂ ਫਾਊਂਡੇਸ਼ਨ ਦੇ ਸਰਪ੍ਰਸਤ ਡਾ. ਬਖਸ਼ੀਸ਼ ਸਿੰਘ ਵੱਲੋਂ ਪਹਿਲਾਂ ਵੀ ਵਿਸ਼ੇਸ਼ ਮਾਲੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ। ਉਨ੍ਹਾਂ ਇਸ ਮੌਕੇ ਗਲੋਬਲ ਰੀਚ ਫ਼ਾਊਂਡੇਸ਼ਨ ਦੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸਹਾਇਤਾ ਨਾਲ ਗਰੀਬ ਪਰਿਵਾਰ ਤੋਂ ਮੈਰੀਟੋਰੀਅਸ ਬੱਚੀਆਂ ਆਪਣੀ ਪੜ੍ਹਾਈ ਜਾਰੀ ਰੱਖ ਸਕਣਗੀਆਂ। ਉਨ੍ਹਾਂ ਕਿਹਾ ਕਿ ਫ਼ਾਊਂਡੇਸ਼ਨ ਦਾ ਲੋੜਵੰਦ ਬੱਚਿਆਂ ਦੀ ਭਲਾਈ ਲਈ ਕੀਤਾ ਜਾ ਰਿਹਾ ਕਾਰਜ ਸ਼ਲਾਘਾਯੋਗ ਹੈ। ਇਸ ਮੌਕੇ ਡਾ. ਸੁਰਿੰਦਰ ਕੌਰ ਅਤੇ ਪ੍ਰਿੰ: ਨਾਗਪਾਲ ਨੇ ਸਾਂਝੇ ਤੌਰ 'ਤੇ ਕਿਹਾ ਕਿ ਇਹ ਸਹਾਇਤਾ ਜਰੂਰਤਮੰਦ ਪਰ ਹੋਣਹਾਰ ਬੱਚੀਆਂ ਤੱਕ ਪਹੁੰਚੇਗੀ ਤੇ ਉਹ ਇਸ ਲਈ ਖ਼ਾਲਸਾ ਗਲੋਬਲ ਰੀਚ ਫ਼ਾਊਂਡੇਸ਼ਨ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਸ਼ੁਕਰਗੁਜ਼ਾਰ ਹਨ। ਇਸ ਮੌਕੇ ਉਨ੍ਹਾਂ ਜਾਣਕਾਰੀ ਦਿੰਦਿਆ ਦੱਸਿਆ ਕਿ ਫ਼ਾਊਂਡੇਸ਼ਨ ਵੱਲੋਂ ਉਕਤ ਰਾਸ਼ੀ ਚੈਕ ਸ: ਹੁਸ਼ਿਆਰ ਨਗਰ ਰਾਹੀਂ ਭੇਜੇ ਗਏ ਹਨ, ਜੋ ਕਿ ਸ: ਛੀਨਾ ਵੱਲੋਂ ਪ੍ਰਾਪਤ ਕਰ ਲਏ ਗਏ ਹਨ। ਇਸ ਮੌਕੇ ਸ: ਹੁਸ਼ਿਆਰ ਨਗਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਕਤ ਇੰਟਰਨੈਸ਼ਨਲ ਦੀ ਯੂ. ਐਸ. ਏ. ਤੋਂ ਫਾਊਂਡੇਸ਼ਨ ਦੇ ਸਰਪ੍ਰਸਤ ਡਾ. ਬਖਸ਼ੀਸ਼ ਸਿੰਘ, ਸ: ਕਾਰਜ ਸਿੰਘ, ਪ੍ਰਧਾਨ ਸ੍ਰੀਮਤੀ ਗੁਰਵਰਿੰਦਰ ਕੌਰ ਦਾ ਇਹ ਮਕਸਦ ਸੀ ਕਿ ਉਹ ਆਰਥਿਕ ਪੱਖੋਂ ਕਮਜ਼ੋਰ ਜ਼ਰੂਰਤਮੰਦ ਅਤੇ ਪੜ੍ਹਣ ਵਾਲੇ ਵਿਦਿਆਰਥੀਆਂ ਦੀ ਸਹਾਇਤਾ ਲਈ ਯਤਨ ਕਰਨ। ਜਿਨ੍ਹਾਂ ਦੇ ਇਸੇ ਟੀਚੇ ਤਹਿਤ ਅੱਜ ਵੂਮੈਨ ਕਾਲਜ ਲਈ ਸਾਲ ਦੀ ਕੁਲ 8 ਲੱਖ 'ਚੋਂ ਪਹਿਲੀ ਕਿਸ਼ਤ ਵਜੋਂ ਡਾ. ਸੁਰਿੰਦਰ ਕੌਰ ਕੌਰ ਨੂੰ ਵਿਦਿਆਰਥਣਾਂ ਲਈ 5 ਲੱਖ ਅਤੇ ਸਕੂਲ ਲਈ ਸਾਲ ਦੇ ਕੁਲ ਡੇਢ ਲੱਖ 'ਚੋਂ 1 ਲੱਖ ਰੁਪਏ ਦਾ ਚੈਕ ਪ੍ਰਿੰ: ਨਾਗਪਾਲ ਨੂੰ ਭੇਂਟ ਕੀਤਾ ਗਿਆ ਹੈ। ਉਨ੍ਹਾਂ ਨੇ ਖਾਲਸਾ ਕਾਲਜ ਮੈਨੇਜ਼ਮੈਂਟ ਦੇ ਵਿੱਦਿਆ ਪ੍ਰਸਾਰ ਪ੍ਰਤੀ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਹਮੇਸ਼ਾਂ ਹੀ ਖ਼ਾਲਸਾ ਕਾਲਜ ਸੰਸਥਾਵਾਂ ਦੀ ਮਦਦ ਲਈ ਤਿਆਰ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਧੰਨ ਧੰਨ ਪੂਰਨ ਬ੍ਰਹਮ ਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਨਿੱਕੇ ਘੁੰਮਣਾ ਵਾਲਿਆਂ ਦੇ ਪਾਵਨ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਅੰਗੀਠਾ ਸਾਹਿਬ ਵਿਖੇ

# ਸਤਿਕਾਰਯੋਗ ਬਾਬਾ ਬੁੱਧ ਸਿੰਘ ਜੀ ਨਾਲ ਗੁਰਮਤਿ ਵਿਚਾਰਾਂ ਹੋਈਆਂ : ਭਾਈ ਕਪਤਾਨ ਸਿੰਘ ਯੂ. ਕੇ.




ਧੰਨ ਧੰਨ ਪੂਰਨ ਬ੍ਰਹਮ ਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਨਿੱਕੇ ਘੁੰਮਣਾ ਵਾਲਿਆਂ ਦੇ ਪਾਵਨ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਅੰਗੀਠਾ ਸਾਹਿਬ ਵਿਖੇ ਸਤਿਕਾਰਯੋਗ ਬਾਬਾ ਬੁੱਧ ਸਿੰਘ ਜੀ ਨਾਲ ਜਿੱਥੇ ਗੁਰਮਤਿ ਵਿਚਾਰਾਂ ਹੋਈਆਂ ਉੱਥੇ ਗੁਰਦੁਆਰਾ ਸਾਹਿਬ ਵਿੱਚ ਚੱਲ ਰਹੀਆਂ ਸੇਵਾਵਾਂ ਬਾਰੇ ਬਾਬਾ ਜੀ ਨੇ ਜਾਣਕਾਰੀ ਦਿੱਤੀ ਕੇ ਸੰਗਤਾਂ ਵਾਸਤੇ ਵੱਡ ਮੁਲੀਆ ਸੇਵਾਵਾਂ ਹੋ ਰਹੀਆਂ ਹਨ ਅਤੇ ਨਾਲ ਹੀ 2 ਫ਼ਰਵਰੀ 2025 ਨੂੰ ਬਾਬਾ ਹਜ਼ਾਰਾਂ ਸਿੰਘ ਜੀ ਦਾ ਆਸਣ ਅਸਥਾਨ ਸੰਗਤਾਂ ਦੇ ਦਰਸ਼ਨਾਂ ਲਈ ਖੋਲ੍ਹਿਆ ਜਾਵੇਗਾ ਜਿਸ ਵਿੱਚ ਬਾਬਾ ਹਜ਼ਾਰਾ ਸਿੰਘ ਜੀ ਦੇ ਸਮੇ ਪਾਠ ਵਾਲੀਆਂ ਪੋਥੀਆਂ ਸਾਖੀਆਂ ਬਾਬਾ ਜੀ ਦੇ ਬਸਤਰ ਬਰਤਨ ਆਦਿਕ ਸੁਸ਼ੋਭਿਤ ਕੀਤੇ ਜਾਣਗੇ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

### ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਦੀ ਅਗਵਾਈ ਹੇਠ ਜਾ ਰਹੇ

# ਜਥੇ ਨੂੰ ਖਰੜ ਨੇੜੇ ਰੋਕਿਆ

## ਪੰਜਾਬ ਅਤੇ ਕੇਂਦਰ ਸਰਕਾਰ ਦੀਆਂ ਧੱਕੇਸ਼ਾਹੀਆਂ ਮੁੜ ਮਾਹੌਲ ਖਰਾਬ ਕਰਨਗੀਆਂ : ਸਿੰਘ ਸਾਹਿਬ









**ਖਰੜ, 7 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਕੌਮੀ ਇਨਸਾਫ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਪਿਛਲੇ ਦੋ ਸਾਲ ਤੋਂ ਚੱਲ ਰਹੇ ਸੰਘਰਸ਼ ਵਿੱਚ ਤੇਜੀ ਲਿਆਉਣ ਲਈ ਜੋ ਅੱਜ ਪ੍ਰੋਗਰਾਮ ਉਲੀਕਿਆ ਗਿਆ ਸੀ, ਉਸ ਵਿੱਚ ਸ਼ਾਮਲ ਹੋਣ ਜਾ ਰਹੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਦੇ ਜਥੇ ਨੂੰ ਪੰਜਾਬ ਪੁਲਿਸ ਨੇ ਚੰਡੀਗੜ੍ਹ ਨੇੜੇ ਖਰੜ ਵਿਖੇ ਹੀ ਅੱਗੇ ਜਾਣ ਤੋਂ ਰੋਕ ਲਿਆ। ਇੱਥੇ ਹੀ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਸਿੱਖ ਬੰਦੀ ਰਿਹਾਅ ਨਾ ਕੀਤੇ ਜਾਣ ਦੇ ਮਾਮਲੇ ਵਿੱਚ ਰੋਸ ਪ੍ਰਗਟ ਕਰਦੇ ਹੋਏ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਕਿਹਾ ਕਿ ਸਿਰਫ ਪੰਜਾਬ ਦੇ ਹੀ ਸਿੱਖ ਪਿਛਲੇ 30 ਸਾਲਾਂ ਤੋਂ ਜੇਲ੍ਹਾਂ ਵਿੱਚ ਬੰਦ ਹਨ। ਹੋਰ ਕਿਸੇ ਵੀ ਸਟੇਟ ਦਾ ਕੋਈ ਵਿਅਕਤੀ 30 ਸਾਲਾਂ ਤੋਂ ਜੇਲ੍ਹਾਂ ਵਿੱਚ ਬੰਦ ਨਹੀਂ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਬੰਧੀ ਬੋਲਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਬਣਨ ਤੋਂ ਪਹਿਲਾਂ ਉਹ ਸਾਡੇ ਰੋਸ ਪ੍ਰਦਰਸ਼ਨਾਂ ਵਿੱਚ ਸ਼ਾਮਲ ਹੋ ਕੇ ਸਾਡੀਆਂ ਮੰਗਾਂ ਨੂੰ ਜਾਇਜ਼ ਕਹਿੰਦੇ ਰਹੇ ਹਨ, ਪਰ ਹੁਣ ਮੁੱਖ ਮੰਤਰੀ ਬਣ ਕੇ ਬਹਾਨੇ ਲਗਾ ਰਹੇ ਹਨ। ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦਾ ਮਾਮਲਾ ਕੇਂਦਰ ਸਰਕਾਰ ਦਾ ਹੈ। ਸਿੰਘ ਸਾਹਿਬ ਨੇ ਸਵਾਲ ਕੀਤਾ ਕਿ ਦੂਸਰੀਆਂ ਸਟੇਟਾਂ ਵਿੱਚ ਬੰਦ ਸਿੱਖਾਂ ਦਾ ਮਾਮਲਾ ਕੇਂਦਰ ਸਰਕਾਰ ਦਾ ਹੋ ਸਕਦਾ ਹੈ, ਪਰ ਜੋ ਸਿੱਖ ਪੰਜਾਬ ਦੀਆਂ ਜੇਲ੍ਹਾਂ ਵਿੱਚ ਬੰਦ ਹਨ, ਉਹ ਮਾਮਲਾ ਪੰਜਾਬ ਸਰਕਾਰ ਤੱਕ ਸੀਮਤ ਹੈ। ਸਿੰਘ ਸਾਹਿਬ ਨੇ ਇਸ ਮੌਕੇ ਕਿਹਾ ਕਿ ਭਗਵੰਤ ਸਿੰਘ ਮਾਨ ਅਤੇ ਨਰਿੰਦਰ ਮੋਦੀ ਪੰਜਾਬ ਦੇ ਸਿੱਖਾਂ, ਕਿਸਾਨਾਂ ਅਤੇ ਪੰਜਾਬ ਦੀਆਂ ਹੋਰ ਮੰਗਾਂ ਦੇ ਮਾਮਲੇ ਵਿੱਚ ਜਿਸ ਤਰ੍ਹਾਂ ਦੀ ਸਾਜਿਸ਼ੀ ਪਹੁੰਚ ਅਪਣਾ ਰਹੇ ਹਨ, ਉਸ ਦੇ ਚੱਲਦਿਆਂ ਪੰਜਾਬ ਦੇ ਮਾਹੌਲ ਮੁੜ ਖਰਾਬ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਦੋ ਸਾਲ ਤੋਂ ਮੋਹਾਲੀ ਵਿੱਚ ਕੌਮੀ ਇਨਸਾਫ ਮੋਰਚੇ ਦਾ ਸੰਘਰਸ਼ ਚੱਲ ਰਿਹਾ ਹੈ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾ ਖੁਦ ਆਇਆ ਅਤੇ ਨਾ ਹੀ ਆਪਣੇ ਕਿਸੇ ਮੰਤਰੀ ਨੂੰ ਭੇਜਿਆ। ਮੁੱਖ ਮੰਤਰੀ ਨੇ ਸਿੱਖਾਂ ਦੇ ਮਸਲੇ ਹੱਲ ਕਰਨ ਲਈ ਨਾ ਕੋਈ ਸਰਵ ਪਾਰਟੀ ਮੀਟਿੰਗ ਬੁਲਾਈ ਅਤੇ ਨਾ ਹੀ ਸੰਤ ਸਮਾਜ ਨਾਲ ਕੋਈ ਗੱਲਬਾਤ ਕੀਤੀ। ਸਿੰਘ ਸਾਹਿਬ ਨੇ ਕਿਹਾ ਕਿ ਮੁੱਖ ਮੰਤਰੀ ਕਈ ਸਿਆਣੇ ਚੰਗੀ ਸੂਝ-ਬੂਝ ਵਾਲੇ ਸਿਵਲ ਅਤੇ ਪੁਲਿਸ ਅਫਸਰਾਂ ਤੋਂ ਚੰਗੀ ਸਲਾਹ ਲੈਣ ਦੀ ਥਾਂ ਸਿਵਲ ਅਤੇ ਪੁਲਿਸ ਵਿਭਾਗ ਦੇ ਕੁੱਝ ਸਾਬਕਾ ਅਧਿਕਾਰੀਆਂ ਦੇ ਹੱਥਾਂ ਵਿੱਚ ਖੇਡ ਰਹੇ ਹਨ। ਇਹ ਸਾਬਕਾ ਅਧਿਕਾਰੀ ਗਲਤ ਸਲਾਹਾਂ ਦੇ ਕੇ ਮੁੱਖ ਮੰਤਰੀ ਨੂੰ ਗੁੰਮਰਾਹ ਕਰ ਰਹੇ ਹਨ। ਇਸ ਮੌਕੇ ਸਿੰਘ ਸਾਹਿਬ ਦੇ ਨਾਲ ਜਥੇ ਵਿੱਚ ਸ਼ਾਮਲ ਬਾਬਾ ਗੁਰਮੀਤ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਚਮਕੌਰ ਸਿੰਘ ਭਾਈ ਰੂਪਾ ਵਾਲੇ, ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜਕਾਰੀ ਪ੍ਰਧਾਨ ਬਾਬਾ ਜਤਿੰਦਰ ਸਿੰਘ ਗੋਬਿੰਦਬਾਗ ਵਾਲੇ, ਬਾਬਾ ਸਤਨਾਮ ਸਿੰਘ ਵਲੀਆ ਮੁਖੀ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ, ਸ਼੍ਰੋਮਣੀ ਕਮੇਟੀ ਮੈਂਬਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲੇ, ਜਥੇਦਾਰ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਭਾਈ ਕਿਰਪਾ ਸਿੰਘ ਨੱਥੂਵਾਲਾ ਪ੍ਰਧਾਨ ਕਿਸਾਨ ਬਚਾਓ ਮੋਰਚਾ ਅਤੇ ਹੋਰ ਸ਼ਖਸੀਅਤਾਂ ਸੰਗਤਾਂ ਸਮੇਤ ਹਾਜਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243